ਵੈਸਾਖ
ਸੰਮਤ ਨਾਨਕਸ਼ਾਹੀ 551

ਅਪ੍ਰੈਲ 2019

2/- ਰੁਪਏ

ਮਾਸਿਕ

# ਗੁਰਦੁਆਰਾ ਗਜ਼ਟ



ਖ਼ਾਲਸੇ ਦੀ ਜਨਮ ਭੂਮੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ।



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਫ਼ਤਰ ਸਕੱਤਰੇਤ ਵਿਖੇ ਨਾਨਕਸ਼ਾਹੀ ਕੈਲੰਡਰ ਸੰਮਤ 551 ਜਾਰੀ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਰਾਜਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਖਵਰਸ਼ ਸਿੰਘ ਪੰਨੂ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਅਤੇ ਹੋਰ।

(9 ਮਾਰਚ)

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਵੈਸਾਖ — ਨਾਨਕਸ਼ਾਹੀ ਸੰਮਤ ੫੫੧
ਅੰਕ ੪ — ਜਿਲਦ ੯੬
ਅਪ੍ਰੈਲ — ੨੦੧੯

**ਸੰਪਾਦਕ** — **ਦਿਲਜੀਤ ਸਿੰਘ 'ਬੇਦੀ'**
**ਐਸੋਸੀਏਟ ਸੰਪਾਦਕ** — **ਹਰਭਜਨ ਸਿੰਘ 'ਵਕਤਾ'**

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |



***Website : www.sgpc.net***
***E-mail : gurdwaragazette@gmail.com***
***info@sgpc.net***
***Phone: 0183-255 3956-60, Ext. 254***


## *ਜ਼ਰੂਰੀ ਬੇਨਤੀ*

ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇੱਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

---


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੮ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

---

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ। ਮਿਤੀ 15-04-2019

***ਪ੍ਰਤੀ ਕਾਪੀ 2/-ਰੁਪਏ***


## ਲੇਖ ਸੂਚੀ


| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ | ੮ |
| ਖ਼ਾਲਸਾ ਸਾਜਣਾ ਦੀ ਗੌਰਵਮਈ ਦਾਸਤਾਨ *-ਭਾਈ ਗੋਬਿੰਦ ਸਿੰਘ ਲੌਂਗੋਵਾਲ* | ੯ |
| ਬਿਹਾਰ ਦੇ ਸਿੱਖ: ਇੱਕ ਅਧਿਐਨ *-ਸ. ਜਗਮੋਹਨ ਸਿੰਘ* | ੧੧ |
| ਤਖ਼ਤ ਸ੍ਰੀ ਦਮਦਮਾ ਸਾਹਿਬ *-ਸ. ਦੇਵਿੰਦਰ ਸਿੰਘ ਜੀਆ ਨੱਥਾ* | ੨੧ |
| ਕਾਰਵਾਈ ਬਜਟ ਇਜਲਾਸ | ੨੪ |
| ਸ਼੍ਰੋਮਣੀ ਕਮੇਟੀ ਖ਼ਬਰਨਾਮਾ | ੪੮ |
| ਹਿਸਾਬ-ਕਿਤਾਬ | ੯੨ |


## English Section


| | |
|---|---|
| Historical Events | 108 |
| Sri Guru Gobind Singh Ji *- S. Surjit Singh 'Gandhi'* | 110 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ ਮਹੀਨਾ ਵੈਸਾਖ

* ਕਿਵਾੜ ਖੁੱਲ੍ਹਣ ਦਾ ਸਮਾਂ — ੨-੧੫ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ — ੨-੧੫ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ — ੩-੧੫ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ — ੪-੧੫ ਵਜੇ ਸਵੇਰੇ
* ਪਹਿਲਾ ਹੁਕਮਨਾਮਾ — ੪-੪੫ ਵਜੇ ਸਵੇਰੇ
* ਪਹਿਲੀ ਅਰਦਾਸ — ੫-੧੫ ਵਜੇ ਸਵੇਰੇ
* ਸ੍ਰੀ ਆਸਾ ਦੀ ਵਾਰ ਦੀ ਸਮਾਪਤੀ — ੬-੧੫ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ — ੬-੩੦ ਵਜੇ ਸਵੇਰੇ
* ਸ਼ਾਮ ਨੂੰ ਸੋ ਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ — ੧੦-੧੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ — ੧੦-੩੦ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ — ੧੦-੪੫ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬*
*ਫੋਨ : ੦੦੯੧-੧੮੩-੨੫੫੩੯੫੭,੫੮,੫੯*

# ੧੬ ਅਪ੍ਰੈਲ ਤੋਂ ੧੫ ਮਈ ਤਕ ਦੇ ਇਤਿਹਾਸਕ ਦਿਹਾੜੇ

| | | |
|---|---|---|
| ੧੭ ਅਪ੍ਰੈਲ | (ੳ) | ਸਿੱਖਾਂ ਨੇ ਲਾਹੌਰ 'ਤੇ ਕਬਜ਼ਾ ਕਰ ਲਿਆ ਤੇ ਇਸ ਤਰ੍ਹਾਂ ਪੰਜਾਬ 'ਚੋਂ ਅਫ਼ਗਾਨੀ ਹਕੂਮਤ ਦਾ ਖ਼ਾਤਮਾ ਹੋ ਗਿਆ। (੧੭-੪-੧੭੬੫) |
| | (ਅ) | ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਲਈ ਰਵਾਨਾ ਹੋਇਆ। (੧੭-੪-੧੯੨੫) |
| ੨੧ ਅਪ੍ਰੈਲ | | ਪ੍ਰਸਿੱਧ ਸਿੱਖ ਵਿਦਵਾਨ ਗਿਆਨੀ ਦਿੱਤ ਸਿੰਘ ਦਾ ਜਨਮ ਹੋਇਆ। (੨੧-੪-੧੮੫੩) |
| ੨੪ ਅਪ੍ਰੈਲ | (ੳ) | ਅਕਾਲੀ ਦਲ ਨੇ ਪੰਜਾਬੀ ਸੂਬੇ ਲਈ ਇਕ ਸ਼ਾਂਤਮਈ ਅੰਦੋਲਨ ਸ਼ੁਰੂ ਕਰਨ ਦਾ ਫੈਸਲਾ ਕੀਤਾ। (੨੪-੪-੧੯੫੫) |
| | (ਅ) | ਅਕਾਲੀ ਦਲ ਨੇ ਸਤਲੁਜ-ਯਮੁਨਾ ਲਿੰਕ ਨਹਿਰ ਦੀ ਉਸਾਰੀ ਬੰਦ ਕਰਨ ਲਈ ਮੋਰਚਾ ਸ਼ੁਰੂ ਕੀਤਾ। (੨੪-੪-੧੯੮੨) |
| ੨੫ ਅਪ੍ਰੈਲ | | ਮਹਾਰਾਜਾ ਰਣਜੀਤ ਸਿੰਘ ਅਤੇ ਈਸਟ ਇੰਡੀਆ ਕੰਪਨੀ (ਅੰਗਰੇਜ਼ਾਂ) ਦਰਮਿਆਨ ਅੰਮ੍ਰਿਤਸਰ ਦੀ ਸੰਧੀ ਹੋਈ। (੨੫-੪-੧੮੦੯) |
| ੨੬ ਅਪ੍ਰੈਲ | | ਕਰਤਾਰਪੁਰ (ਜਲੰਧਰ) ਦੀ ਲੜਾਈ ਜਿਸ ਵਿਚ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਯੋਧੇ- ਭਾਈ ਫੱਤਾ ਜੀ, ਭਾਈ ਅਮੀਆ ਜੀ, ਭਾਈ ਕਿਸ਼ਨਾ ਜੀ, ਭਾਈ ਨੱਥੀਆ ਜੀ, ਭਾਈ ਮਾਧੋ ਜੀ ਆਦਿ ਸ਼ਹੀਦੀ ਪ੍ਰਾਪਤ ਕਰ ਗਏ। (੨੬-੪-੧੬੩੫) |
| ੨੭ ਅਪ੍ਰੈਲ | | ਜੈਤੋਂ ਦੇ ਮੋਰਚੇ ਲਈ ੧੦੧ ਸਿੱਖਾਂ ਦਾ ਵਿਸ਼ੇਸ਼ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਨਾ ਹੋਇਆ। (੨੭-੪-੧੯੨੫) |
| ੨੯ ਅਪ੍ਰੈਲ | (ੳ) | ਫਗਵਾੜੇ ਵਿਖੇ ਹੋਈ ਲੜਾਈ ਵਿਚ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਯੋਧੇ- ਭਾਈ ਦੇਸਾ ਜੀ, ਭਾਈ ਸੁਹੇਲਾ ਜੀ, ਭਾਈ ਜਗੂ ਜੀ ਆਦਿ ਸ਼ਹੀਦੀਆਂ ਪ੍ਰਾਪਤ ਕਰ ਗਏ। (੨੯-੪-੧੬੩੫) |
| | (ਅ) | ਸ਼੍ਰੋਮਣੀ ਅਕਾਲੀ ਦਲ ਨੇ ਚੰਡੀਗੜ੍ਹ ਪੰਜਾਬ ਨੂੰ ਦੇਣ ਲਈ ਮੋਰਚਾ ਲਾਉਣ ਦਾ ਐਲਾਨ ਕੀਤਾ। (੨੯-੪-੧੯੬੮) |
| ੩੦ ਅਪ੍ਰੈਲ | (ੳ) | ਬੀਬੀ ਭਾਨੀ ਜੀ (ਸਪੁੱਤਰੀ ਸ੍ਰੀ ਗੁਰੂ ਅਮਰਦਾਸ ਜੀ) ਦਾ ਜਨਮ ਹੋਇਆ। (੩੦-੪-੧੫੩੩) |
| | (ਅ) | ਜਰਨੈਲ ਸ. ਹਰੀ ਸਿੰਘ ਨਲੂਆ ਨੇ ਜਮਰੌਦ ਵਿਖੇ ਸ਼ਹੀਦੀ ਪਾਈ। (੩੦-੪-੧੮੩੭) |
| ੩ ਮਈ | | ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦਾ ਜਨਮ ਹੋਇਆ। (੩-੫-੧੭੧੮) |
| ੫ ਮਈ | | ਭਾਰਤ ਸਰਕਾਰ ਨੇ ਪੰਜਾਬ ਦੀਆਂ ਸਿੱਖ ਰਿਆਸਤਾਂ ਤੋੜ ਕੇ 'ਪੈਪਸੂ' ਸੂਬਾ ਕਾਇਮ ਕਰ ਦਿੱਤਾ। (੫-੫-੧੯੪੮) |
| ੬ ਮਈ | | ਦਿੱਲੀ ਪੁਲੀਸ ਨੇ ਗੁ: ਸੀਸ ਗੰਜ ਸਾਹਿਬ 'ਤੇ ਫਾਇਰਿੰਗ ਕੀਤੀ। (੬-੫-੧੯੩੦) |
| ੯ ਮਈ | | ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਲਈ ਰਵਾਨਾ ਹੋਇਆ। (੯-੫-੧੯੨੪) |

| | | |
|---|---|---|
| ੧੦ ਮਈ | (ੳ) | ਪਿਸ਼ਾਵਰ ਵਿਖੇ ਸਿੱਖਾਂ ਤੇ ਪਠਾਣਾਂ ਦੇ ਹੋਏ ਕਤਲਾਂ ਦੇ ਰੋਸ ਵਜੋਂ ਮਾਸਟਰ ਤਾਰਾ ਸਿੰਘ ਉਥੇ ਇਕ ਜਥਾ ਲੈ ਕੇ ਗਏ। (੧੦-੫-੧੯੩੦) |
| | (ਅ) | ''ਪੰਜਾਬੀ ਸੂਬਾ ਜ਼ਿੰਦਾਬਾਦ'' ਦੇ ਨਾਅਰੇ 'ਤੇ ਲਾਈ ਅਣ-ਐਲਾਨੀ ਪਾਬੰਦੀ ਦੇ ਖ਼ਿਲਾਫ਼ ਅਕਾਲੀ ਦਲ ਨੇ ਮੋਰਚਾ ਲਾਇਆ। (੧੦-੫-੧੯੫੫) |
| ੧੧ ਮਈ | (ੳ) | ਰਾਮਰਾਇ ਪਾਉਂਟਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਾਸ ਪੁੱਜਾ ਤੇ ਆਪਣੇ ਕੀਤੇ ਦੀ ਮੁਆਫੀ ਮੰਗੀ। (੧੧-੫-੧੬੮੫) |
| | (ਅ) | ਅਕਾਲੀ ਦਲ ਨੇ 'ਸਿੱਖ ਇੱਕ ਕੌਮ ਹਨ' ਦਾ ਮਤਾ ਪਾਸ ਕੀਤਾ। (੧੧-੫-੧੯੮੧) |
| ੧੪ ਮਈ | | ਸਿੱਖਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਦੀ ਅਗਵਾਈ ਵਿਚ ਸਰਹਿੰਦ ਫਤਹਿ ਕੀਤੀ। (੧੪-੫-੧੭੧੦) |
| ੧੫ ਮਈ | | ਰਾਣੀ ਜਿੰਦ ਕੌਰ (ਰਾਣੀ ਜਿੰਦਾਂ) ਨੂੰ ਬਨਾਰਸ ਵਿਖੇ ਲਿਜਾਇਆ ਗਿਆ ਅਤੇ ਉਸ ਦੀ ਪੈਨਸ਼ਨ ਵੀ ਸਾਲਾਨਾ ੪੮੦੦੦/-ਤੋਂ ਘਟਾ ਕੇ ੧੨੦੦੦/-ਕਰ ਦਿੱਤੀ ਗਈ। (੧੫-੫-੧੮੪੮) |


## ਬੈਚੁਲਰ ਆਫ਼ ਮੈਨੇਜਮੈਂਟ ਸਟੱਡੀਜ਼ (ਗੁਰਦੁਆਰਾ ਮੈਨੇਜਮੈਂਟ) ਕੋਰਸ

ਵਿਸ਼ਵ ਭਰ ਦੇ ਗੁਰਦੁਆਰਾ ਸਾਹਿਬਾਨ ਵਿਚ ਸੇਵਾ ਕਰਨ ਵਾਲੇ ਉੱਤਮ ਦਰਜੇ ਦੇ ਮੁਲਾਜ਼ਮ/ਪ੍ਰਬੰਧਕ ਤਿਆਰ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਵਿਖੇ ਤਿੰਨ ਸਾਲਾ ਬੈਚੁਲਰ ਆਫ਼ ਮੈਨੇਜਮੈਂਟ ਸਟੱਡੀਜ਼ (ਗੁਰਦੁਆਰਾ ਮੈਨੇਜਮੈਂਟ) ਕੋਰਸ ਅਕਾਦਿਮਕ ਸੈਸ਼ਨ 2019-20 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਕੋਰਸ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਤੋਂ ਮਾਨਤਾ ਪ੍ਰਾਪਤ ਹੋਵੇਗਾ।

* ਉਮਰ ਹੱਦ 25 ਸਾਲ ਹੋਵੇਗੀ ਅਤੇ ਬਾਰਵੀਂ ਪਾਸ ਗੁਰਸਿੱਖ ਅਪਲਾਈ ਕਰ ਸਕਦਾ ਹੈ।
* ਸਾਲਾਨਾ ਫ਼ੀਸ 15000/- ਰੁਪਏ ਹੋਵੇਗੀ।
* ਆਰਥਿਕ ਤੌਰ 'ਤੇ ਕਮਜ਼ੋਰ, ਹੋਣਹਾਰ ਤੇ ਗੁਰਸਿੱਖੀ ਵਿਚ ਪ੍ਰਪੱਕ ਵਿਦਿਆਰਥੀਆਂ ਨੂੰ ਵਜ਼ੀਫਾ ਵੀ ਦਿੱਤਾ ਜਵੇਗਾ।
* ਸਿਖਿਆਰਥੀਆਂ ਦੀ ਰਿਹਾਇਸ਼ ਅਤੇ ਖਾਣੇ ਦਾ ਮੁਫਤ ਪ੍ਰਬੰਧ ਹੋਵੇਗਾ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : 75270-56756

ਈ-ਮੇਲ : tohrainstitute@gmail.com

**ਸਕੱਤਰ,**

**ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।**

**ਗੁਰਬਾਣੀ ਵਿਚਾਰ:**

# ਵੈਸਾਖੁ ਸੁਹਾਵਾ ਤਾਂ ਲਗੈ...

**ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ॥**
**ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ॥**
**ਪੁਤ੍ਰ ਕਲਤ੍ਰ ਨ ਸੰਗਿ ਧਨਾ ਹਰਿ ਅਵਿਨਾਸੀ ਓਹੁ॥**
**ਪਲਚਿ ਪਲਚਿ ਸਗਲੀ ਮੁਈ ਝੂਠੈ ਧੰਧੈ ਮੋਹੁ॥**
**ਇਕਸੁ ਹਰਿ ਕੇ ਨਾਮ ਬਿਨੁ ਅਗੈ ਲਈਅਹਿ ਖੋਹਿ॥**
**ਦਯੁ ਵਿਸਾਰਿ ਵਿਗੁਚਣਾ ਪ੍ਰਭ ਬਿਨੁ ਅਵਰੁ ਨ ਕੋਇ॥**
**ਪ੍ਰੀਤਮ ਚਰਣੀ ਜੋ ਲਗੇ ਤਿਨ ਕੀ ਨਿਰਮਲ ਸੋਇ॥**
**ਨਾਨਕ ਕੀ ਪ੍ਰਭ ਬੇਨਤੀ ਪ੍ਰਭ ਮਿਲਹੁ ਪਰਾਪਤਿ ਹੋਇ॥**
**ਵੈਸਾਖੁ ਸੁਹਾਵਾ ਤਾਂ ਲਗੈ ਜਾ ਸੰਤੁ ਭੇਟੈ ਹਰਿ ਸੋਇ॥੩॥**

*(ਪੰਨਾ ੧੩੩)*

(ਵੈਸਾਖੀ ਵਾਲਾ ਦਿਨ ਹਰੇਕ ਇਸਤਰੀ-ਮਰਦ ਵਾਸਤੇ ਰੀਝਾਂ ਵਾਲਾ ਦਿਨ ਹੁੰਦਾ ਹੈ, ਪਰ) ਵੈਸਾਖ ਵਿਚ ਉਨ੍ਹਾਂ ਇਸਤਰੀਆਂ ਦਾ ਦਿਲ ਕਿਵੇਂ ਖਲੋਵੇ ਜੋ ਪਤੀ ਤੋਂ ਵਿਛੁੜੀਆਂ ਪਈਆਂ ਹਨ, ਜਿਨ੍ਹਾਂ ਦੇ ਅੰਦਰ ਪਿਆਰ (ਦੇ ਪ੍ਰਗਟਾਵੇ) ਦੀ ਅਣਹੋਂਦ ਹੈ, (ਇਸ ਤਰ੍ਹਾਂ ਉਸ ਜੀਵ ਨੂੰ ਧੀਰਜ ਕਿਵੇਂ ਆਵੇ ਜਿਸ ਨੂੰ) ਸੱਜਣ-ਪ੍ਰਭੂ ਵਿਸਾਰ ਕੇ ਮਨ-ਮੋਹਣੀ ਮਾਇਆ ਚੰਬੜੀ ਹੋਈ ਹੈ?

ਨਾ ਪੁੱਤਰ, ਨਾ ਇਸਤਰੀ, ਨਾ ਧਨ, ਕੋਈ ਭੀ ਮਨੁੱਖ ਦੇ ਨਾਲ ਨਹੀਂ ਨਿਭਦਾ, ਇਕ ਅਬਿਨਾਸੀ ਪਰਮਾਤਮਾ ਹੀ ਅਸਲ ਸਾਥੀ ਹੈ। ਨਾਸ਼ਵੰਤ ਧੰਦੇ ਦਾ ਮੋਹ (ਸਾਰੀ ਲੋਕਾਈ ਨੂੰ ਹੀ) ਵਿਆਪ ਰਿਹਾ ਹੈ, (ਮਾਇਆ ਦੇ ਮੋਹ ਵਿਚ) ਮੁੜ-ਮੁੜ ਫਸ ਕੇ ਸਾਰੀ ਲੋਕਾਈ ਹੀ (ਆਤਮਿਕ ਮੌਤੇ) ਮਰ ਰਹੀ ਹੈ। ਇਕ ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾਂ ਹੋਰ ਜਿਤਨੇ ਭੀ ਕਰਮ ਇਥੇ ਕਰੀਦੇ ਹਨ, ਉਹ ਸਾਰੇ ਮਰਨ ਤੋਂ ਪਹਿਲਾਂ ਹੀ ਖੋਹ ਲਏ ਜਾਂਦੇ ਹਨ (ਭਾਵ, ਉਹ ਉੱਚੇ ਆਤਮਿਕ ਜੀਵਨ ਦਾ ਅੰਗ ਨਹੀਂ ਬਣ ਸਕਦੇ)।

ਪਿਆਰ-ਸਰੂਪ ਪ੍ਰਭੂ ਨੂੰ ਵਿਸਾਰ ਕੇ ਖ਼ੁਆਰੀ ਹੀ ਹੁੰਦੀ ਹੈ, ਪਰਮਾਤਮਾ ਤੋਂ ਬਿਨਾਂ ਜਿੰਦ ਦਾ ਹੋਰ ਕੋਈ ਸਾਥੀ ਹੀ ਨਹੀਂ ਹੁੰਦਾ। ਪ੍ਰਭੂ-ਪ੍ਰੀਤਮ ਦੀ ਚਰਨੀਂ ਜਿਹੜੇ ਬੰਦੇ ਲੱਗਦੇ ਹਨ, ਉਨ੍ਹਾਂ ਦੀ (ਲੋਕ-ਪਰਲੋਕ ਵਿਚ) ਭਲੀ ਸ਼ੋਭਾ ਹੁੰਦੀ ਹੈ।

ਹੇ ਪ੍ਰਭੂ! (ਤੇਰੇ ਦਰ 'ਤੇ) ਮੇਰੀ ਬੇਨਤੀ ਹੈ ਕਿ ਮੈਨੂੰ ਤੇਰਾ ਦਿਲ-ਰੱਜਵਾਂ ਮਿਲਾਪ ਨਸੀਬ ਹੋਵੇ। (ਰੁੱਤ ਫਿਰਨ ਨਾਲ ਚੁਫੇਰੇ ਬਨਸਪਤੀ ਪਈ ਸੁਹਾਵਣੀ ਹੋ ਜਾਏ, ਪਰ) ਜਿੰਦ ਨੂੰ ਵੈਸਾਖ ਦਾ ਮਹੀਨਾ ਤਦੋਂ ਹੀ ਸੋਹਣਾ ਲੱਗ ਸਕਦਾ ਹੈ, ਜੇ ਹਰੀ ਸੰਤ-ਪ੍ਰਭੂ ਮਿਲ ਪਏ ॥੩॥

■

*ਸੰਪਾਦਕੀ...*

# ਖ਼ਾਲਸਾ ਸਾਜਣਾ: ਸਿੱਖਾਂ ਦੀ ਆਜ਼ਾਦ ਹੋਂਦ ਦਾ ਖੁੱਲ੍ਹਾ ਐਲਾਨ

*ਸਿੱਖ ਕੌਮ ਦਾ ਸਮੁੱਚਾ ਇਤਿਹਾਸ ਲਾਸਾਨੀ ਹੈ। ਗੁਰੂ ਸਾਹਿਬਾਨ ਵੱਲੋਂ ਦਰਸਾਈ ਵਿਚਾਰਧਾਰਾ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਨਿਵੇਕਲੀ ਅਤੇ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿਚ ਲੈਣ ਵਾਲੀ ਹੈ। ਸਿੱਖ ਸਿਧਾਂਤਾਂ, ਇਤਿਹਾਸ, ਰਹਿਣੀ, ਕਦਰਾਂ-ਕੀਮਤਾਂ ਦੀ ਪਛਾਣ ਹੋਰਨਾਂ ਤੋਂ ਉਭਰਵੀਂ ਤੇ ਸਮਾਜ ਲਈ ਆਦਰਸ਼ਕ ਹੈ। ਇਸੇ ਦਾ ਹੀ ਕਾਰਨ ਹੈ ਕਿ ਅੱਜ ਵਿਸ਼ਵ ਵਿਚ ਸਿੱਖ ਕੌਮ ਦੇ ਬੋਲ ਬਾਲੇ ਹਨ। ਖ਼ਾਲਸਈ ਪਛਾਣ ਅਤੇ ਰਹਿਣੀ ਦੇਸ਼ ਦੁਨੀਆਂ ਦੀਆਂ ਹੱਦਾਂ-ਸਰਹੱਦਾਂ ਤੋਂ ਪਾਰ ਵਿਸ਼ਵ-ਵਿਆਪੀ ਪ੍ਰਸੰਗ ਵਿਚ ਆਪਣੀ ਹੋਂਦ ਪੱਕੇ ਤੌਰ 'ਤੇ ਦਰਸਾ ਚੁੱਕੀ ਹੈ। ਅੱਜ ਅਨੇਕਾਂ ਸਿੱਖ, ਵਿਕਸਤ ਦੇਸ਼ਾਂ ਅੰਦਰ ਸਰਕਾਰ ਦਾ ਹਿੱਸਾ ਬਣ ਕੇ ਸਿੱਖੀ ਦੀ ਖੁਸ਼ਬੋਈ ਦੁਨੀਆਂ ਅੰਦਰ ਫੈਲਾ ਰਹੇ ਹਨ। ਸਿੱਖ ਦੁਨੀਆਂ ਵਿੱਚ ਜਿਥੇ ਵੀ ਵਸੇ ਹਨ ਆਪਣੇ ਇਤਿਹਾਸ ਨਾਲ ਸਬੰਧਤ ਦਿਹਾੜਿਆਂ ਨੂੰ ਪੂਰੀ ਸ਼ਰਧਾ ਤੇ ਸਤਿਕਾਰ ਸਹਿਤ ਖ਼ਾਲਸਈ ਜਾਹੋ-ਜਲਾਲ ਨਾਲ ਮਨਾਉਂਦੇ ਹਨ। ਅਪ੍ਰੈਲ ਮਹੀਨੇ ਵਿਚ ਪੂਰੀ ਦੁਨੀਆਂ ਅੰਦਰ ਖ਼ਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦਾ ਆਯੋਜਨ ਕੀਤਾ ਜਾਂਦਾ ਹੈ।*

*ਇਤਿਹਾਸ 'ਤੇ ਝਾਤੀ ਮਾਰੀਏ ਤਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖ਼ਾਲਸੇ ਦੀ ਸਾਜਣਾ ਸਿੱਖ ਸਮਾਜ ਦੀ ਆਜ਼ਾਦ ਹੋਂਦ-ਹਸਤੀ ਲਈ ਖੁੱਲ੍ਹਾ ਐਲਾਨ ਸੀ। ਦਸਮ ਪਾਤਸ਼ਾਹ ਨੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਸਜੇ ਪੰਡਾਲ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਇਕੱਠੀ ਹੋਈ ਸੰਗਤ ਵਿਚ ਸਿਰਾਂ ਦੀ ਮੰਗ ਕੀਤੀ, ਜਿਸ 'ਤੇ ਪਹਿਰਾ ਦਿੰਦਿਆਂ ਪੰਜ ਗੁਰੂ ਪਿਆਰਿਆਂ ਨੇ ਸਿਰ ਵਾਰਨ ਦਾ ਸੰਕਲਪ ਲਿਆ ਤੇ ਇਨ੍ਹਾਂ ਪੰਜ ਪਿਆਰਿਆਂ ਦੀ ਗੁਰੂ ਨੂੰ ਸਮਰਪਿਤ ਹੋਣ ਦੀ ਸ਼ਰਧਾ ਅਤੇ ਸਮਰਪਣ ਭਾਵਨਾ ਨੇ ਖ਼ਾਲਸਾ ਪੰਥ ਨੂੰ ਜਨਮ ਦਿੱਤਾ। ਇਹ ੧੬੯੯ ਈ: ਦੀ ਵੈਸਾਖੀ ਦਾ ਦਿਹਾੜਾ ਸੀ, ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਨਿੱਘਰੀ, ਢੱਠੀ ਤੇ ਸਾਹ-ਸਤਹੀਣ ਮਨੁੱਖਤਾ ਨੂੰ ਸ਼ਾਹੀ ਸਨਮਾਨ ਬਖ਼ਸ਼ਿਆ। ਖ਼ਾਲਸਾ ਪੰਥ ਦੀ ਸਾਜਣਾ ਨਾਲ ਭਾਰਤ ਦੇ ਧਾਰਮਿਕ ਅਤੇ ਰਾਜਨੀਤਿਕ ਇਤਿਹਾਸ ਵਿਚ ਵਿਲੱਖਣ ਸਿਧਾਂਤ ਅਤੇ ਵਿਚਾਰਧਾਰਾ ਦਾ ਜਨਮ ਹੋਇਆ। ਇਸ ਵਿਚਾਰਧਾਰਾ ਵਿਚ ਭਗਤੀ ਅਤੇ ਸ਼ਕਤੀ ਦਾ ਉਹ ਸੁਮੇਲ ਹੈ, ਜਿਸ ਨੇ ਮਨੁੱਖੀ ਆਜ਼ਾਦੀ ਅਤੇ ਨਿਆਂਸ਼ੀਲ ਸਮਾਜ ਦੀ ਘਾੜਤ ਘੜੀ। ਇਸੇ ਦਾ ਹੀ ਨਤੀਜਾ ਸੀ ਕਿ ਕਈ ਪੀੜ੍ਹੀਆਂ ਤੋਂ ਲਿਤਾੜੀ ਮਨੁੱਖਤਾ ਵਿਚ ਨਵਾਂ ਜੋਸ਼ ਪੈਦਾ ਹੋਇਆ ਅਤੇ ਸਮਾਂ ਆਉਣ 'ਤੇ ਲੱਖਾਂ ਦੁਸ਼ਮਣਾਂ ਨਾਲ ਮੁੱਠੀ-ਭਰ ਸਿੰਘਾਂ ਨੇ ਜਬਰਦਸਤ ਮੁਕਾਬਲਾ ਕੀਤਾ। ਸਿੰਘ ਮੌਤ ਨਾਲ ਮਖੌਲਾਂ ਕਰਨ ਤੇ ਜ਼ਾਲਮਾਂ ਨਾਲ ਲੋਹਾ ਲੈਣ ਲਈ ਉਤਸ਼ਾਹਿਤ ਹੋ ਗਏ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਕੀਤੀ ਗਈ ਖ਼ਾਲਸਾ ਸਾਜਣਾ ਨਾਲ ਜ਼ਾਲਮ ਵੱਲੋਂ ਲਤਾੜੇ ਹੋਏ ਲੋਕਾਂ ਨੂੰ ਪਾਤਸ਼ਾਹੀ ਜੀਵਨ-ਜਿਉਣ ਜਿਹਾ ਅਹਿਸਾਸ ਹੋਇਆ।*

*ਖ਼ਾਲਸਾ ਸਾਜਣਾ ਦਿਵਸ ਨੂੰ ਮਨਾਉਂਦਿਆਂ ਸਾਨੂੰ ਗੁਰੂ ਸਾਹਿਬ ਵੱਲੋਂ ਖ਼ਾਲਸਾ ਸਾਜਣ ਦੇ ਮੰਤਵ ਨੂੰ ਸਨਮੁੱਖ ਰੱਖਣਾ ਜ਼ਰੂਰੀ ਹੈ ਅਤੇ ਨੌਜਵਾਨੀ ਨੂੰ ਇਸ ਦੀ ਇਤਿਹਾਸਕਤਾ ਤੇ ਪ੍ਰਭਾਵ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ। ਇਸ ਕਾਰਜ ਲਈ ਸਿੱਖ ਸੰਸਥਾਵਾਂ ਦੇ ਨਾਲ-ਨਾਲ ਮਾਪਿਆਂ ਨੂੰ ਵੀ ਆਪਣਾ ਮੋਹਰੀ ਰੋਲ ਅਦਾ ਕਰਨਾ ਪਵੇਗਾ। ਇਸ ਗੱਲ ਦੀ ਵੀ ਵੱਡੀ ਲੋੜ ਹੈ ਕਿ ਨਵੀਂ ਪੀੜ੍ਹੀ ਨੂੰ ਸਿੱਖੀ ਸਰੂਪ ਦੀ ਗੌਰਵਗਾਥਾ ਅਤੇ ਅੰਮ੍ਰਿਤ ਦੀ ਦਾਤ ਨਾਲ ਜੋੜਿਆ ਜਾਵੇ। ਸੋ ਆਓ! ਇਸ ਮਹਾਨ ਦਿਹਾੜੇ ਮੌਕੇ ਗੁਰੂ ਬਖ਼ਸ਼ੀ ਖ਼ਾਲਸਈ ਰਹਿਣੀ ਦੇ ਧਾਰਨੀ ਬਣ ਕੇ ਗੁਰੂ ਸਾਹਿਬ ਜੀ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੀਏ!* ■

# ਖ਼ਾਲਸਾ ਸਾਜਣਾ ਦੀ ਗੌਰਵਮਈ ਦਾਸਤਾਨ

*-ਭਾਈ ਗੋਬਿੰਦ ਸਿੰਘ ਲੌਂਗੋਵਾਲ**

ਸੰਨ ੧੬੯੯ ਦੀ ਵੈਸਾਖੀ ਦਾ ਦਿਨ ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਿਰਜੇ ਖਾਲਸੇ ਕਾਰਨ ਦੁਨੀਆ ਦੇ ਇਤਿਹਾਸ ਅੰਦਰ ਇੱਕ ਨਿਵੇਕਲਾ ਅਧਿਆਇ ਸਿਰਜ ਗਿਆ। ਇਹ ਗੁਰੂ ਸਾਹਿਬ ਦੀ ਇੱਕ ਨਿਰਾਲੀ ਯਾਦ ਵਜੋਂ ਸਿੱਖ ਇਤਿਹਾਸ ਅੰਦਰ ਸਦਾ ਤਾਜ਼ਾ ਹੈ। ਗੁਰੂ ਸਾਹਿਬ ਵੱਲੋਂ ਖ਼ਾਲਸਾ ਸਿਰਜਣਾ ਦੇ ਅਦੁੱਤੀ ਕਾਰਨਾਮੇ ਨੇ ਸਦੀਆਂ ਤੋਂ ਲਤਾੜੇ, ਗੁਲਾਮੀ ਵਾਲਾ ਜੀਵਨ ਜੀਅ ਰਹੇ ਲੋਕਾਂ ਨੂੰ ਆਤਮ ਵਿਸ਼ਵਾਸੀ ਬਣਾ ਕੇ ਅਰਸ਼ 'ਤੇ ਪਹੁੰਚਾ ਦਿੱਤਾ। ਜੇਕਰ ਇਹ ਆਖ ਲਈਏ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ੧੬੯੯ ਦੀ ਵੈਸਾਖੀ ਦਾ ਦਿਨ ਜ਼ੁਲਮ, ਬੇਇਨਸਾਫੀ, ਵਿਤਕਰੇ, ਜਬਰ, ਝੂਠ, ਪਾਖੰਡ, ਅਨਿਆਂ ਆਦਿ ਵਿਰੁਧ ਇਕ ਸੰਘਰਸ਼ ਦਾ ਬਿਗਲ ਬਣਿਆ, ਤਾਂ ਇਸ ਵਿਚ ਕੋਈ ਅਤਿਕਥਨੀ ਨਹੀਂ ਹੋਵੇਗੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸੇ ਦੀ ਸਿਰਜਨਾ ਕਰ ਕੇ ਡਰੇ ਅਤੇ ਸਹਿਮੇ ਹੋਏ ਲੋਕ ਮਨਾਂ ਅੰਦਰ ਏਕਤਾ, ਕੁਰਬਾਨੀ, ਦਲੇਰੀ ਤੇ ਜ਼ੁਲਮ ਵਿਰੁੱਧ ਡਟਣ ਦੀ ਭਾਵਨਾ ਪੈਦਾ ਕੀਤੀ। ਉਨ੍ਹਾਂ ਨੇ ਸਾਰੀਆਂ ਜਾਤਾਂ ਤੇ ਵਰਗਾਂ ਦੇ ਲੋਕਾਂ ਨੂੰ ਏਕਤਾ ਦੇ ਸੂਤਰ ਵਿਚ ਪਰੋ ਲੈਣ ਦਾ ਅਦੁੱਤੀ ਤੇ ਮਹਾਨ ਕਾਰਜ ਕੀਤਾ। ਖ਼ਾਲਸਾ ਪੰਥ ਦੀ ਸਿਰਜਣਾ ਕਰਨ ਸਮੇਂ ਉਨ੍ਹਾਂ ਨੇ ਪੰਜ ਪਿਆਰਿਆਂ ਵਿਚ ਭਿੰਨ-ਭਿੰਨ ਜਾਤਾਂ ਦੇ ਲੋਕਾਂ ਨੂੰ ਸ਼ਾਮਲ ਕੀਤਾ। 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਦੇ ਸਿਧਾਂਤ ਨੂੰ ਅਮਲ ਵਿਚ ਲਿਆ ਕੇ ਪੰਜਾਂ ਪਿਆਰਿਆਂ ਨੂੰ ਇੱਕੋ ਹੀ ਬਾਟੇ 'ਚੋਂ ਅੰਮ੍ਰਿਤ ਛਕਾਇਆ ਅਤੇ ਉਚ-ਨੀਚ ਤੇ ਇਲਾਕਿਆਂ ਦਾ ਭੇਦ-ਭਾਵ ਮਿਟਾ ਕੇ ਲਿਤਾੜੀ ਤੇ ਨਿਮਾਣੀ ਕੌਮ ਦੇ ਲੋਕਾਂ ਵਿਚ ਅਜਿਹੀ ਸ਼ਕਤੀ ਦਾ ਸੰਚਾਰ ਕੀਤਾ ਕਿ ਉਹ ਗਿੱਦੜਾਂ ਤੋਂ ਸ਼ੇਰ ਬਣ ਸਵਾ-ਸਵਾ ਲੱਖ ਅਤਿਆਚਾਰੀਆਂ ਨਾਲ ਟੱਕਰ ਲੈਣ ਦੇ ਸਮਰੱਥ ਬਣ ਗਏ। ਉਨ੍ਹਾਂ ਨੇ ਏਕਤਾ, ਸਮਾਨਤਾ ਤੇ ਨਿਆਂ ਦਾ ਝੰਡਾ ਬੁਲੰਦ ਰੱਖਣ ਲਈ ਸਮੇਂ ਦੀ ਵੱਡੀ ਤੋਂ ਵੱਡੀ ਤਾਕਤ ਨਾਲ ਟੱਕਰ ਵੀ ਲਈ।

ਦਸਮ ਪਾਤਸ਼ਾਹ ਨੇ 'ਭੈ ਕਾਹੂ ਕਉ ਦੇਤ ਨਹਿ, ਨਹਿ ਭੈ ਮਾਨਤ ਆਨ' ਦੇ ਮਹਾਨ ਸਿਧਾਂਤ ਨੂੰ ਸਨਮੁੱਖ ਰੱਖਦਿਆਂ ਇਹੀ ਜਜ਼ਬਾ ਪੂਰੇ ਖ਼ਾਲਸਾ ਪੰਥ ਵਿਚ ਭਰਿਆ। ਆਪ ਨੇ ਖ਼ਾਲਸਾ ਪੰਥ ਦੀ ਸ਼ਕਤੀ ਦੇ ਸਹਾਰੇ ਸ਼ਕਤੀਸ਼ਾਲੀ, ਅੱਤਿਆਚਾਰੀ ਤੇ ਅਨਿਆਈ ਮੁਗ਼ਲ ਸ਼ਾਸਨ ਦੀਆਂ ਜੜ੍ਹਾਂ ਹਿਲਾ ਕੇ ਰੱਖ ਦਿੱਤੀਆਂ। ਇੱਥੇ ਹੀ ਬੱਸ ਨਹੀਂ ਸਗੋਂ ਆਪ ਪੰਜਾਂ ਪਿਆਰਿਆਂ ਤੋਂ ਅੰਮ੍ਰਿਤ ਛਕ ਕੇ ਉਨ੍ਹਾਂ ਦੇ ਚੇਲੇ ਬਣ ਗਏ। ਇਹ ਗੁਰੂ-ਚੇਲੇ ਦਾ ਕੌਤਕ ਵਾਹ-ਵਾਹ ਦੇ ਯੋਗ ਸੀ:

*ਵਾਹ ਵਾਹ ਗੋਬਿੰਦ ਸਿੰਘ ਆਪੇ ਗੁਰ ਚੇਲਾ॥੧॥*

ਪ੍ਰੋ. ਪਿਆਰਾ ਸਿੰਘ ਪਦਮ ਅਨੁਸਾਰ ਸ੍ਰੀ ਗੁਰੂ ਗੋਬਿੰਦ ਸਿੰਘ ਤਾਂ ਇਸ ਲਈ ਵਾਹ-ਵਾਹ ਦੇ ਯੋਗ ਹੋਏ ਕਿਉਂਕਿ ਉਨ੍ਹਾਂ ਨੇ ਦੱਬੇ-ਕੁਚਲੇ ਲੋਕਾਂ ਨੂੰ ਸਿੰਘਾਸਨ 'ਤੇ ਬਿਠਾਇਆ ਤੇ ਉਜਲੇ ਮੁੱਖ ਵਾਲੇ ਤੇ ਸਰਬੱਤ ਦੇ ਰਾਖੇ ਬਣਾਇਆ। ਮਨੁੱਖ ਦੀ ਬਾਹਰਲੀ ਜੋਤਿ ਨੂੰ ਜਗਾ ਕੇ ਅੰਧਕਾਰੀ ਸੰਸਾਰ ਨੂੰ ਜਗਮਗਾ ਦੇਣਾ, ਉਸ ਦੀ ਮਹਾਨ ਸ਼ਕਤੀ ਸੀ।

ਗੁਰੂ ਸਾਹਿਬ ਜੀ ਨੇ ਖ਼ਾਲਸੇ ਦੀ ਸਿਰਜਣਾ ਕਰਕੇ ਇਸ ਦੀ ਰਹਿਣੀ ਵੀ ਦੁਨੀਆ ਨਾਲੋਂ ਨਿਰਾਲੀ ਬਖਸ਼ਿਸ਼ ਕੀਤੀ। ਖ਼ਾਲਸੇ ਦਾ ਅਰਥ ਸ਼ੁੱਧ, ਨਿਰਮਲ ਅਤੇ ਬਿਨਾਂ ਮਿਲਾਵਟ ਤੋਂ ਹੈ। ਖਾਲਸਾ ਝੂਠ, ਬੇਈਮਾਨੀ, ਵਲ਼ ਫਰੇਬ ਤੋਂ ਦੂਰ ਮਨੁੱਖਤਾ ਦਾ ਹਮਦਰਦ ਹੈ। ਖ਼ਾਲਸਾ ਇਕ ਅਕਾਲ ਪੁਰਖ ਦਾ ਪੁਜਾਰੀ ਹੈ। ਪੰਜ-

**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਕਕਾਰੀ ਰਹਿਤ ਰੱਖਣੀ, ਪੰਜਾਂ ਬਾਣੀਆਂ ਦਾ ਪਾਠ ਕਰਨਾ, ਸਦਾ ਸੱਚਾ ਤੇ ਧਰਮੀ ਜੀਵਨ ਜਿਉਣਾ ਖਾਲਸੇ ਦਾ ਨੇਮ ਹੈ। ਉੱਚੀ-ਸੁੱਚੀ ਜੀਵਨ-ਜਾਚ ਅਨੁਸਾਰੀ ਹੋਣਾ ਹੀ ਖ਼ਾਲਸੇ ਦਾ ਪਰਮ ਧਰਮ ਕਰਤੱਵ ਹੈ।

ਖਾਲਸਾ ਸਾਜਣਾ ਦੇ ਇਤਿਹਾਸ ਤੇ ਝਾਤ ਮਾਰੀਏ ਤਾਂ ਇਸ ਕਾਰਜ ਦੀ ਸੰਪੂਰਨਤਾ ਲਈ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੇਂ ਦੀ ਰਾਜਸੀ, ਸਮਾਜਿਕ ਤੇ ਧਾਰਮਿਕ ਪੜਚੋਲ ਤੋਂ ਪਿੱਛੋਂ ੧੬੯੯ ਈ. ਦੀ ਵੈਸਾਖੀ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਇਕੱਠ ਲਈ ਸੰਗਤਾਂ ਨੂੰ ਵਿਸ਼ੇਸ਼ ਸੱਦੇ ਭੇਜੇ। ਆਪ ਜੀ ਦੇ ਇਸ ਸੱਦੇ 'ਤੇ ਵੱਡੀ ਗਿਣਤੀ ਵਿਚ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਪਹੁੰਚੀਆਂ, ਜਿਥੇ ਸੰਗਤਾਂ ਦੇ ਭਾਰੀ ਇਕੱਠ ਵਿਚ ਪਾਤਸ਼ਾਹ ਜੀ ਨੇ ਖ਼ਾਲਸੇ ਦੀ ਸਾਜਣਾ ਕੀਤੀ। ਆਪ ਜੀ ਨੇ ਵਾਰੀ ਵਾਰੀ ਪੰਜ ਸੀਸ ਮੰਗੇ, ਜਿਸ 'ਤੇ ਖਰਾ ਉੱਤਰਦਿਆਂ ਪੰਜ ਮਰਜੀਵੜਿਆਂ ਨੇ ਆਪਣੇ ਸੀਸ ਭੇਟ ਕੀਤੇ। ਸਤਿਗੁਰੂ ਜੀ ਨੇ ਇਨ੍ਹਾਂ ਪੰਜਾਂ ਨੂੰ ਅੰਮ੍ਰਿਤ ਛਕਾ ਕੇ ਪੰਜ ਪਿਆਰਿਆਂ ਦੀ ਉਪਾਧੀ ਬਖ਼ਸ਼ਿਸ਼ ਕੀਤੀ। ਇਹ ਪੰਜ ਪਿਆਰੇ ਵੱਖ-ਵੱਖ ਇਲਾਕਿਆਂ, ਫਿਰਕਿਆਂ ਨਾਲ ਸਬੰਧਤ ਸਨ। ਗੁਰੂ ਸਾਹਿਬ ਨੇ ਇਨ੍ਹਾਂ ਦੇ ਨਾਮ ਨਾਲ 'ਸਿੰਘ' ਲਗਾਇਆ ਅਤੇ ਬਚਨ ਕੀਤਾ ਕਿ ਅੱਜ ਤੋਂ ਤੁਹਾਡਾ ਨਵਾਂ ਜਨਮ ਹੋਇਆ ਹੈ, ਤੁਹਾਡੀਆਂ ਪਿਛਲੀਆਂ ਜਾਤਾਂ-ਗੋਤਾਂ ਸਭ ਖ਼ਤਮ ਤੇ ਅੱਜ ਤੋਂ ਤੁਸੀਂ ਵਾਹਿਗੁਰੂ ਜੀ ਦਾ ਖ਼ਾਲਸਾ ਹੋ। ਇਸ ਤਰ੍ਹਾਂ ਖ਼ਾਲਸਾ ਪੰਥ ਦੀ ਸਿਰਜਣਾ ਆਤਮਿਕ ਏਕਤਾ ਤੇ ਇਕਸੁਰਤਾ ਦੇ ਨਾਲ-ਨਾਲ ਸਮਾਜਕ ਬਰਾਬਰੀ ਅਤੇ ਸਦਭਾਵਨਾ ਦੀ ਪ੍ਰਤੀਕ ਮੰਨੀ ਜਾਂਦੀ ਹੈ।

ਖ਼ਾਲਸੇ ਦੀ ਸਾਜਣਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਇੱਕ ਮਹਾਨ ਕਾਰਜ ਸੀ, ਜਿਸ ਨੂੰ ਵਿਦਵਾਨਾਂ ਨੇ ਵਡਿਆਇਆ ਹੈ। ਖ਼ਾਲਸੇ ਦੀ ਮਹਿਮਾ ਵੀ ਵਿਲੱਖਣ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਆਪਣੀ ਬਾਣੀ ਵਿਚ ਖ਼ਾਲਸੇ ਦੀ ਮਹਿਮਾ ਕਰਦੇ ਹੋਏ ਫੁਰਮਾਨ ਕਰਦੇ ਹਨ:

*ਜੁੱਧ ਜਿਤੇ ਇਨ ਹੀ ਕੇ ਪ੍ਰਸਾਦਿ ਇਨ ਹੀ ਕੇ ਪ੍ਰਸਾਦਿ ਸੁ ਦਾਨ ਕਰੇ॥*
*ਅਘ ਅਉਘ ਟਰੈ ਇਨ ਹੀ ਕੇ ਪ੍ਰਸਾਦਿ ਇਨ ਹੀ ਕੀ ਕ੍ਰਿਪਾ ਫੁਨ ਧਾਮ ਭਰੇ॥*
*ਇਨ ਹੀ ਕੇ ਪ੍ਰਸਾਦਿ ਸੁ ਬਿੱਦਿਆ ਲਈ ਇਨ ਹੀ ਕੀ ਕ੍ਰਿਪਾ ਸਭ ਸ਼ੱਤ੍ਰ ਮਰੇ॥*
*ਇਨ ਹੀ ਕੀ ਕ੍ਰਿਪਾ ਕੇ ਸਜੇ ਹਮ ਹੈਂ ਨਹੀ ਮੋਸੋ ਗਰੀਬ ਕਰੋਰ ਪਰੇ॥੨॥*

ਸੋ ਖ਼ਾਲਸਾ ਸਿਰਜਣਾ ਦਿਵਸ ਗੁਰੂ ਆਸ਼ੇ ਅਨੁਸਾਰੀ ਹੋ ਕੇ ਜੀਵਨ ਜਿਉਣ ਦੀ ਪ੍ਰੇਰਨਾ ਵਜੋਂ ਹੈ। ਇਸ ਇਤਿਹਾਸਕ ਅਵਸਰ 'ਤੇ ਮੈਂ ਸੰਗਤਾਂ ਨੂੰ ਮੁਬਾਰਕਬਾਦ ਦਿੰਦਾ ਹੋਇਆ ਅਪੀਲ ਕਰਦਾ ਹਾਂ ਕਿ ਆਓ! ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖ਼ਸ਼ਿਸ਼ ਕੀਤੀ ਖੰਡੇ-ਬਾਟੇ ਦੀ ਪਾਹੁਲ ਛਕ ਕੇ, ਗੁਰਮਤਿ ਦੇ ਧਾਰਨੀ ਬਣੀਏ ਅਤੇ 'ਧਰਮ ਦਾ ਜੈਕਾਰ' ਦੇ ਮਿਸ਼ਨ ਨੂੰ ਸਾਕਾਰ ਕਰਦੇ ਹੋਏ ਆਪਣਾ ਜੀਵਨ ਸਫਲਾ ਕਰੀਏ। ਹਰ ਇਕ ਗੁਰਸਿੱਖ ਲਈ ਬਾਣੀ ਅਤੇ ਬਾਣੇ ਦੇ ਧਾਰਨੀ ਹੋਣਾ, ਰਹਿਤ ਦੀ ਪਰਪੱਕਤਾ ਅਤੇ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਉਸ ਦੇ ਖ਼ਾਲਸਈ ਜੀਵਨ ਦਾ ਅਹਿਮ ਵਿਧਾਨ ਹੈ। ਭਵਿੱਖ ਦੀ ਨਵੀਂ ਪੀੜ੍ਹੀ ਨੂੰ ਅਜਿਹੇ ਗੌਰਵਮਈ ਵਿਰਸੇ ਨਾਲ ਜੋੜਨ ਅਤੇ ਗੁਰਮਤਿ ਵਿਚਾਰਧਾਰਾ ਦੇ ਧਾਰਨੀ ਬਣਾਉਣ ਲਈ ਮਾਤਾ-ਪਿਤਾ ਦਾ ਵੱਡਾ ਯੋਗਦਾਨ ਹੁੰਦਾ ਹੈ। ਇਸ ਕਾਰਜ ਲਈ ਹਰ ਗੁਰਸਿੱਖ ਨੂੰ ਵਿਅਕਤੀਗਤ ਰੂਪ ਵਿਚ ਤੇ ਹਰ ਸੰਸਥਾ ਨੂੰ ਸੰਸਥਾਗਤ ਰੂਪ ਵਿਚ ਸਾਰਥਕ ਉਪਰਾਲੇ ਕਰਨੇ ਚਾਹੀਦੇ ਹਨ। ਸਮੂਹ ਗੁਰੂ ਨਾਨਕ ਨਾਮ-ਲੇਵਾ ਗੁਰਸਿੱਖਾਂ ਨੂੰ ਆਪਣੇ ਮਹਾਨ ਤੇ ਅਮੀਰ ਵਿਰਸੇ ਨੂੰ ਪਹਿਚਾਣਦੇ ਹੋਏ ਬਾਣੀ ਤੇ ਬਾਣੇ ਦੇ ਧਾਰਨੀ ਹੋ ਕੇ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਖੁਸ਼ੀਆਂ ਦੇ ਪਾਤਰ ਬਣਨਾ ਚਾਹੀਦਾ ਹੈ। ਕਿਉਂਕਿ ਰਹਿਤਵਾਨ ਸਿੱਖ ਤੋਂ ਕੁਰਬਾਨ ਜਾਂਦਿਆਂ ਗੁਰੂ ਸਾਹਿਬ ਦਾ ਫੁਰਮਾਨ ਹੈ:

*ਜਬ ਲਗ ਖਾਲਸਾ ਰਹੇ ਨਿਆਰਾ। ਤਬ ਲਗ ਤੇਜ ਦੀਓ ਮੈਂ ਸਾਰਾ।*
*ਜਬ ਇਹ ਗਹੈ ਬਿਪਰਨ ਕੀ ਰੀਤ। ਮੈਂ ਨ ਕਰੋਂ ਇਨ ਕੀ ਪਰਤੀਤ।*

■

# ਬਿਹਾਰ ਦੇ ਸਿੱਖ: ਇਕ ਅਧਿਐਨ

*-ਸ. ਜਗਮੋਹਨ ਸਿੰਘ**

ਪੂਰਬੀ ਭਾਰਤ, ਖ਼ਾਸ ਕਰਕੇ ਬਿਹਾਰ ਵਿਚ ਵੱਖ-ਵੱਖ ਵਰਗਾਂ ਦੇ ਸਿੱਖਾਂ ਨਾਲ ਵਾਹ ਪੈਣ ਕਾਰਨ ਮੈਨੂੰ ਇਨ੍ਹਾਂ ਬਾਰੇ ਅਧਿਐਨ ਕਰਨ ਦਾ ਕਾਫੀ ਮੌਕਾ ਮਿਲਿਆ। ਬਿਹਾਰ ਅੰਦਰ ਵੱਸਦੇ ਵੱਖ-ਵੱਖ ਵਰਗਾਂ, ਕਬਾਇਲੀ ਭਾਸ਼ਾਵਾਂ ਅਤੇ ਵੱਖ-ਵੱਖ ਧਰਮਾਂ ਅਤੇ ਵਿਸ਼ਵਾਸਾਂ ਕਾਰਨ ਇਹ ਇਸ ਉਪ-ਮਹਾਂਦੀਪ ਦਾ ਸਭ ਤੋਂ ਵੱਧ ਵੰਨ-ਸੁਵੰਨਤਾ ਭਰਪੂਰ ਖ਼ੇਤਰ ਹੈ। ਹਿੰਦੂ, ਜੈਨ, ਬੁੱਧ ਅਤੇ ਸਿੱਖ ਧਰਮ ਦੀ ਸਾਂਝੀ ਇਹ ਧਰਤੀ ਪੌਰਾਣਿਕ ਵੇਲਿਆਂ ਦੀਆਂ ਕੀਮਤੀ ਨਿਸ਼ਾਨੀਆਂ ਦਾ ਭਰਪੂਰ ਖ਼ਜ਼ਾਨਾ ਹੈ। ਬਿਹਾਰ ਸੰਸਾਰ ਦੇ ਇਨ੍ਹਾਂ ਚਾਰ ਮਹਾਨ ਧਰਮਾਂ ਦਾ ਪੰਘੂੜਾ ਹੈ। ਸਾਨੂੰ ਬਹੁਤ ਸਾਰੇ ਪੁਰਾਣੇ ਡੇਰੇ, ਆਸ਼ਰਮ, ਸਮਾਰਕ, ਮੰਦਰ ਅਤੇ ਹੋਰ ਸਥਾਨ ਲੱਭਦੇ ਹਨ ਜਿੱਥੇ ਅਸੀਂ ਆਦਰ ਭਾਵ ਅਤੇ ਸ਼ੁਕਰਾਨਾ ਭੇਟ ਕਰ ਸਕਦੇ ਹਾਂ। ਇਸ ਖ਼ੇਤਰ ਦਾ ਇਤਿਹਾਸ ਗਲੋਬਲੀ ਮਹੱਤਤਾ ਵਾਲਾ ਹੈ।

ਬਿਹਾਰ ਨੂੰ ਸ੍ਰੀ ਗੁਰੂ ਨਾਨਕ ਸਾਹਿਬ ਅਤੇ ਹੋਰ ਸਿੱਖ ਗੁਰੂ ਸਾਹਿਬਾਨ ਦੇ ਵੇਲੇ ਤੋਂ ਸਿੱਖ ਧਰਮ ਦੇ ਨਕਸ਼ੇ 'ਤੇ ਆਪਣਾ ਸਥਾਨ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਗੁਰੂ ਨਾਨਕ ਸਾਹਿਬ ਦੀ ਪਹਿਲੀ ਉਦਾਸੀ ਨਾਲ ਇਸ ਖ਼ੇਤਰ ਦੇ ਲੋਕਾਂ ਦੀ ਗੁਰੂ ਦੀ ਸਿੱਖੀ ਨਾਲ ਸੰਬੰਧਾਂ ਦੀ ਸ਼ੁਰੂਆਤ ਹੋਈ। ਸ੍ਰੀ ਗੁਰੂ ਨਾਨਕ ਸਾਹਿਬ ਨਸਲ, ਜਾਤ, ਭਾਸ਼ਾ ਦੀਆਂ ਵਲਗਣਾਂ ਤੋਂ ਪਾਰ ਵਿਸ਼ਵ-ਵਿਆਪੀ ਮਾਨਵਤਾ ਦੇ ਉਪਦੇਸ਼ਕ ਸਨ। ਉਹ ਕਦੀ ਬੰਧਨਾਂ ਵਿਚ ਬੱਝ ਕੇ ਨਹੀਂ ਰਹੇ। ਉਨ੍ਹਾਂ ਸੰਸਾਰ ਭਰ ਦੀ ਯਾਤਰਾ ਕੀਤੀ ਅਤੇ ਜਿੱਥੇ ਵੀ ਉਹ ਗਏ ਆਪਣਾ ਇਕ ਸੰਸਾਰ ਸਿਰਜਿਆ ਅਤੇ ਆਪਣੇ ਬਹੁਤ ਸਾਰੇ ਘਰ ਬਣਾਏ। ਇਸ ਖ਼ੇਤਰ ਨੂੰ ਵੀ ਗੁਰੂ ਨਾਨਕ ਸਾਹਿਬ ਜੀ ਦੀ ਪਾਵਨ-ਛੋਹ ਪ੍ਰਾਪਤ ਹੋਈ। ਛੇਵੇਂ ਪਾਤਸ਼ਾਹ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ, ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸੁੰਦਰੀ ਜੀ ਦੇ ਸਭ ਤੋਂ ਵੱਧ ਹੁਕਮਨਾਮੇ ਪੂਰਬੀ ਭਾਰਤ ਖ਼ਾਸ ਕਰਕੇ ਬਿਹਾਰ ਦੇ ਸਿੱਖਾਂ ਨੂੰ ਸੰਬੋਧਿਤ ਹਨ ਜੋ ਅੱਜ ਵੀ ਵੇਖੇ ਜਾ ਸਕਦੇ ਹਨ। ਇਨ੍ਹਾਂ ਤੋਂ ਇਸ ਖ਼ੇਤਰ ਦੇ ਸਥਾਨਕ ਲੋਕਾਂ ਦੇ ਗੁਰੂ ਸਾਹਿਬਾਨ ਨਾਲ ਸੰਬੰਧਾਂ ਦੀ ਤੀਬਰਤਾ ਅਤੇ ਮਹੱਤਤਾ ਦਾ ਪਤਾ ਲੱਗਦਾ ਹੈ। ਇਸ ਧਰਤੀ ਨਾਲ ਸੰਬੰਧਿਤ ਗੁਰ-ਇਤਿਹਾਸ ਬਾਰੇ ਸਥਾਨਕ ਸਿੱਖਾਂ ਦੇ ਮਨਾਂ ਵਿਚ ਕਈ ਕਥਾਵਾਂ ਅਤੇ ਸਾਖੀਆਂ ਵੱਸੀਆਂ ਹੋਈਆਂ ਹਨ ਜਿਹੜੀਆਂ ਪੁਰਾਣੇ ਸਿੱਖਾਂ ਨੇ ਪੀੜ੍ਹੀ-ਦਰ-ਪੀੜ੍ਹੀ ਆਪਣੇ ਬੱਚਿਆਂ ਨੂੰ ਸੁਣਾਈਆਂ ਹਨ। ਮਹਾਨ ਗੁਰੂ ਸਾਹਿਬਾਨ ਦੀਆਂ ਯਾਤਰਾਵਾਂ ਅਜੇ ਵੀ ਲੋਕਾਂ ਦੇ ਦਿਲਾਂ ਵਿਚ ਤਾਜ਼ਾ ਹਨ ਜੋ ਉਨ੍ਹਾਂ ਦੇ ਮਨਾਂ ਅੰਦਰ ਗੁਰੂ ਸਾਹਿਬਾਨ ਪ੍ਰਤੀ ਬਹੁਤ ਗਹਿਰਾ ਸ਼ਰਧਾ ਭਾਵ ਪੈਦਾ ਕਰਦੀਆਂ ਹਨ।

ਇਸ ਖ਼ੇਤਰ ਵਿਚ ਸਿੱਖੀ ਸਰੂਪ ਦੀ ਖ਼ੋਜ ਨੇ ਮੈਨੂੰ ਪੂਰੇ ਬਿਹਾਰ ਸਮੇਤ ਪੂਰਬੀ ਭਾਰਤ ਦੇ ਇਲਾਕੇ ਅਤੇ ਇਸ ਤੋਂ ਪਾਰ ਦੇ ਚੱਕਰ ਲਵਾਏ। ਨਿਸ਼ਚਿਤ ਤੌਰ 'ਤੇ ਪਟਨਾ ਦਿੱਲੀ ਨਾਲੋਂ ਭਿੰਨ ਹੈ, ਪਰ ਅਸੀਂ ਧਰਾਤਲ ਜਾਂ ਅਬਾਦੀ ਦੇ ਭਿੰਨਤਾ ਦੀ ਗੱਲ ਨਹੀਂ ਕਰ ਰਹੇ। ਇਹ ਭਿੰਨਤਾ ਇਸ ਇਲਾਕੇ ਵਿਚ ਵੱਸਦੀ ਲੋਕ-ਮਾਨਸਿਕਤਾ ਦੀ ਹੈ। ਇੱਥੋਂ ਦੇ ਸਿੱਖਾਂ ਦਾ ਧਰਮ ਪੰਜਾਬ ਅਤੇ ਪੱਛਮੀ ਸੰਸਾਰ ਦੇ ਮੁਕਾਬਲੇ ਥੋੜ੍ਹਾ ਵੱਖਰੀ ਤਰ੍ਹਾਂ ਦਾ ਹੈ। ਗੁਰੂ ਸਾਹਿਬਾਨ ਦੀਆਂ ਯਾਤਰਾਵਾਂ ਅਤੇ ਇਨ੍ਹਾਂ ਦੀਆਂ ਸਾਖੀਆਂ ਦੇ ਅਸਰ ਨੇ ਮੇਰੇ

---

**ਇੰਚਾਰਜ (ਆਨਰੇਰੀ) ਸਿੱਖ ਮਿਸ਼ਨ ਕਲਕੱਤਾ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਅੰਦਰ ਇਨ੍ਹਾਂ ਨਾਲ ਸੰਬੰਧਿਤ ਥਾਵਾਂ 'ਤੇ ਵਾਰ-ਵਾਰ ਜਾਣ ਦੀ ਪ੍ਰਬਲ ਇੱਛਾ ਪੈਦਾ ਕੀਤੀ। ਗੁਰੂ ਸਾਹਿਬਾਨ ਵੱਲੋਂ ਇਸ ਧਰਤੀ ਨਾਲ ਸਥਾਪਿਤ ਕੀਤੇ ਪੁਰਾਣੇ ਸੰਬੰਧਾਂ ਦੀ ਖ਼ੋਜ ਵਿਚ ਮੈਂ ਵੱਖ-ਵੱਖ ਥਾਵਾਂ 'ਤੇ ਜਾਣਾ ਸ਼ੁਰੂ ਕੀਤਾ। ੧੯ਵੀਂ ਸਦੀ ਦੇ ਅੰਤ ਤਕ ਇੱਥੇ ਸਿੱਖ ਧਰਮ ਦਾ ਮੌਲਿਕ ਪ੍ਰਭਾਵ ਬਹੁਤ ਪ੍ਰਬਲ ਸੀ। ਸਿੱਖ ਧਰਮ ਦੇ ਪ੍ਰਚਾਰ ਦੀ ਮੁੱਖ ਭੂਮਿਕਾ ਉਦਾਸੀ ਮਹੰਤਾਂ ਦੁਆਰਾ ਨਿਭਾਈ ਗਈ। ਇਨ੍ਹਾਂ ਤੋਂ ਇਲਾਵਾ ਨਿਰਮਲੇ ਅਤੇ ਗਿਆਨੀ (ਇਹ ਮੁਢਲੇ ਦੌਰ ਦੀਆਂ ਸੰਪਰਦਾਵਾਂ, ਜੋ ਸਿੱਖ ਦਰਸ਼ਨ ਦੇ ਪ੍ਰਚਾਰ ਪ੍ਰਬੰਧ ਦੀ ਰੀੜ੍ਹ ਦੀ ਹੱਡੀ ਸਨ) ਨੇ ਵੀ ਇਸ ਖ਼ੇਤਰ ਵਿਚ ਸ਼ਲਾਘਾਯੋਗ ਕੰਮ ਕੀਤਾ।

ਬਿਹਾਰ ਦੀ ਅਬਾਦੀ ਦਾ ਇੱਕ ਵੱਡਾ ਹਿੱਸਾ ਗੁਰੂ ਸਾਹਿਬਾਨ ਦਾ ਉਪਾਸ਼ਕ ਸੀ। ਇਨ੍ਹਾਂ ਨੂੰ ਨਾਨਕਸ਼ਾਹ-ਪੰਥੀ ਜਾਂ ਨਾਨਕ-ਪੰਥੀ ਕਿਹਾ ਜਾਂਦਾ ਸੀ। ਬਹੁਤ ਸਾਰੀਆਂ ਥਾਵਾਂ 'ਤੇ ਦੇਖਿਆ ਗਿਆ ਹੈ ਕਿ ਕਾਫੀ ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰ ਸਕਦੇ ਹਨ ਅਤੇ ਗੁਰੂ ਦੀ ਗੱਲ ਸਮਝਣ ਦੇ ਸਮਰੱਥ ਹਨ, ਪਰ ਹੁਣ ਉਨ੍ਹਾਂ ਨੂੰ ਲੱਭਣਾ ਮੁਸ਼ਕਲ ਹੈ। ਇਨ੍ਹਾਂ 'ਚੋਂ ਜ਼ਿਆਦਾਤਰ ਆਪਣੇ ਪੁਰਾਣੇ ਧਰਮਾਂ ਵਿਚ ਪਰਤ ਗਏ ਹਨ। ਪਰ ਜੇ ਅਸੀਂ ਇਨ੍ਹਾਂ ਦੀਆਂ ਸਮਾਜਿਕ-ਸੱਭਿਆਚਾਰਕ ਸਰਗਮੀਆਂ ਨੂੰ ਗਹਿਰਾਈ ਨਾਲ ਦੇਖੀਏ ਤਾਂ ਸਾਨੂੰ ਇਨ੍ਹਾਂ ਦੇ ਸਿੱਖ ਧਰਮ ਨਾਲ ਪੁਰਾਣੇ ਸੰਬੰਧਾਂ ਦੇ ਪ੍ਰਭਾਵ ਦਾ ਪਤਾ ਲੱਗ ਜਾਂਦਾ ਹੈ। ਮੁੱਖ ਤੌਰ 'ਤੇ ਉਦਾਸੀ, ਨਿਰਮਲੇ ਅਤੇ ਕੁਝ ਹੱਦ ਤਕ ਗਿਆਨੀ ਸੰਪਰਦਾ ਦੇ ਪ੍ਰਚਾਰਕਾਂ ਨੇ ਲਗਾਤਾਰ ਤਿੰਨ ਸੌ ਸਾਲ ਗੁਰੂ ਸਾਹਿਬਾਨ ਦੇ ਸੰਦੇਸ਼ ਨੂੰ ਪ੍ਰਚਾਰਨ ਦਾ ਕਾਰਜ ਸੰਭਾਲਿਆ। ਬਾਅਦ ਵਿਚ ਕਾਰ-ਸੇਵਾ ਵਾਲੇ ਅਤੇ ਹੋਰ ਸਿੱਖ ਜਥਿਆਂ ਦੇ ਮੁਖੀਆਂ ਨੇ ਇਸ ਖ਼ੇਤਰ ਨਾਲ ਸੰਪਰਕ ਬਣਾਈ ਰੱਖਿਆ। ਉਨ੍ਹਾਂ ਬਹੁਤ ਸਮਰਪਣ ਭਾਵ ਨਾਲ ਕੰਮ ਕੀਤਾ ਅਤੇ ਪੂਰਬੀ ਭਾਰਤ ਦੇ ਕੋਨੇ-ਕੋਨੇ ਤਕ ਪਹੁੰਚ ਕੀਤੀ। ਇਸ ਦਾ ਪ੍ਰਭਾਵ ਚਮਤਕਾਰੀ ਸੀ। ਬਹੁਤ ਸਾਰੇ ਸਥਾਨਕ ਰਾਜੇ, ਨਵਾਬ, ਜ਼ਿਮੀਂਦਾਰ, ਵਪਾਰੀ ਅਤੇ ਆਮ ਲੋਕ ਉਨ੍ਹਾਂ ਦੇ ਸ਼ਰਧਾਲੂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਵਿਚਾਰਧਾਰਾ ਦੇ ਅਨੁਯਾਈ ਬਣੇ। ਜ਼ਮੀਨ ਦੇ ਵੱਡੇ ਰਕਬੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਨਾਮ 'ਤੇ ਡੇਰਿਆਂ ਅਤੇ ਗੁਰਦੁਆਰਾ ਸਾਹਿਬਾਨ ਨੂੰ ਦਾਨ ਕੀਤੇ ਗਏ ਤਾਂ ਕਿ ਇਹ ਸੰਸਥਾਵਾਂ ਨਿਰਵਿਘਨ ਕੰਮ-ਕਾਜ ਚਲਾ ਸਕਣ। ਬਹੁਤ ਥਾਈਂ ਸਿੱਖ 'ਸੰਗਤ' ਦੇ ਗਠਨ ਹੋਏ। ਅੱਜ ਵੀ ਅਸੀਂ ਅਜਿਹੇ ਕਈ ਉਦਾਹਰਨ ਦੇਖ ਸਕਦੇ ਹਾਂ ਜਿਵੇਂ: ਪੁਰਾਣੀ ਸੰਗਤ, ਨਈ ਸੰਗਤ, ਬੜਾ ਸੰਗਤ, ਛੋਟਾ ਸੰਗਤ, ਪੱਕੀ ਸੰਗਤ, ਕੱਚੀ ਸੰਗਤ, ਟਕਸਾਲੀ ਸੰਗਤ ਅਤੇ ਨਾਨਕਸ਼ਾਹੀ ਸੰਗਤ ਆਦਿ। ਜਿਨ੍ਹਾਂ ਤੋਂ ਪਤਾ ਲੱਗਦਾ ਹੈ ਕਿ ਸਥਾਨਕ ਲੋਕ ਸਿੱਖ ਮਾਰਗ ਦੇ ਪਾਂਧੀ ਸਨ। ਵੱਖ-ਵੱਖ ਜਾਤਾਂ ਦੇ ਲੋਕਾਂ ਨੇ ਵੱਡੀ ਗਿਣਤੀ ਵਿਚ ਸਿੱਖ ਧਰਮ ਅਪਣਾਇਆ। ਹੁਣ ਜਿੱਥੋਂ ਤਕ ਸੱਭਿਆਚਾਰਕ ਅਤੇ ਵਿਚਾਰਧਾਰਕ ਪਛਾਣ ਦਾ ਸਵਾਲ ਹੈ ਇਹ ਪਛਾਣ ਹੁਣ ਅਲੋਪ ਹੋਣ ਦੇ ਕੰਢੇ 'ਤੇ ਹੈ।

ਮੈਨੂੰ ਪੂਰਬੀ ਭਾਰਤ ਦੇ ਵੱਖ-ਵੱਖ ਤਰ੍ਹਾਂ ਦੇ ਅਤੇ ਮਹੱਤਵਪੂਰਨ ਵਰਗਾਂ ਦੇ ਸਿੱਖਾਂ ਨਾਲ ਕਈ ਵਾਰ ਗੱਲਬਾਤ ਕਰਨ ਦਾ ਮੌਕਾ ਮਿਲਿਆ। ਵੱਖ-ਵੱਖ ਪਿਛੋਕੜਾਂ ਵਾਲੇ ਇਹ ਸਿੱਖ ਆਜ਼ਮਗੜ੍ਹ, ਬਲੀਆ, ਬਿਹਾਰ ਬਾਰਡਰ ਨਾਲ ਲੱਗਦੇ ਪੂਰਬੀ ਉੱਤਰ ਪ੍ਰਦੇਸ਼ ਵਿਚਲੇ ਵਾਰਾਨਸੀ ਦੇ ਇਲਾਕੇ, ਸਾਸਾਰਾਮ, ਕੇਦਲੀ-ਚੱਟੀ (ਜ਼ਿਲ੍ਹਾ ਚਤਰਾ), ਸ਼ਿਵਨਗਰ (ਜ਼ਿਲ੍ਹਾ ਵੈਸ਼ਾਲੀ), ਮਧੂਡੀ (ਜ਼ਿਲ੍ਹਾ ਮਧੂਬਨੀ), ਬਰਾਰੀਹੱਟ ਤੋਂ ਮਹੇਸ਼ਵਾ ਤਕ ਲਕਸ਼ਮੀਪੁਰ ਅਤੇ ਇਸ ਦੇ ਆਸ-ਪਾਸ ਦੇ ਪਿੰਡਾਂ, ਸਾਦਲਪੁਰ (ਜ਼ਿਲ੍ਹਾ ਕਟਿਹਾਰ), ਹਲਹਲੀਆ, ਪਰਵਾਨਪੁਰ ਅਤੇ ਗੜ੍ਹਗਮਾ (ਜ਼ਿਲ੍ਹਾ ਅਰਰੀਆ) ਅਤੇ ਬਿਹਾਰ ਦੇ ਹੋਰ ਕਈ ਬਹੁਤ ਦੂਰ-ਦੁਰਾਡੇ ਦੇ ਸਥਾਨਾਂ ਦੇ ਰਹਿਣ ਵਾਲੇ ਹਨ। ਪੱਛਮੀ ਬੰਗਾਲ ਵਿਚ ਇਹ ਮੁਰਾਰਾਈ (ਜ਼ਿਲ੍ਹਾ ਬੀਰਭੂਮ), ਕੌਂਟਾਈ (ਜ਼ਿਲ੍ਹਾ ਪੂਰਬੀ ਮਿਦਨਾਪੁਰ) ਅਤੇ ਅਸਾਮ ਦੇ ਚਾਪਰਮੁੱਖ ਅਤੇ ਬਰਖੋਲਾ (ਜ਼ਿਲ੍ਹਾ ਨਓਗਾਓਂ) ਪਿੰਡਾਂ ਵਿਚ ਵੇਖੇ ਜਾ ਸਕਦੇ ਹਨ। ਪੂਰਬੀ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿਚ ਖਿੰਡਰੇ ਇਹ ਸਿੱਖ ਬਾਕੀ ਸਿੱਖਾਂ ਵਾਂਗ ਹੀ ਪੱਗਾਂ ਬੰਨ੍ਹਦੇ ਅਤੇ ਕੇਸ ਰੱਖਦੇ ਹਨ। ਇਹ ਆਪਸ ਵਿਚ ਅਤੇ ਸਥਾਨਕ ਲੋਕਾਂ ਨਾਲ ਆਪਣੀਆਂ ਉਪ-ਬੋਲੀਆਂ ਵਿਚ

ਗੱਲਬਾਤ ਕਰਦੇ ਹਨ ਪਰ ਜਦ ਕੋਈ ਬਾਹਰਲਾ ਸਿੱਖ ਮਿਲਦਾ ਹੈ ਤਾਂ ਉਸ ਨਾਲ ਪੰਜਾਬੀ ਵੀ ਬੋਲਦੇ ਹਨ। ਕਈ ਤਾਂ ਬਹੁਤ ਚੰਗੀ ਪੰਜਾਬੀ ਬੋਲ ਲੈਂਦੇ ਹਨ। ਕਈ ਸੌਖਿਆਂ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੇ ਸ਼ਬਦ ਪੜ੍ਹ ਅਤੇ ਗਾ ਲੈਂਦੇ ਹਨ। ਮੈਨੂੰ ਸਿੱਖ ਮਿਸ਼ਨ ਕੋਲਕਾਤਾ (ਪੂਰਬੀ ਭਾਰਤ) ਦੇ ਜਨਰਲ ਸਕੱਤਰ ਦੇ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਇਨ੍ਹਾਂ ਇਲਾਕਿਆਂ ਵਿਚ ਗੁਰਮਤਿ ਕੈਂਪਾਂ ਦੇ ਪ੍ਰਬੰਧ ਕਰਦਿਆਂ ਅਤੇ ਅਜਿਹੇ ਹੋਰ ਕੰਮ ਕਰਦਿਆਂ ਇਨ੍ਹਾਂ ਸਿੱਖਾਂ ਨਾਲ ਮੇਲ-ਮਿਲਾਪ ਦਾ ਮੌਕਾ ਮਿਲਿਆ।

ਸ੍ਰੀ ਗੁਰੂ ਨਾਨਕ ਸਾਹਿਬ ਦੀ ਪੂਰਬੀ ਭਾਰਤ ਦੀ ਯਾਤਰਾ ਦੇ ਸਮੇਂ ਤੋਂ ਇਸ ਖ਼ੇਤਰ ਵਿਚ ਖੱਤਰੀ ਸਿੱਖਾਂ ਦੀ ਮੌਜੂਦਗੀ ਸੀ। ਵਪਾਰ ਦਾ ਕੰਟਰੋਲ ਉਨ੍ਹਾਂ ਖੱਤਰੀਆਂ ਕੋਲ ਸੀ ਜਿਨ੍ਹਾਂ ਦੇ ਪੰਜਾਬ ਨਾਲ ਸੰਬੰਧ ਸਨ। ਨਾਨਕ-ਪੰਥੀਆਂ ਦੇ ਰੂਪ ਵਿਚ ਇਨ੍ਹਾਂ ਖੱਤਰੀਆਂ ਦੇ ਮੁਢਲੇ ਸਹਿਯੋਗ ਨਾਲ ਹੀ ਸਿੱਖ ਧਰਮ ਦਾ ਪ੍ਰਚਾਰ ਹੋਇਆ। ਇਸ ਸੰਬੰਧੀ ਸਾਡੇ ਕੋਲ ਵੱਖ-ਵੱਖ ਸਿੱਖ ਵਿਦਵਾਨਾਂ, ਯੂਰਪੀ ਅਤੇ ਸਥਾਨਕ ਇਤਿਹਾਸਕਾਰਾਂ ਦੇ ਲੜੀਵਾਰ ਹਵਾਲੇ ਮੌਜੂਦ ਹਨ। ਬਿਹਾਰ ਦੀ ਧਰਤੀ ਨੂੰ ਸ੍ਰੀ ਗੁਰੂ ਨਾਨਕ ਸਾਹਿਬ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਵਿੱਤਰ ਚਰਨ-ਛੋਹ ਪ੍ਰਾਪਤ ਕਰਨ ਦਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਸਥਾਨ ਹੋਣ ਦਾ ਵਿਲੱਖਣ ਗੌਰਵ ਪ੍ਰਾਪਤ ਹੈ। ਇੱਥੇ ਸਿੱਖਾਂ ਦੀ ਮੌਜੂਦਗੀ ਦਾ ਇਤਿਹਾਸ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਵੇਲੇ ਜਿੰਨਾ ਪੁਰਾਣਾ ਹੈ। ਸ੍ਰੀ ਗੁਰੂ ਨਾਨਕ ਸਾਹਿਬ ਜੀ ਪੂਰਬੀ ਦਿਸ਼ਾ ਦੀ ਉਦਾਸੀ ਦੌਰਾਨ ਬੰਗਾਲ ਵੱਲ ਜਾਣ ਸਮੇਂ ਇਸ ਖ਼ੇਤਰ ਦੇ ਵੱਖ-ਵੱਖ ਸਥਾਨਾਂ 'ਤੇ ਵਿਚਰੇ। ਪਟਨਾ ਦੇ ਸਾਲਿਸ ਰਾਏ ਜੌਹਰੀ ਨਾਮ ਦੇ ਬਹੁਤ ਵੱਡੇ ਸਰਾਫਾ ਵਪਾਰੀ ਜੋ ਸ੍ਰੀ ਗੁਰੂ ਨਾਨਕ ਸਾਹਿਬ ਦੇ ਪਹਿਲੇ ਸ਼ਰਧਾਲੂ ਬਣੇ, ਖੱਤਰੀ ਸਨ। ਕਿਹਾ ਜਾਂਦਾ ਹੈ ਕਿ ਗੁਰੂ ਜੀ ਲੱਗਭਗ ਚਾਰ ਮਹੀਨੇ ਉਸ ਦੇ ਨਿਵਾਸ ਸਥਾਨ ਵਿਖੇ ਠਹਿਰੇ। ਸਾਲਿਸ ਰਾਏ ਦੇ ਸੇਵਕ ਅਧਰੱਕਾ (ਅਰੋੜਾ ਜਾਤੀ) ਨੂੰ ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਆਸ਼ੀਰਵਾਦ ਦਿੱਤਾ। ਭਾਈ ਅਧਰੱਕਾ ਗੁਰਮਤਿ ਫ਼ਲਸਫ਼ੇ ਦੇ ਮਿਸ਼ਨਰੀ ਪ੍ਰਚਾਰਕ ਬਣ ਗਏ। ਸ੍ਰੀ ਗੁਰੂ ਅਮਰਦਾਸ ਜੀ ਨੇ ਇੱਥੇ ਭਾਈ ਗੁਰਦਾਸ ਜੀ ਅਤੇ ਕੁਝ ਹੋਰ ਮਹੱਤਵਪੂਰਨ ਪ੍ਰਚਾਰਕਾਂ ਨੂੰ ਭੇਜਿਆ।

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਆਮਦ ਸਮੇਂ ਪਟਨਾ ਅਤੇ ਇਸ ਦੇ ਆਲੇ-ਦੁਆਲੇ ਚੰਗੀ ਗਿਣਤੀ ਵਿਚ ਸਿੱਖ ਸ਼ਰਧਾਲੂ ਮੌਜੂਦ ਸਨ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਸਾਲਿਸ ਰਾਏ ਦੇ ਇਕ ਵੰਸ਼ਜ ਦੇ ਘਰ ਰਹੇ। ਬੜੀ ਸੰਗਤ ਅਤੇ ਛੋਟੀ ਸੰਗਤ ਪਟਨਾ ਵਿਚ ਸਿੱਖਾਂ ਦੇ ਦੋ ਮਹੱਤਵਪੂਰਨ ਸਥਾਨ ਸਨ। ਭਾਈ ਅੱਧਰਕਾ ਦੇ ਵੰਸ਼ਜ ਛੋਟੀ ਸੰਗਤ ਦੇ ਆਗੂ ਸਨ, ਜੋ ਸਥਾਨਕ ਸ਼ਰਧਾਲੂਆਂ ਨਾਲ ਰਲ਼ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਸਾਥੀ ਸਿੱਖਾਂ ਨੂੰ ਬੜੀ ਸੰਗਤ ਤੋਂ ਇੱਥੇ ਲੈ ਕੇ ਆਏ। ਕਪਾਹ ਦੇ ਥੋਕ ਵਪਾਰ ਕਾਰਨ ਪਟਨਾ ਸਾਹਿਬ ਦੀ ਖੁਸ਼ਹਾਲੀ ੧੯ਵੀਂ ਸਦੀ ਤਕ ਕਾਇਮ ਰਹੀ। ਸ੍ਰੀ ਗੁਰੂ ਨਾਨਕ ਸਾਹਿਬ ਵੇਲੇ ਅਤੇ ਬਾਅਦ ਦੇ ਜ਼ਿਆਦਾਤਰ ਮੁੱਢਲੇ ਸਿੱਖ, ਖੱਤਰੀ ਸਨ। ਪੰਜਾਬ ਵਿਚ ਉਨ੍ਹਾਂ ਦੇ ਸੰਬੰਧੀ ਸਨ ਅਤੇ ਅਕਸਰ ਆਪਣੇ ਪੁਰਖਿਆਂ ਦੇ ਇਸ ਜੱਦੀ ਇਲਾਕੇ ਪੰਜਾਬ ਵਿਚ ਆਉਂਦੇ-ਜਾਂਦੇ ਅਤੇ ਗੁਰੂ ਸਾਹਿਬਾਨ ਦੇ ਦਰਬਾਰ ਵਿਚ ਸ਼ਰਧਾ ਸਹਿਤ ਨਤਮਸਤਕ ਹੁੰਦੇ। ਇਹ ਭਾਈਚਾਰਾ ਆਪਸ ਵਿਚ ਬਹੁਤ ਹੀ ਚੰਗੀ ਤਰ੍ਹਾਂ ਜੁੜਿਆ ਹੋਇਆ ਸੀ। ਤਖ਼ਤ ਸ੍ਰੀ ਪਟਨਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਦੇ ਸੰਵਿਧਾਨਕ ਗਠਨ ਤੋਂ ਪਹਿਲਾਂ ਤਖ਼ਤ ਸਾਹਿਬ ਦੇ ਸਾਰੇ ਗ੍ਰੰਥੀ, ਜਿਨ੍ਹਾਂ ਨੂੰ ਮਹੰਤ ਕਿਹਾ ਜਾਂਦਾ ਸੀ, ਖੱਤਰੀ ਹੀ ਸਨ। ਢਾਕੇ ਦੇ ਬਹੁਤੇ ਮਹੰਤ ਖੱਤਰੀ ੧੯੪੭ ਈ. ਵਿਚ ਭਾਰਤ ਦੀ ਵੰਡ ਸਮੇਂ ਅਤੇ ਬਾਕੀ ਬੰਗਲਾਦੇਸ਼ ਦੀ ਮੁਕਤੀ ਜੰਗ ਦੌਰਾਨ ਇਸ ਸਥਾਨ ਨੂੰ ਛੱਡਣ ਲਈ ਮਜ਼ਬੂਰ ਹੋ ਗਏ। ਇਨ੍ਹਾਂ ਵਿੱਚੋਂ ਬਹੁਤੇ ਖੱਤਰੀ ਸਿੱਖ ਹੁਣ ਕਿਧਰੇ ਨਹੀਂ ਦਿਸਦੇ। ਖੱਤਰੀ ਜਾਤ ਦੇ ਪਿਛੋਕੜ ਵਾਲੇ ਇਨ੍ਹਾਂ ਸਿੱਖਾਂ ਦੀ ਅਬਾਦੀ ਬਲੀਆ, ਬਸਤੀ, ਵਾਰਾਣਸੀ, ਆਜ਼ਮਗੜ੍ਹ, ਨਿਜ਼ਾਮਾਬਾਦ, ਭੱਬੂਆ, ਮਧੂਡੀ (ਜ਼ਿਲ੍ਹਾ ਮਧੂਬਨੀ), ਪਟਨਾ,

ਮਹੇਸ਼ਵਾ, ਸਾਦਲਪੁਰ, ਕਟਿਹਾਰ, ਮੁਰਾਰਾਈ, ਕੌਂਟਾਈ ਅਤੇ ਕੁਝ ਹੋਰ ਥਾਂਵਾਂ 'ਤੇ ਵੇਖੀ ਜਾ ਸਕਦੀ ਹੈ। ਇਨ੍ਹਾਂ ਵਿੱਚੋਂ ਬਹੁਤੀਆਂ ਥਾਂਵਾਂ ਨੂੰ ਸ੍ਰੀ ਗੁਰੂ ਨਾਨਕ ਸਾਹਿਬ ਜੀ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿੱਚੋਂ ਕਿਸੇ ਇਕ, ਦੋ ਜਾਂ ਤਿੰਨ ਗੁਰੂ ਸਾਹਿਬਾਨ ਦੇ ਚਰਨਾਂ ਦੀ ਛੋਹ ਪ੍ਰਾਪਤ ਹੈ। ਦੇਸ਼ ਵੰਡ ਤੋਂ ਪਹਿਲਾਂ ਢਾਕਾ ਵਿਚ ਇਨ੍ਹਾਂ ਦੀ ਮੌਜੂਦਗੀ ਦੇਖੀ ਜਾ ਸਕਦੀ ਸੀ ਜਿੱਥੇ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਯਾਤਰਾ ਨਾਲ ਸੰਬੰਧਿਤ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਇੱਥੇ ਲੰਮਾਂ ਸਮਾਂ ਠਹਿਰਨ ਨਾਲ ਸੰਬੰਧਿਤ ਮਹੱਤਵਪੂਰਨ ਇਤਿਹਾਸਿਕ ਗੁਰਦੁਆਰਾ ਸਾਹਿਬਾਨ ਹਨ। ਬਹੁਤ ਸਾਰੇ ਸਥਾਨਾਂ 'ਤੇ ਸਿੱਖਾਂ ਦੀ ਗਿਣਤੀ ਘੱਟ ਗਈ ਹੈ ਅਤੇ ਕੁਝ ਸਥਾਨਾਂ 'ਤੇ ਇਨ੍ਹਾਂ ਨੂੰ ਲੱਭਣਾ ਹੁਣ ਮੁਸ਼ਕਿਲ ਹੈ। ਇਨ੍ਹਾਂ ਇਲਾਕਿਆਂ ਵਿਚ ਪੁਰਾਣੇ ਗੁਰਦੁਆਰਾ ਸਾਹਿਬਾਨ ਵੇਖੇ ਜਾ ਸਕਦੇ ਹਨ। ਗੁਰਦੁਆਰਾ ਸਾਹਿਬਾਨ ਦੀ ਸਾਂਭ-ਸੰਭਾਲ, ਮੁਰੰਮਤ ਅਤੇ ਸੰਗਤੀ ਕਾਰਜ ਨਿਰਵਿਘਨ ਚੱਲਦੇ ਰੱਖਣ ਲਈ ਪਿੰਡਾਂ ਜਾਂ ਕਸਬਿਆਂ ਦੇ ਕਟੜਿਆਂ (ਮੰਡੀਆਂ ਜਾਂ ਬਜ਼ਾਰਾਂ) ਦੀ ਬਹੁਤ ਸਾਰੀ ਵਾਹੀਯੋਗ ਜ਼ਮੀਨ ਇਨ੍ਹਾਂ ਦੇ ਨਾਮ ਕਰਾਈ ਹੋਈ ਸੀ ਜਿਸ ਦੀ ਆਮਦਨ ਗੁਰਦੁਆਰਾ ਸਾਹਿਬਾਨ ਨੂੰ ਮਿਲਦੀ ਸੀ। ਵੱਡੇ ਪੱਧਰ 'ਤੇ ਵੱਖ-ਵੱਖ ਗੁਰਪੁਰਬ ਮਨਾਏ ਜਾਂਦੇ ਸਨ। ਇਹ ਸਿੱਖ ਵੱਖ-ਵੱਖ ਇਲਾਕਿਆਂ ਦੇ ਹਿਸਾਬ ਨਾਲ ਖੜ੍ਹੀ ਬੋਲੀ, ਮੈਥਲੀ, ਮਘੀ ਅਤੇ ਭੋਜਪੁਰੀ ਤੋਂ ਲੈ ਕੇ ਆਸਾਮੀ ਅਤੇ ਬੰਗਾਲੀ ਭਾਸ਼ਾ ਬੋਲਦੇ ਸਨ।

ਸਿੱਖ ਡਾਇਸਪੋਰਾ (ਪ੍ਰਵਾਸੀ) ਦੇ ਇਕ ਹੋਰ ਮਹੱਤਵਪੂਰਨ ਅੰਗ ਅਗਰਹਰੀ ਸਿੱਖ ਹਨ। ਇਹ ਆਮ ਤੌਰ 'ਤੇ ਵਾਰਾਣਸੀ ਦੇ ਆਸ-ਪਾਸ ਦੇ ਇਲਾਕੇ ਵਿਚ ਮਿਲਦੇ ਹਨ। ਇਹ ਅਸਲ ਵਿਚ ਵਪਾਰੀ ਜਾਂ ਬਨੀਆਂ ਸ਼੍ਰੇਣੀ ਨਾਲ ਸਬੰਧਿਤ ਹਨ। ਸਾਸਾਰਾਮ ਦੇ ਸਿੱਖ ਮੁੱਖ ਤੌਰ 'ਤੇ ਅਗਰਹਰੀ ਹਨ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸਾਸਾਰਾਮ ਦੀ ਫੇਰੀ ਸਮੇਂ ਖੱਤਰੀ ਸਿੱਖਾਂ ਦੇ ਨਾਲ-ਨਾਲ ਇੱਥੇ ਅਗਰਹਰੀ ਸਿੱਖ ਵੀ ਮੌਜੂਦ ਸਨ। ਗੁਰੂ ਜੀ ਬਹੁਤ ਹੀ ਸਤਿਕਾਰਯੋਗ ਸਿੱਖ ਪ੍ਰਚਾਰਕ ਚਾਚਾ ਫੱਗੂ ਮੱਲ ਦੇ ਘਰ ਕੁਝ ਦਿਨ ਰਹੇ ਸਨ। ਇੱਥੋਂ ਦੀ ਬਹੁਤ ਸਾਰੀ ਵੱਸੋਂ ਮੁੱਖ ਤੌਰ 'ਤੇ ਸਿੱਖ ਧਰਮ ਦੇ ਅਧਿਆਤਮਕ ਪੱਖ ਵੱਲ ਆਕਰਸ਼ਤ ਹੋਈ। ਸੁਨਿਆਰ, ਤੇਲੀ, ਲੁਹਾਰ, ਕੇਸਰੀ, ਕੁਸ਼ਵਾਹਾ, ਕੇਸਰਵਾਨੀ, ਬ੍ਰਾਹਮਣ ਅਤੇ ਹੋਰ ਜਾਤਾਂ ਅਤੇ ਵਰਗਾਂ ਨਾਲ ਸੰਬੰਧਿਤ ਵੱਖ-ਵੱਖ ਲੋਕ ਅਜੇ ਤਕ ਆਪਣੇ ਦਿਲਾਂ ਵਿਚ ਸਿੱਖ ਧਰਮ ਪ੍ਰਤੀ ਪਿਆਰ ਅਤੇ ਸ਼ਰਧਾ ਦਾ ਭਾਵ ਰੱਖਦੇ ਹਨ। ਸਸਾਰਾਮ ਬਾਰੇ ਅਸੀਂ ਕਹਿ ਸਕਦੇ ਹਾਂ, "ਸਸਾਰਾਮ ਜਿਊਂਦਾ ਹੈ ਗੁਰੂ ਦੇ ਨਾਮ ਨਾਲ"। ਅਮੀਰ ਵਿਰਾਸਤ ਵਾਲੇ ਕਈ ਇਤਿਹਾਸਿਕ ਗੁਰਦੁਆਰਾ ਸਾਹਿਬਾਨ ਇੱਥੇ ਵੇਖੇ ਜਾ ਸਕਦੇ ਹਨ। ਗੁਰਦੁਆਰਾ ਸਾਹਿਬ ਚਾਚਾ ਫੱਗੂ ਮੱਲ ਵਰਗੇ ਇਤਿਹਾਸਿਕ ਗੁਰਦੁਆਰਾ ਸਾਹਿਬਾਨ ਤੋਂ ਇਲਾਵਾ ਗੁਰਦੁਆਰਾ ਸਾਹਿਬ ਟਕਸਾਲ ਸੰਗਤ, ਗੁਰਦੁਆਰਾ ਸਾਹਿਬ ਗੁਰੂ ਕਾ ਬਾਗ ਸਮੇਤ ਕਈ ਮਹੱਤਵਪੂਰਨ ਗੁਰਦੁਆਰਾ ਸਾਹਿਬਾਨ ਇੱਥੇ ਮੌਜੂਦ ਹਨ ਇਨ੍ਹਾਂ ਦੀ ਸਾਂਭ-ਸੰਭਾਲ ਸੰਗਤ ਜਾਂ ਨਿੱਜੀ ਪੱਧਰ 'ਤੇ ਕੀਤੀ ਜਾਂਦੀ ਹੈ। ਇੱਥੇ ਗੁਰੂ ਸਾਹਿਬਾਨ ਦੇ ਨਾਮ 'ਤੇ ਸਕੂਲ ਅਤੇ ਹੋਰ ਵਿੱਦਿਅਕ ਸੰਸਥਾਵਾਂ ਹਨ। ਇਹ ਸਿੱਖ ਹਰ ਗੁਰਪੁਰਬ ਅਤੇ ਸਿੱਖ ਇਤਿਹਾਸ ਦੇ ਹੋਰ ਮਹੱਤਵਪੂਰਨ ਦਿਹਾੜੇ ਬੜੇ ਆਦਰ ਅਤੇ ਜੋਸ਼ ਨਾਲ ਮਨਾਉਂਦੇ ਹਨ। ਮੈਨੂੰ ਵੱਖ-ਵੱਖ ਸਥਾਨਾਂ 'ਤੇ ਚੱਲਦੇ ਗੁਰਪੁਰਬ ਸਮਾਗਮ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਛਟੀ (ਮੁੰਡੇ ਦੇ ਜਨਮ ਦੇ ਛੇਵੇਂ ਦਿਨ ਮਨਾਉਣ ਦਾ ਪੁਰਾਣਾ ਰਿਵਾਜ਼), ਗੁਰੂ ਨਾਨਕ ਸਾਹਿਬ ਜੀ ਦਾ ਜੋਤੀ-ਜੋਤਿ ਪੁਰਬ (ਸਥਾਨਕ ਬੋਲੀ 'ਚ ਸਰਾਧ ਕਿਹਾ ਜਾਂਦਾ ਹੈ) ਅਤੇ ਅਗਰਹਰੀ ਸਿੱਖਾਂ ਵੱਲੋਂ ਮਨਾਏ ਜਾਂਦੇ ਹੋਰ ਸਮਾਰੋਹ ਦੇਖਣ ਦਾ ਮੌਕਾ ਮਿਲਿਆ। ਅਜਿਹਾ ਸਿੱਖ ਵੱਸੋਂ ਵਾਲੇ ਦੋ ਹੋਰ ਇਲਾਕਿਆਂ ਵਿਚ ਵੀ ਦੇਖਿਆ ਜਾ ਸਕਦਾ ਹੈ ਜਿਨ੍ਹਾਂ ਦੀ ਚਰਚਾ ਹੇਠਾਂ ਕੀਤੀ ਜਾ ਰਹੀ ਹੈ।

ਇਸ ਇਲਾਕੇ ਦੇ ਅਗਰਹਾਰੀ ਸਿੱਖ ਦੋ ਸਦੀਆਂ ਵਿਚ ਇੱਥੋਂ ਉੱਠ ਕੇ ਦੋ ਹੋਰ ਪ੍ਰਮੁੱਖ ਖ਼ੇਤਰਾਂ ਵਿਚ ਵੀ ਵੱਡੀ ਗਿਣਤੀ 'ਚ ਫੈਲ ਗਏ ਸਨ। ਇੱਕ ਕੋਲਕਾਤਾ, ਜਿੱਥੇ ਇਨ੍ਹਾਂ ਸਿੱਖਾਂ ਦੀ ਤਕੜੀ ਸੰਖਿਆ ਸ਼ਹਿਰ

ਦੇ ਕੇਂਦਰ ਵਿਚ ਬਹੁਤ ਲੰਬੇ ਸਮੇਂ ਤੋਂ ਆਬਾਦ ਵੇਖੀ ਜਾ ਸਕਦੀ ਹੈ। ਇਨ੍ਹਾਂ ਵੱਲੋਂ ਬਣਾਈਆਂ ਗੁਰਦੁਆਰਾ ਇਮਾਰਤਾਂ ਕੋਲਕਾਤਾ ਸ਼ਹਿਰ ਅਤੇ ਇਸ ਦੇ ਨੇੜਲੇ ਇਲਾਕੇ ਦੀਆਂ ਸਭ ਤੋਂ ਪੁਰਾਣੀਆਂ ਇਮਾਰਤਾਂ ਵਿੱਚੋਂ ਖ਼ਾਸ ਹਨ ਅਤੇ ਗੁਰੂ ਨਾਨਕ ਵਿਦਿਆਲਾ ਨਾਮ ਦਾ ਇਕ ਬਹੁਤ ਪੁਰਾਣਾ ਸਕੂਲ ਵੀ ਹੈ। ਅਗਰਹਾਰੀ ਸਿੱਖ ਆਮ ਤੌਰ 'ਤੇ ਵਪਾਰਕ ਧੰਦਿਆਂ 'ਚ ਲੱਗੇ ਹੋਏ ਸਨ ਅਤੇ ਇਨ੍ਹਾਂ ਵਿੱਚੋਂ ਕੁਝ ਤਾਂ ਬਹੁਤ ਵੱਡੇ ਕਾਰੋਬਾਰੀ ਸਨ। ਉਨ੍ਹਾਂ ਪਾਸ ਵੱਡੇ ਘਰ, ਬਾਗ ਅਤੇ ਇੱਥੋਂ ਤਕ ਕਿ ਆਪਣੇ ਨਿੱਜੀ ਗੁਰਦੁਆਰਾ ਸਾਹਿਬਾਨ ਸਨ। ਇਸ ਸਮੇਂ ਕੋਲਕਾਤਾ ਦੀ ਛੋਟਾ ਸਿੱਖ ਸੰਗਤ ਦੀ ਪ੍ਰਬੰਧਕ ਕਮੇਟੀ ਦੋ ਗੁਰਦੁਆਰਾ ਸਾਹਿਬਾਨ ਦੀ ਦੇਖ-ਰੇਖ ਕਰ ਰਹੀ ਹੈ। ਇਹ ਮੁੱਖ ਤੌਰ 'ਤੇ ਕੋਲਕਾਤਾ ਦੇ ਬੜਾ ਬਜ਼ਾਰ, ਨਾਰਕੇਲਡਾਂਗਾ, ਬਾਗੂਆਟੀ ਅਤੇ ਸ਼ਹਿਰ ਦੇ ਆਸ-ਪਾਸ ਦੇ ਹੋਰ ਇਲਾਕਿਆਂ ਵਿਚ ਰਹਿੰਦੇ ਹਨ। ਸ਼ੁਰੂਆਤੀ ਦੌਰ ਦੇ ਸਿੱਖ ਵਸਨੀਕ ਹੋਣ ਦੇ ਨਾਤੇ ਉਨ੍ਹਾਂ ਨੇ ਸਥਾਨਕ ਲੋਕਾਂ ਅੰਦਰ ਸਿੱਖ ਧਰਮ ਦਾ ਸੰਦੇਸ਼ ਫੈਲਾਉਣ ਦੀ ਕੋਸ਼ਿਸ਼ ਕੀਤੀ। ੨੦ਵੀਂ ਸਦੀ ਦੇ ਸ਼ੁਰੂ ਵਿਚ ਅਤੇ ਪੰਜਾਬੀ ਸਿੱਖਾਂ ਦਾ ਹੜ੍ਹ ਆਉਣ ਨਾਲ ਇਹ ਇਕ ਤਰ੍ਹਾਂ ਨਾਲ ਨੁੱਕਰੇ ਲੱਗ ਗਏ। ਪਰ ਲੰਬੇ ਅਰਸੇ ਦੇ ਮੇਲ-ਮਿਲਾਪ ਨਾਲ ਇਨ੍ਹਾਂ ਦੀ ਹੋਰ ਸਿੱਖਾਂ ਨਾਲ ਨੇੜਤਾ ਵਿਕਸਿਤ ਹੋ ਸਕੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਧਰਮ ਪ੍ਰਚਾਰ ਕਮੇਟੀ ਦੁਆਰਾ ਸਥਾਪਤ ਸਿੱਖ ਮਿਸ਼ਨ ਕੋਲਕਾਤਾ (ਪੂਰਬੀ ਭਾਰਤ) ਨੇ ਆਪਣੇ ਅਣਥੱਕ ਯਤਨਾਂ ਨਾਲ ਇਸ ਸਮਾਜਿਕ-ਸੱਭਿਆਚਾਰਕ ਪਾੜੇ ਨੂੰ ਪੂਰਨ ਦਾ ਯਤਨ ਕੀਤਾ। ਬੱਚਿਆਂ ਨੂੰ ਗੁਰਬਾਣੀ, ਗੁਰਮੁਖੀ, ਸਿੱਖ ਇਤਿਹਾਸ, ਕੀਰਤਨ ਅਤੇ ਜੀਵਨ ਦੇ ਹੋਰ ਚੰਗੇਰੇ ਦੀ ਜਾਣਕਾਰੀ ਦੇਣ ਲਈ ਹਫ਼ਤਾਵਾਰੀ ਗੁਰਮਤਿ ਕਲਾਸਾਂ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ। ਹੌਲੀ-ਹੌਲੀ ਇਨ੍ਹਾਂ ਦੇ ਬੱਚੇ ਅਤੇ ਸੰਗਤ ਕੋਲਕਾਤਾ ਦੇ ਆਮ ਸਿੱਖ ਜਗਤ ਨਾਲ ਘੁਲਣ-ਮਿਲਣ ਲੱਗੇ। ਹੁਣ ਆਪਸੀ ਸਮਝ ਦੇ ਨਾਲ ਨੇੜਤਾ ਦੇ ਸੰਬੰਧ ਸਥਾਪਿਤ ਹੋ ਚੁੱਕੇ ਹਨ। ਇਹ ਕੋਲਕਾਤਾ ਦੇ ਸਥਾਨਕ ਅਤੇ ਇਸ ਦੇ ਆਲੇ-ਦੁਆਲੇ ਦੇ ਗੁਰਦੁਆਰਾ ਸਾਹਿਬਾਨ ਵਿਚ ਹੋਣ ਵਾਲੀਆਂ ਸਿੱਖ ਸਰਗਰਮੀਆਂ ਵਿਚ ਬਹੁਤ ਉਤਸ਼ਾਹ ਨਾਲ ਹਿੱਸਾ ਲੈਣ ਦੀ ਕੋਸ਼ਿਸ਼ ਕਰਦੇ ਹਨ।

ਅਗਰਹਰੀ ਸਿੱਖਾਂ ਦੇ ਵਸੇਬੇ ਵਾਲੇ ਹੋਰ ਦੋ ਪਿੰਡ ਕੇਦਲੀ ਚੱਟੀ ਅਤੇ ਡੁਮਰੀ ਝਾਰਖੰਡ ਦੇ ਚਤਰਾ ਜ਼ਿਲ੍ਹੇ ਵਿਚ ਹਨ। ਪਹਿਲਾਂ ਇਹ ਹਜ਼ਾਰੀਬਾਗ ਜ਼ਿਲ੍ਹੇ ਦਾ ਹਿੱਸਾ ਸੀ। ਕਰੀਬ ਦੋ ਸੌ ਸਾਲ ਪਹਿਲਾਂ ਵਪਾਰ ਦੇ ਮਕਸਦ ਨਾਲ ਸਿੱਖ ਸਾਸਾਰਾਮ (ਬਿਹਾਰ) ਅਤੇ ਉੱਤਰ ਪ੍ਰਦੇਸ਼ ਦੇ ਪੂਰਬੀ ਪਾਸੇ ਤੋਂ ਇੱਥੇ ਆਏ ਸਨ। ਕਈ ਇੱਥੇ ਹੀ ਵੱਸ ਗਏ। ਕੇਦਲੀ ਉਦੋਂ ਵੱਡੀ ਦਿਹਾਤੀ ਮੰਡੀ ਸੀ। ਇੱਥੋਂ ਹਜ਼ਾਰੀਬਾਗ ਅਤੇ ਗਯਾ ਰਾਹੀਂ ਕੋਲਕਾਤਾ ਤਕ ਵਪਾਰ ਕੀਤਾ ਜਾਂਦਾ ਸੀ। ਇੱਥੋਂ ਦੇ ਸਿੱਖ ਅਮੀਰ ਜ਼ਿਮੀਂਦਾਰ ਦੁਕਾਨਦਾਰ ਅਤੇ ਥੋਕ ਵਪਾਰੀ ਬਣ ਕੇ ਉਭਰੇ। ਸਥਾਨਕ ਵਣਜ ਅਤੇ ਕਾਰੋਬਾਰ ਵੀ ਉਨ੍ਹਾਂ ਦੇ ਕੰਟਰੋਲ 'ਚ ਸੀ। ਇਸ ਵੇਲੇ ਸਿੱਖ ਕੇਦਲੀ ਚੱਟੀ, ਡੁਮਰੀ ਅਤੇ ਹੰਟਰਗੰਜ ਦੇ ਪਿੰਡਾਂ ਵਿਚ ਵੱਸਦੇ ਹਨ। ਅੱਜ ਵੀ ਇਨ੍ਹਾਂ ਦਾ ਦਬਦਬਾ ਦੇਖਿਆ ਜਾ ਸਕਦਾ ਹੈ। ਸਭ ਤੋਂ ਵੱਧ ਵਪਾਰ ਇਨ੍ਹਾਂ ਦੇ ਹੱਥਾਂ ਵਿਚ ਹੈ। ਜ਼ਿਆਦਾਤਰ ਦੁਕਾਨਾਂ ਇਨ੍ਹਾਂ ਦੀਆਂ ਹੀ ਹਨ। ਦੋ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਸਥਾਨਕ ਕਮੇਟੀਆਂ ਦੁਆਰਾ ਚਲਾਇਆ ਜਾਂਦਾ ਹੈ। ਇਨ੍ਹਾਂ ਪਿੰਡਾਂ ਵਿਚ ਸਿੱਖ ਧਰਮ ਦਾ ਕਾਫ਼ੀ ਬੋਲ-ਬਾਲਾ ਹੈ। ਇਨ੍ਹਾਂ ਪਿੰਡਾਂ ਦੇ ਬਹੁਤ ਸਾਰੇ ਸਿੱਖ ਸੌ ਸਾਲ ਤੋਂ ਵਧੇਰੇ ਸਮੇਂ ਤੋਂ ਕੋਲਕਾਤੇ ਵੱਸੇ ਹੋਏ ਹਨ। ਅਗਰਹਰੀ ਸਿੱਖ ਪੰਜਾਬੀ ਉਪ ਭਾਸ਼ਾਵਾਂ ਦੇ ਨਾਲ-ਨਾਲ ਆਪਸ ਵਿਚ ਭੋਜਪੁਰੀ, ਮਾਘੀ, ਕਲਕੱਤੀਆ ਹਿੰਦੀ ਅਤੇ ਬੰਗਾਲੀ ਬੋਲਦੇ ਹਨ।

ਸਿੱਖਾਂ ਦਾ ਇਕ ਹੋਰ ਮੁੱਖ ਗਰੁੱਪ ਬਿਹਾਰ ਦੇ ਜ਼ਿਲ੍ਹੇ ਕਟਿਹਾਰ ਵਿਚ ਬਰਾਰੀ ਪੁਲਸ ਠਾਣੇ 'ਚ ਪੈਂਦੇ ਪਿੰਡਾਂ ਵਿਚ ਵੱਸਦਾ ਹੈ। ਗੰਗਾ ਨਦੀ 'ਤੇ ਕੜਾਗੋਲਾ ਘਾਟ ਦੇ ਆਲੇ-ਦੁਆਲੇ ਪਿੰਡ ਲਕਸ਼ਮੀਪੁਰ, ਉਛਲਾ, ਗੁਰੂ ਬਾਜ਼ਾਰ, ਭੰਡਾਰਤਲ, ਹੁਸੈਨਾ, ਭੈਂਸਦਰਾ ਆਦਿ ਵਿਖੇ ਕਾਫੀ ਸਿੱਖ ਆਬਾਦੀ ਹੈ। ਇਨ੍ਹਾਂ ਦੇ ਕੰਤਨਗਰ ਅਤੇ ਭਵਾਨੀਪੁਰ ਦੇ ਦਰਿਆਈ ਤੱਟ ਨਾਲ ਲੱਗਦੇ ਪਿਛਲੇ ਵਸੇਬੇ ਦਰਿਆ ਦੇ ਹੜ੍ਹਾਂ ਨੇ ਪੂਰੀ ਤਰ੍ਹਾਂ ਤਬਾਹ

ਕਰ ਦਿੱਤੇ ਸਨ। ਕਿਹਾ ਜਾਂਦਾ ਹੈ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਢਾਕੇ ਨੂੰ ਜਾਂਦਿਆਂ ਇੱਥੋਂ ਹੋ ਕੇ ਗਏ ਸਨ। ਕੜਾਗੋਲਾ ਘਾਟ ਪੂਰਬੀ ਭਾਰਤ ਦੀ ਮਹੱਤਵਪੂਰਨ ਦਰਿਆਈ ਬੰਦਰਗਾਹ ਸੀ। ਇਹ ਸਿੱਖ ਆਪਣੇ ਆਪ ਨੂੰ 'ਸੋਧਵੰਸ਼ੀ ਖ਼ਾਲਸਾ' ਅਖਵਾਉਂਦੇ ਸਨ। ਮਾਲ ਮਹਿਕਮੇ ਦਾ ਸਥਾਨਕ ਰਿਕਾਰਡ ਵੀ ਇਸ ਗੱਲ ਦੀ ਪੁਸ਼ਟੀ ਕਰਦਾ ਹੈ। ਇਹ ਜਾਪਦਾ ਹੈ ਕਿ ਪੰਜਾਬ ਅਤੇ ਸਥਾਨਕ ਸਿੱਖਾਂ ਦੇ ਵੱਖ-ਵੱਖ ਗਰੁੱਪਾਂ ਨੇ ਆਪਸ ਵਿਚ ਰਚ-ਮਿਚ ਕੇ ਇੱਥੇ ਇਕਜੁੱਟ ਖ਼ਾਲਸੇ ਦੀ ਪਛਾਣ ਕਾਇਮ ਕੀਤੀ। ਪਹਿਲਾਂ ਇਹ ਵੱਡੇ ਜਿਮੀਂਦਾਰ ਸਨ। ਹੁਣ ਵੀ ਇਨ੍ਹਾਂ ਕੋਲ ਜ਼ਮੀਨ ਦੀ ਭਾਰੀ ਮਾਲਕੀ ਹੈ। ਇਹ ਮੁੱਖ ਤੌਰ 'ਤੇ ਖੇਤੀਬਾੜੀ ਕਰਦੇ ਸਨ। ਬਾਅਦ ਵਿਚ ਇਹ ਹੋਰ ਕੰਮਾਂ ਧੰਦਿਆਂ ਕਾਰਨ ਭਾਰਤ ਵਿਚ ਸਭ ਪਾਸੇ ਖਿੰਡ ਗਏ। ਇਹ ਢਾਬੇ ਚਲਾਉਂਦੇ ਹਨ ਅਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਖ਼ਾਸ ਕਰਕੇ ਪੂਰਬੀ ਭਾਰਤ ਦੇ ਗੁਰਦੁਆਰਾ ਸਾਹਿਬਾਨ ਵਿਚ ਗ੍ਰੰਥੀ, ਕੀਰਤਨੀਏ ਅਤੇ ਸੇਵਾਦਾਰਾਂ ਦੇ ਤੌਰ 'ਤੇ ਕੰਮ ਕਰਦੇ ਹਨ। ਇਹ ਵੱਖ-ਵੱਖ ਸਰਕਾਰੀ ਅਤੇ ਹੋਰ ਪੇਸ਼ੇਵਰ ਨੌਕਰੀਆਂ ਵੀ ਕਰ ਰਹੇ ਹਨ। ਭਾਵੇਂ ਇਨ੍ਹਾਂ ਦੀ ਅਬਾਦੀ ਪੰਜ ਹਜ਼ਾਰ ਦੇ ਕਰੀਬ ਹੀ ਹੈ ਫਿਰ ਵੀ ਇਨ੍ਹਾਂ ਦਾ ਸਥਾਨਕ ਸਮਾਜ ਵਿਚ ਚੰਗਾ ਰਸੂਖ ਅਤੇ ਪ੍ਰਭਾਵ ਹੈ। ਇਹ ਪੰਜਾਬ ਵਿਚ ੨੦ਵੀਂ ਸਦੀ ਦੇ ਅਰੰਭ ਵਿਚ ਚੱਲੀ 'ਸਿੰਘ ਸਭਾ ਲਹਿਰ' ਦੀ ਵਿਰਾਸਤ ਦੇ ਧਾਰਨੀ ਹਨ। ਇਹ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਨਾਲ ਅਤੇ ਸਮੁੱਚੇ ਸਿੱਖ ਭਾਈਚਾਰੇ ਨਾਲ ਚੰਗੀ ਤਰ੍ਹਾਂ ਜੁੜੇ ਹੋਏ ਹਨ। ਇਹ ਸਿਆਸੀ ਅਤੇ ਸਮਾਜਿਕ ਸਥਿਤੀਆਂ ਦੇ ਯਥਾਰਥ ਨੂੰ ਬਹੁਤ ਚੰਗੀ ਤਰ੍ਹਾਂ ਸਮਝਦੇ ਹਨ। ਇਹ ਇਸ ਖ਼ੇਤਰ ਦੀਆਂ ਮਹੱਤਵਪੂਰਨ ਸਥਾਨਕ ਅਤੇ ਜ਼ਿਲ੍ਹਾ ਪੱਧਰੀ ਪਦਵੀਆਂ 'ਤੇ ਬਿਰਾਜਮਾਨ ਹਨ। ਇਹ ਨੌਵੇਂ ਪਾਤਸ਼ਾਹ ਦੇ ਸ਼ਹੀਦੀ ਦਿਨ 'ਤੇ ਇੱਕ ਵੱਡਾ ਗੁਰਮਤਿ ਦੀਵਾਨ ਆਯੋਜਿਤ ਕਰਦੇ ਹਨ। ਸਥਾਨਕ ਸਿੱਖਾਂ ਦੇ ਨਾਲ-ਨਾਲ ਘਰਾਂ ਤੋਂ ਦੂਰ ਰਹਿੰਦੇ ਸਿੱਖ ਆ ਕੇ ਇਸ ਗੁਰਪੁਰਬ ਵਿਚ ਹਿੱਸਾ ਲੈਂਦੇ ਅਤੇ ਗੁਰੂ ਜੀ ਦੇ ਸ਼ਹੀਦੀ ਦਿਹਾੜੇ ਨੂੰ ਬਹੁਤ ਪਿਆਰ ਅਤੇ ਸ਼ਰਧਾ ਸਹਿਤ ਮਨਾਉਂਦੇ ਹਨ। ਭਾਰਤ ਅਤੇ ਸੰਸਾਰ ਦੇ ਹੋਰ ਭਾਗਾਂ ਤੋਂ ਪ੍ਰਚਾਰਕ ਅਤੇ ਸਿੱਖ ਇਸ ਸ਼ਹੀਦੀ ਦਿਵਸ ਸਮਾਗਮ 'ਚ ਹਿੱਸਾ ਲੈਣ ਲਈ ਇੱਥੇ ਪਹੁੰਚਦੇ ਹਨ। ਸਮੇਂ-ਸਮੇਂ ਹੋਰ ਗੁਰਪੁਰਬ ਵੀ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵੱਲੋਂ ਮਨਾਏ ਜਾਂਦੇ ਹਨ। ਆਪਸ ਵਿਚ ਮਿੱਠੀ ਮੈਥਲੀ ਭਾਸ਼ਾ ਦੀ ਉਪ ਬੋਲੀ ਅੰਗੀਕਾ 'ਚ ਗੱਲਬਾਤ ਕਰਦੇ ਹਨ। ਇਨ੍ਹਾਂ ਵਿੱਚੋਂ ਕੁਝ ਖ਼ਾਸ ਮੌਕਿਆਂ 'ਤੇ ਪੰਜਾਬੀ ਵੀ ਬੋਲ ਲੈਂਦੇ ਹਨ। ਇੱਥੋਂ ਦੀ ਕਲਵਾਰ ਜਾਤ ਬਹੁਤ ਹੀ ਪ੍ਰਭਾਵਸ਼ਾਲੀ ਹੈ ਜਿਨ੍ਹਾਂ ਉੱਤੇ ਉਦਾਸੀ ਅਤੇ ਨਿਰਮਲਾ ਸੰਪ੍ਰਦਾਇ ਦੇ ਪੁਰਾਣੇ ਸਿੱਖ ਪ੍ਰਚਾਰਕਾਂ ਦਾ ਬਹੁਤ ਅਸਰ ਸੀ। ਉਹ ਵੱਡੀ ਗਿਣਤੀ 'ਚ ਨਾਨਕ ਸ਼ਾਹ-ਪੰਥੀ ਸਨ।

ਵੈਸ਼ਾਲੀ ਜ਼ਿਲ੍ਹੇ ਵਿਚ ਇਕ ਗੁੰਮਨਾਮ ਜਿਹੇ ਪਿੰਡ ਸ਼ਿਵਨਗਰ ਵਿਚ ਪੰਜਾਹ ਤੋਂ ਵਧੇਰੇ ਸਿੱਖ ਪਰਵਾਰ ਰਹਿੰਦੇ ਹਨ। ਇਹ ਆਪਣੀ ਪਛਾਣ ਹਿੰਦੂਆਂ ਦੀ ਕੁਰਮੀ ਜਾਤ ਨਾਲ ਜੋੜਦੇ ਹਨ ਅਤੇ ਵਿਆਹ ਸਮੇਤ ਬਾਕੀ ਸਮਾਜਿਕ ਸੰਬੰਧ ਵੀ ਉਨ੍ਹਾਂ ਨਾਲ ਰੱਖਦੇ ਹਨ। ਇਹ ਸ. ਸੁੱਖਾ ਸਿੰਘ ਅਤੇ ਸ. ਮੋਹਰ ਸਿੰਘ ਨੂੰ ਆਪਣੇ ਪੁਰਖੇ ਹੋਣ ਦਾ ਦਾਅਵਾ ਕਰਦੇ ਹਨ। ਹੋਰ ਕੁਰਮੀਆਂ ਵਾਂਗ ਇਹ ਵੀ ਮੁੱਖ ਤੌਰ 'ਤੇ ਖੇਤੀ ਕਰਦੇ ਹਨ। ਕਈ ਚੰਗੇ ਪੜ੍ਹੇ-ਲਿਖੇ ਹਨ, ਕੁਝ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਇੰਜੀਨੀਅਰ, ਡਾਕਟਰ, ਅਧਿਆਪਕ, ਅਕਾਉਂਟੈਂਟ ਆਦਿ ਦੇ ਰੂਪ ਵਿਚ ਚੰਗੇ ਰੁਤਬੇ ਵਾਲੇ ਕਿੱਤਿਆਂ ਨਾਲ ਸੰਬੰਧਿਤ ਹਨ। ਕੁਝ ਪੂਰਬੀ ਭਾਰਤ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਸੇਵਾ ਪ੍ਰਬੰਧ ਵਿਚ ਸ਼ਾਮਲ ਹਨ। ਇਨ੍ਹਾਂ ਦਾ ਬਾਕੀ ਸਥਾਨਕ ਭਾਈਚਾਰਿਆਂ ਅੰਦਰ ਬਹੁਤ ਆਦਰ-ਮਾਣ ਹੈ। ਇਹ ਸਥਾਨਕ ਰਾਜਸੀ ਅਤੇ ਸਮਾਜਿਕ ਸਰਗਮੀਆਂ ਵਿਚ ਵਧ-ਚੜ੍ਹ ਕੇ ਹਿੱਸਾ ਲੈਂਦੇ ਹਨ। ਆਪਸ ਵਿਚ ਇਹ ਮੈਥਲੀ ਅਤੇ ਭੋਜਪੁਰੀ ਦੀ ਮਿਸ਼ਰਤ ਬੋਲੀ ਵੱਜੀਕਾ ਵਿਚ ਗੱਲ ਕਰਦੇ ਹਨ। ਇਹ ਬਹੁਤ ਸਾਰੇ ਗੁਰਪੁਰਬ ਖਾਸ ਤੌਰ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਵੱਡੇ ਪੱਧਰ 'ਤੇ ਮਨਾਉਂਦੇ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਵੇਂ

ਪ੍ਰਕਾਸ਼ ਉਤਸਵ ਮੌਕੇ ਪਟਨਾ ਵਿਖੇ ਬਹੁਤ ਸ਼ਾਨਦਾਰ ਸਮਾਗਮਾਂ ਦਾ ਆਯੋਜਨ ਕਰ ਕੇ ਦੁਨੀਆਂ ਭਰ ਦੇ ਸਿੱਖਾਂ ਦਾ ਦਿਲ ਜਿੱਤਣ ਵਾਲੇ ਗੁਰੂ-ਘਰ ਦੇ ਪ੍ਰੀਤਵਾਨ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤੀਸ਼ ਕੁਮਾਰ ਇਸੇ ਕੁਰਮੀ ਭਾਈਚਾਰੇ ਨਾਲ ਸੰਬੰਧਿਤ ਹਨ।

ਪਟਨਾ ਅਤੇ ਇਸ ਦੇ ਨਾਲ ਲੱਗਦੇ ਨਾਲੰਦਾ, ਨਵਾਦਾ, ਜਹਾਨਾਬਾਦ ਅਤੇ ਬਾੜ੍ਹ ਜ਼ਿਲ੍ਹਿਆਂ ਵਿਚ ਵੱਖ-ਵੱਖ ਜਾਤਾਂ ਜਿਵੇਂ: ਕਹਾਰ, ਮੱਛਵਰਾ, ਕੇਵਟ, ਕੁਸ਼ਵਾਹਾ, ਸੁੜੀ, ਕੁਰਮੀ, ਪਾਸਵਾਨ, ਯਾਦਵ, ਤੇਲੀ, ਗਦੇਰੀ, ਕੁਮਹਾਰ, ਰਵਦਾਸੀਆਂ ਸਮੇਤ ਹੋਰ ਬਹੁਤ ਸਾਰੇ ਲੋਕਾਂ ਨੇ ਸਿੱਖ ਧਰਮ ਨੂੰ ਧਾਰਨ ਕੀਤਾ ਸੀ। ਇਨ੍ਹਾਂ ਵਿੱਚੋਂ ਜ਼ਿਆਦਾਤਰ ਪਟਨਾ ਸਾਹਿਬ ਅਤੇ ਇਸ ਦੇ ਨਾਲ ਲੱਗਦੇ ਗੁਰਦੁਆਰਾ ਸਾਹਿਬਾਨ ਵਿਚ ਗ੍ਰੰਥੀ, ਸੇਵਾਦਾਰ ਆਦਿ ਲੱਗੇ ਹੋਏ ਹਨ। ਇਹ ਆਪਸ ਵਿਚ ਮੁੱਖ ਤੌਰ 'ਤੇ ਮਘੀ ਭਾਸ਼ਾ ਬੋਲਦੇ ਹਨ। ਸਾਨੂੰ ਇਨ੍ਹਾਂ ਵਿੱਚੋਂ ਅਜਿਹੇ ਸਿੱਖ ਵੀ ਮਿਲ ਜਾਂਦੇ ਹਨ ਜਿਨ੍ਹਾਂ ਦੇ ਕਈ ਸਦੀਆਂ ਤੋਂ ਜੰਮੂ, ਕਸ਼ਮੀਰ ਅਤੇ ਪੰਜਾਬ ਨਾਲ ਡੂੰਘੇ ਸੰਬੰਧ ਹਨ। ਵੱਖ-ਵੱਖ ਇਲਾਕਿਆਂ ਵਿਚ ਇਹ ਵੱਖ-ਵੱਖ ਗੁਰਪੁਰਬ ਧੂਮ-ਧਾਮ ਨਾਲ ਮਨਾਉਂਦੇ ਹਨ ਅਤੇ ਪੂਰੀ ਤਰ੍ਹਾਂ ਸਿੱਖ ਧਰਮ ਦੀ ਪਾਲਣਾ ਕਰਦੇ ਹਨ। ਦਾਨਾਪੁਰ ਦੇ ਨੇੜੇ ਐਨਖਾਂ ਦੇ ਰਾਜਾ ਰਾਘਵੇਂਦਰਧਾਰੀ ਸਿੰਘ ਦੇ ਸਮੇਂ ਪਟਨਾ ਅਤੇ ਇਸ ਦੇ ਨੇੜਲੇ ਜਹਾਨਾਬਾਦ, ਅਰਵਲ ਅਤੇ ਔਰੰਗਾਬਾਦ ਵਰਗੇ ਜ਼ਿਲ੍ਹਿਆਂ ਵਿਚ ਵੱਸਦੇ ਹਨ। ਅੰਗਰੇਜ਼ਾਂ ਵੇਲੇ ਦੇ ਸਰਕਾਰੀ ਰਿਕਾਰਡ ਵਿਚ ਮਿਲਟਰੀ ਬ੍ਰਾਹਮਣਾਂ ਦੇ ਤੌਰ 'ਤੇ ਜਾਣੇ ਜਾਂਦੇ ਬਿਹਾਰ ਦੇ ਸਭ ਤੋਂ ਮਜ਼ਬੂਤ ਜਿਮੀਂਦਾਰ 'ਭੂਮੀਹਾਰ' ਭਾਈਚਾਰੇ ਨੇ ਵੀ ਭਾਰੀ ਗਿਣਤੀ ਵਿਚ ਸਿੱਖ ਧਰਮ ਅਪਣਾਇਆ। ਸਾਬਕਾ ਐਮ. ਐਲ. ਏ. ਅਤੇ ਕੁਝ ਪਿੰਡਾਂ ਦੇ ਮੁਖੀਏ ਵੀ ਖ਼ਾਲਸੇ ਬਣੇ। ਇਹ ਕਿਹਾ ਜਾਂਦਾ ਹੈ ਕਿ ਇਨ੍ਹਾਂ ਵਿੱਚੋਂ ਕੁਝ ਰਣਬੀਰ ਸੈਨਾ ਨਾਂ ਦੀ ਪ੍ਰਾਈਵੇਟ ਫ਼ੌਜ ਨਾਲ ਵੀ ਜੁੜੇ ਰਹੇ ਹਨ।

ਗਯਾ, ਨਵਾਦਾ ਅਤੇ ਬਿਹਾਰ ਸ਼ਰੀਫ ਇਲਾਕਿਆਂ ਵਿਚ ਵੱਖ-ਵੱਖ ਤਰ੍ਹਾਂ ਦੇ ਪਿਛੋਕੜਾਂ ਵਾਲੇ ਸਿੱਖ ਦੇਖੇ ਜਾ ਸਕਦੇ ਹਨ। ਅਰੰਭ ਵਿਚ ਨਾਨਕ ਪੰਥ ਦਾ ਤੇਜ਼ ਵਾਧਾ ਮਹੁਰੀ ਜਾਤ ਦੇ ਲੋਕਾਂ ਦੇ ਇਸ ਵਿਚ ਸ਼ਾਮਲ ਹੋਣ ਨਾਲ ਹੋਇਆ। ਇਹ ਵੀ ਮਥੁਰਾ ਤੋਂ ਉੱਠੇ ਅਗਰਹਰੀਆਂ ਵਾਂਗ ਬਨੀਆਂ ਭਾਈਚਾਰੇ ਨਾਲ ਸੰਬੰਧਿਤ ਹਨ। ਇਨ੍ਹਾਂ ਵਿਚ ਵੀ ਆਮ ਸਿੱਖਾਂ ਵਾਂਗ ਤੰਬਾਕੂ ਦੀ ਵਰਤੋਂ ਦਾ ਸਖ਼ਤ ਪ੍ਰਹੇਜ਼ ਹੈ। ਇਹ ਵੱਡੇ ਵਪਾਰੀਆਂ ਅਤੇ ਅਮੀਰ ਕਾਰੋਬਾਰੀਆਂ ਦੇ ਤੌਰ 'ਤੇ ਉੱਭਰੇ। ਇਨ੍ਹਾਂ ਨੇ ਮਹੰਤਾਂ ਤੋਂ ਸ੍ਰੀ ਗੁਰੂ ਨਾਨਕ ਸਾਹਿਬ ਦੀਆਂ ਸਿੱਖਿਆਵਾਂ ਗ੍ਰਹਿਣ ਕੀਤੀਆਂ। ਇਨ੍ਹਾਂ ਨੇ ਨਾਨਕ ਸ਼ਾਹੀ ਡੇਰਿਆਂ ਦੀ ਉਸਾਰੀ ਅਤੇ ਇਨ੍ਹਾਂ ਦੀ ਦੇਖਭਾਲ ਲਈ ਦਿਲ ਖੋਲ੍ਹ ਕੇ ਜ਼ਮੀਨਾਂ ਅਤੇ ਧਨ ਦਾਨ ਕੀਤਾ। ਮਹੁਰੀ, ਬਰਨਵਾਲ, ਕੋਇਰੀ, ਸ਼ਾਓ, ਕੇਸਰੀ ਅਤੇ ਹੋਰ ਕਈ ਜਾਤਾਂ ਦੇ ਲੋਕ ਵੱਖ-ਵੱਖ ਸਥਾਨਕ ਉਦਾਸੀ ਸੰਗਤਾਂ ਨਾਲ ਜੁੜੇ ਹੋਏ ਸਨ।

ਭਵਿੱਖ ਵਿਚ ਸਿੱਖੀ ਦੇ ਵਿਕਾਸ ਦੀਆਂ ਸੰਭਾਵਨਾਵਾਂ ਨਾਲ ਓਤਪੋਤ ਅਤੇ ਨਵਾਂ ਉੱਭਰ ਰਿਹਾ ਇਕ ਵੱਡਾ ਵਰਗ ਉੱਤਰੀ ਬਿਹਾਰ ਦੇ ਅਰਰੀਆ, ਪੁਰਨੀਆਂ ਅਤੇ ਕਿਸ਼ਨਗੰਜ ਜ਼ਿਲ੍ਹਿਆਂ ਵਿਚ ਹੈ। ਪਹਿਲਾਂ ਇਹ ਮੁੱਖ ਤੌਰ 'ਤੇ ੧੯੭੦ ਤੋਂ ੧੯੮੦ ਦਰਮਿਆਨ ਹਰੇ ਇਨਕਲਾਬ ਦੌਰਾਨ ਪੰਜਾਬ ਵਿਚ ਪ੍ਰਵਾਸੀ ਮਜ਼ਦੂਰਾਂ ਦੇ ਤੌਰ 'ਤੇ ਆਏ ਸਨ। ਨੌਕਰੀਆਂ ਦੀ ਭਾਲ ਵਿਚ ਪੰਜਾਬ ਆ ਕੇ ਰਹਿਣ ਨਾਲ ਇਨ੍ਹਾਂ ਉੱਤੇ ਸਿੱਖ ਧਰਮ ਦਾ ਡੂੰਘਾ ਪ੍ਰਭਾਵ ਪੈਣ ਲੱਗਾ। 'ਕਿਰਤ ਕਰੋ', 'ਨਾਮ ਜਪੋ', ਅਤੇ 'ਵੰਡ ਛਕੋ' ਦੇ ਬੁਨਿਆਦੀ ਸਿਧਾਂਤਾਂ ਦੇ ਨਾਲ-ਨਾਲ ਮਾਨਵਤਾ ਅੰਦਰ ਬਰਾਬਰੀ ਅਤੇ ਮਨੁੱਖ ਜਾਤੀ ਪ੍ਰਤੀ ਨਿਰਸਵਾਰਥ ਸੇਵਾ ਦੇ ਸੰਦੇਸ਼ ਨੇ ਇਨ੍ਹਾਂ ਨੂੰ ਢਹਿੰਦੀਆਂ ਕਲਾ ਵਾਲੀ ਮਾਨਸਿਕ ਸਥਿਤੀ ਵਿੱਚੋਂ ਉਭਾਰਨ ਵਿਚ ਸਹਾਇਤਾ ਕੀਤੀ। ਇਹ ਹਿੰਦੂਆਂ ਦੀਆਂ ਸਭ ਤੋਂ ਨੀਵੀਆਂ ਜਾਤਾਂ ਨਾਲ ਸੰਬੰਧਿਤ ਹੋਣ ਕਰਕੇ ਹੀਣਤਾ ਭਰੀ ਜ਼ਿੰਦਗੀ ਜੀਉਣ ਵਾਲੇ ਬਹੁਤ ਗਰੀਬ ਲੋਕ ਸਨ। ਇਹ ਮੁੱਖ ਤੌਰ 'ਤੇ ਮੁਸਾਹਿਰ, ਪਾਸਵਾਨ, ਯਾਦਵ, ਲੋਹਾਰ ਅਤੇ ਅਜਿਹੀਆਂ ਹੋਰ ਜਾਤਾਂ ਦੇ ਸਨ। ਸਿੱਖ ਧਰਮ ਦੇ ਅਸਰ ਨਾਲ ਇਨ੍ਹਾਂ ਦੇ ਦਿਲਾਂ ਵਿਚ ਸ੍ਵੈਮਾਣ ਨਾਲ ਜੀਉਣ ਦਾ ਉਤਸ਼ਾਹ

ਪੈਦਾ ਹੋਇਆ ਅਤੇ ਇਹ ਅੰਮ੍ਰਿਤਧਾਰੀ ਸਿੱਖ ਬਣ ਗਏ। ਹੁਣ ਇਹ ਬਿਹਾਰ 'ਚ ਨਿਹੰਗ ਬਾਣੇ ਵਿਚ ਦਿੱਸਣ ਵਾਲੇ ਸਿੱਖ ਹਨ ਜੋ ਹਮੇਸ਼ਾ ਚੜ੍ਹਦੀ ਕਲਾ ਵਿਚ ਰਹਿ ਕੇ ਵਿਚਰਦੇ ਦਿਸਦੇ ਹਨ। ਇਹ ਹਲਹਲੀਆ, ਪਰਵਾਨਪੁਰ, ਮਹਾਰਾਜਪੁਰ, ਗਰਗੱਮਾ, ਗਾਡ ਬਾਲਸੇਰਾ ਅਤੇ ਕਈ ਹੋਰ ਪਿੰਡਾਂ ਵਿਚ ਫੈਲੇ ਹੋਏ ਹਨ। ਇਨ੍ਹਾਂ ਪਿੰਡਾਂ ਵਿਚ ਵਸਦੇ ਹੋਰ ਲੋਕ ਵੀ ਸਿੱਖ ਧਰਮ ਦੇ ਬਹੁਤ ਨੇੜੇ ਹਨ। ਬਹੁਤ ਸਾਰੇ ਲੋਕ ਸਿੱਖ ਜੀਵਨ-ਜਾਚ ਧਾਰਨ ਕਰਨ ਲਈ ਤੱਤਪਰ ਹਨ। ਪੰਜਾਬ ਦੇ ਸਿੱਖ ਕਿਸਾਨਾਂ ਦੇ ਸੀਰੀ-ਸਾਂਝੀ ਰਹੇ ਹੋਣ ਕਰਕੇ ਇਨ੍ਹਾਂ ਦੀ ਸਿੱਖ ਧਰਮ ਨਾਲ ਨੇੜਤਾ ਕੁਦਰਤੀ ਤੌਰ 'ਤੇ ਬਣ ਗਈ। ਪੰਜਾਬੀ ਸਿੱਖਾਂ ਦੇ ਚੜ੍ਹਦੀ ਕਲਾ ਵਾਲੇ ਸੁਭਾਅ ਅਤੇ ਜੀਵਨ ਸ਼ੈਲੀ ਦਾ ਇਨ੍ਹਾਂ ਉੱਤੇ ਡੂੰਘਾ ਅਸਰ ਪਿਆ। ਇਹ ਪੰਜ ਬਾਣੀਆਂ ਦੇ ਨਿੱਤਨੇਮੀ ਹਨ ਅਤੇ ਰੋਜ਼ਾਨਾ ਕੀਰਤਨ ਸਰਵਣ ਕਰਦੇ ਹਨ। ਨਿਯਮਿਤ ਰੂਪ ਵਿਚ ਗੁਰਪੁਰਬ ਮਨਾਉਂਦੇ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਬਹੁਤ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਇਹ ਆਪਣੀ ਸਥਾਨਕ ਮੈਥਲੀ ਭਾਸ਼ਾ ਦੇ ਨਾਲ-ਨਾਲ ਬੋਲਚਾਲ ਵਾਲੀ ਪੰਜਾਬੀ ਵਰਤਦੇ ਹਨ। ਸਿੱਖ ਮਿਸ਼ਨ ਕੋਲਕਾਤਾ ਦੇ ਸੇਵਾਦਾਰ ਇੱਥੇ ਕੁਝ ਸਿੱਖਾਂ ਨੂੰ ਖਾਸਕਰ 'ਸਾਂਝੀਵਾਲ ਟਰੱਸਟ' ਵਾਲਿਆਂ ਨੂੰ ਪ੍ਰੇਰਿਤ ਕਰਨ ਵਿਚ ਸਫਲ ਹੋ ਸਕੇ ਜਿਨ੍ਹਾਂ ਹਲਹਲੀਆ ਵਿਖੇ ਗੁਰਮੁਖੀ ਵਿਦਿਆਲਿਆ ਅਤੇ ਪਰਵਾਨਪੁਰ ਵਿਖੇ ਇਕ ਛੋਟਾ ਜਿਹਾ ਗੁਰਦੁਆਰਾ ਸਾਹਿਬ ਬਣਾਉਣ ਦਾ ਕੰਮ ਸ਼ੁਰੂ ਕੀਤਾ। ਇਸ ਟਰੱਸਟ ਨੇ ਕੁਝ ਹੋਰ ਇਲਾਕਿਆਂ ਵਿਚ ਵੀ ਗੁਰਦੁਆਰਾ ਸਾਹਿਬਾਨ ਬਣਾਉਣ ਦੀ ਸਾਡੀ ਬੇਨਤੀ ਪ੍ਰਵਾਨ ਕੀਤੀ ਹੈ। ਦਾਨੀ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਸਿੱਖਾਂ ਨੂੰ ਇਸ ਖ਼ੇਤਰ ਵਿਚ ਸਿੱਖੀ ਦੀਆਂ ਜੜ੍ਹਾਂ ਮਜ਼ਬੂਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਇਸ ਤੋਂ ਇਲਾਵਾ ਬਿਹਾਰ ਵਿਚ ਸੈਂਕੜੇ ਉਦਾਸੀ ਡੇਰੇ ਅਤੇ ਕੁਝ ਨਿਰਮਲੇ ਡੇਰੇ ਵੀ ਹਨ ਜੋ ਕਦੀ ਸਿੱਖ ਧਰਮ ਦੇ ਮਹੱਤਵਪੂਰਨ ਕੇਂਦਰ ਹੁੰਦੇ ਸਨ। ਅਜਿਹੇ ਕਈ ਸਥਾਨਾਂ 'ਤੇ ਗੁਰਪੁਰਬਾਂ ਜਾਂ ਹੋਰ ਵਿਸ਼ੇਸ਼ ਅਵਸਰਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਖੰਡ ਪਾਠ ਹੁੰਦੇ ਹਨ। ਕਈ ਸਥਾਨਕ ਲੋਕ ਪੀੜ੍ਹੀਆਂ ਤੋਂ ਇਨ੍ਹਾਂ ਡੇਰਿਆਂ ਨਾਲ ਜੁੜੇ ਹੋਏ ਹਨ। ਪਰ ਇਹ ਚਿੰਤਾ ਦੀ ਗੱਲ ਹੈ ਕਿ ਬਹੁਤ ਸਾਰੇ ਡੇਰਿਆਂ ਦੀ ਸੰਪੱਤੀ ਹੋਰਾਂ ਵੱਲੋਂ ਨਜ਼ਾਇਜ਼ ਤੌਰ 'ਤੇ ਦੱਬੀ ਜਾ ਰਹੀ ਹੈ ਅਤੇ ਨੇੜੇ ਦੇ ਭਵਿੱਖ ਵਿਚ ਇਨ੍ਹਾਂ ਦੇ ਅਲੋਪ ਹੋ ਜਾਣ ਦਾ ਖਦਸ਼ਾ ਹੈ। ਵੱਡੀ ਗਿਣਤੀ ਵਿਚ ਇਹ ਡੇਰੇ ਸਾਰੇ ਪੂਰਬੀ ਭਾਰਤ ਵਿਚ ਅਣਗਿਣਤ ਥਾਂਵਾਂ ਅਤੇ ਦੂਰ-ਦਰਾਡੇ ਇਲਾਕਿਆਂ ਵਿਚ ਫੈਲੇ ਹੋਏ ਹਨ। ਇਨ੍ਹਾਂ ਸਾਰੇ ਡੇਰਿਆਂ ਦੀ ਸੂਚੀ ਅਤੇ ਇਨ੍ਹਾਂ ਨਾਲ ਸੰਬੰਧਿਤ ਸਾਰੀ ਸੰਪਤੀ ਦਾ ਪੂਰਾ ਅਤੇ ਸਹੀ ਰਿਕਾਰਡ ਤਿਆਰ ਕੀਤਾ ਜਾਣਾ ਚਾਹੀਦਾ ਹੈ। ਇਹ ਸਿੱਖ ਇਤਿਹਾਸ ਅਤੇ ਸਿੱਖ ਧਰਮ ਨੂੰ ਪਿਆਰ ਕਰਨ ਵਾਲੇ ਸਾਰਿਆਂ ਲਈ ਗੰਭੀਰਤਾ ਨਾਲ ਵਿਚਾਰਨ ਦਾ ਵਿਸ਼ਾ ਹੈ।

ਕਈ ਸਾਲਾਂ ਤੋਂ ਮੈਂ ਪੂਰਬੀ ਭਾਰਤ ਵਿਚ ਖਿੰਡਰੇ ਸਿੱਖ ਭਾਈਚਾਰੇ ਦੀ ਖੋਜ-ਭਾਲ ਵਿਚ ਲੱਗਾ ਹੋਇਆ ਹਾਂ। ਮੈਨੂੰ ਅਜਿਹੀਆਂ ਥਾਂਵਾਂ 'ਤੇ ਜਾ ਕੇ ਬਹੁਤ ਸਕੂਨ ਭਰਪੂਰ ਖੁਸ਼ੀ ਮਿਲਦੀ ਹੈ। ਇਸ ਕਰਕੇ ਇਹ ਮੇਰੇ ਲਈ ਬਹੁਤ ਮਹੱਤਵ ਭਰਿਆ ਕੰਮ ਹੈ। ਬਿਹਾਰ ਦੇ ਅੱਡਰੇ ਸਮਾਜਿਕ ਵਾਤਾਵਰਨ ਵਿਚ ਤਿੰਨ ਸੌ ਸਾਲ ਤੋਂ ਵਧੇਰੇ ਸਮੇਂ ਤੋਂ ਰਹਿ ਰਹੇ ਇਨ੍ਹਾਂ ਸਿੱਖਾਂ ਨੇ ਸਿੱਖ ਸੱਭਿਆਚਾਰ, ਰੀਤਾਂ ਅਤੇ ਸਰਗਰਮੀਆਂ ਨੂੰ ਅਲੋਪ ਨਹੀਂ ਹੋਣ ਦਿੱਤਾ। ਮੇਰੇ ਲਈ ਇਨ੍ਹਾਂ ਸਥਾਨਾਂ ਦੀ ਯਾਤਰਾ ਅੱਖਾਂ ਖੋਲ੍ਹਣ ਵਾਲੀ ਹੁੰਦੀ ਹੈ। ਅਸੀਂ ਦੇਖਿਆ ਹੈ ਇਹ ਸਮਕਾਲੀ ਸਥਿਤੀਆਂ, ਮੁੱਦਿਆਂ ਅਤੇ ਮਸਲਿਆਂ ਦਾ ਕਿਵੇਂ ਸਾਹਮਣਾ ਕਰਦੇ ਹਨ ਅਤੇ ਆਧੁਨਿਕ ਦੌਰ ਦੇ ਵੰਨ-ਸੁਵੰਨਤਾ ਭਰੇ ਸਮਾਜ ਵਿਚ ਆਪਣੇ ਆਪ ਨੂੰ ਕਿਵੇਂ ਢਾਲਦੇ ਹਨ। ਮੈਨੂੰ ਹੈਰਾਨੀ ਹੁੰਦੀ ਹੈ ਕਿ ਇਹ ਲੋਕ ਸਿੱਖੀ ਦੇ ਨਕਸ਼ੇ 'ਤੇ ਉਘੜਵੇਂ ਰੂਪ ਵਿਚ ਦਿੱਸਣ ਦੀ ਬਜਾਇ ਹਨੇਰੇ 'ਚ ਗੁੰਮ ਕਿਉਂ ਹਨ? ਸਿੱਖ ਭਾਈਚਾਰੇ ਵਿਚ ਰਿਸ਼ਤਿਆਂ ਦਾ ਬੁਨਿਆਦੀ ਤਾਣਾ-ਬਾਣਾ ਪਿਆਰ, ਪ੍ਰਤੀਬੱਧਤਾ ਅਤੇ ਪਾਰਦਰਸ਼ਤਾ ਵਾਲਾ ਹੋਣਾ ਚਾਹੀਦਾ ਹੈ। ਇਸ ਵਾਸਤੇ ਤਾਲ-ਮੇਲ ਅਤੇ ਮੇਲ-ਜੋਲ ਸਭ ਤੋਂ ਜ਼ਰੂਰੀ ਹਨ।

ਮੈਂ ਬਿਹਾਰ ਦੇ ਵਿਲੱਖਣ ਸੱਭਿਆਚਾਰ ਨਾਲ ਬਹੁਤ ਨੇੜਤਾ ਵਾਲਾ ਸੰਬੰਧ ਬਣਾਇਆ ਹੈ। ਮੁੱਖ ਧਾਰਾ ਜਾਂ ਬਹੁਗਿਣਤੀ ਵਾਲੇ ਸਿੱਖ ਭਾਈਚਾਰੇ ਦੀਆਂ ਸਮੱਸਿਆਵਾਂ ਅਤੇ ਤਕਲੀਫਾਂ ਨਾਲ ਇਹ ਵੀ ਪ੍ਰਭਾਵਿਤ ਹੁੰਦੇ ਹਨ। ਸਿੱਖ ਆਗੂਆਂ, ਵਿਦਵਾਨਾਂ ਅਤੇ ਵਿਚਾਰਵਾਨਾਂ ਨੂੰ ਇਹ ਧਿਆਨ ਵਿਚ ਰੱਖਣਾ ਚਾਹੀਦਾ ਹੈ ਕਿ ਪੰਜਾਬ ਜਾਂ ਦਿੱਲੀ ਵਰਗੀਆਂ ਥਾਂਵਾਂ 'ਤੇ ਹੋਣ ਵਾਲੀਆਂ ਸਿਆਸੀ ਅਤੇ ਸਮਾਜਿਕ ਗੜਬੜਾਂ ਇਨ੍ਹਾਂ ਸਿੱਖਾਂ ਦੀ ਹੋਣੀ 'ਤੇ ਕਿਸ ਤਰ੍ਹਾਂ ਅਸਰਅੰਦਾਜ਼ ਹੁੰਦੀਆਂ ਹਨ। ਅਕਸਰ ਜਦ ਅਸੀਂ ਸਿੱਖੀ ਦੀ ਗੱਲ ਕਰਦੇ ਹਾਂ ਤਾਂ ਸਾਡਾ ਮਤਲਬ ਪੰਜਾਬ ਤੋਂ ਹੀ ਹੁੰਦਾ ਹੈ, ਜੋ ਠੀਕ ਨਹੀਂ ਹੈ। ਇਹ ਸਮਝਣ ਅਤੇ ਧਿਆਨ ਦੇਣ ਵਾਲੀ ਗੱਲ ਹੈ ਕਿ ਧੁਰ ਪੂਰਬ, ਪੱਛਮ ਅਤੇ ਥੱਲੇ ਦੱਖਣ ਤਕ ਸਿੱਖੀ ਦੀ ਹੋਂਦ ਨੂੰ ਬਰਾਬਰ ਧਿਆਨ ਵਿਚ ਰੱਖਣਾ ਚਾਹੀਦਾ ਹੈ। ਬੇਗਾਨਗੀ ਅਤੇ ਵਿਤਕਰੇ ਦੀ ਭਾਵਨਾ ਬਹੁਤ ਸਾਰੇ ਥਾਂਵਾਂ 'ਤੇ ਵੱਖ-ਵੱਖ ਵਰਗਾਂ ਦੇ ਸਿੱਖਾਂ ਵੱਲੋਂ ਮਹਿਸੂਸ ਕੀਤੀ ਜਾ ਰਹੀ ਹੈ। ਕਈਆਂ ਦੀ ਤਾਂ ਹੋਂਦ ਹੀ ਮੁੱਕਣ ਕਿਨਾਰੇ ਹੈ। ਉਨ੍ਹਾਂ ਦੀਆਂ ਆਪਣੀਆਂ ਵੱਖਰੀਆਂ ਸਮੱਸਿਆਵਾਂ ਹਨ, ਜਿਵੇਂ ਉਨ੍ਹਾਂ ਦੀਆਂ ਆਪਣੀਆਂ ਵੱਖਰੀਆਂ ਮਾਨਤਾਵਾਂ ਹਨ ਅਤੇ ਸਭ ਤੋਂ ਮਹੱਤਵਪੂਰਨ ਕਿ ਉਨ੍ਹਾਂ ਦੀਆਂ ਆਪੋ-ਆਪਣੀਆਂ ਬੋਲੀਆਂ ਹਨ। ਇਸ ਦਾ ਭਾਵ ਹੈ ਕਿ ਉਨ੍ਹਾਂ ਦੀ ਵਿਸ਼ਵ-ਦ੍ਰਿਸ਼ਟੀ ਵੱਖਰੀ ਹੈ। ਬੇਸ਼ੱਕ ਸਾਡੀ ਆਸਥਾ, ਇਤਿਹਾਸ, ਵਿਚਾਰਧਾਰਾ, ਕੇਂਦਰੀ ਅਸਥਾਨਾਂ ਸਮੇਤ ਅਨੇਕਾਂ ਸਾਂਝਾਂ ਹਨ। ਪਰ ਵਸੇਬੇ ਦੀਆਂ ਥਾਂਵਾਂ, ਇਨ੍ਹਾਂ ਥਾਂਵਾਂ ਦਾ ਸੱਭਿਆਚਾਰ, ਬੋਲੀਆਂ ਅਤੇ ਸਿਆਸੀ ਸਥਿਤੀਆਂ ਤਾਂ ਇੱਕ-ਦੂਸਰੇ ਤੋਂ ਵੱਖਰੀਆਂ ਹਨ। ਸਾਨੂੰ ਪੰਜਾਬ ਦੇ ਅਤੇ ਬਾਕੀ ਦੇਸ਼ ਦੇ ਸਿੱਖਾਂ ਦੀ ਭਾਸ਼ਾਈ ਤੇ ਸੱਭਿਆਚਾਰਕ ਭਿੰਨਤਾ ਨੂੰ ਜੋੜਨ ਵਾਲਾ ਪੁਲ਼ ਉਸਾਰਨਾ ਚਾਹੀਦਾ ਹੈ। ਹਰ ਤਰ੍ਹਾਂ ਦੀ ਰੁਕਾਵਟ ਅਤੇ ਪਾੜੇ ਮਿਟਾ ਕੇ ਸੰਸਾਰ ਦੇ ਹਰ ਹਿੱਸੇ ਵਿਚ ਰਹਿ ਰਹੇ ਸਿੱਖਾਂ ਨੂੰ ਆਪਸ ਵਿਚ ਜੋੜਿਆ ਜਾਣਾ ਚਾਹੀਦਾ ਹੈ। ਇਹ ਕੁਝ ਤਸੱਲੀ ਵਾਲੀ ਗੱਲ ਹੈ ਕਿ ਇਸ ਵਿਚਾਰ ਵਾਲੇ ਕੁਝ ਭੈਣਾਂ-ਭਰਾਵਾਂ ਵੱਲੋਂ ਦੂਰ-ਦ੍ਰਿਸ਼ਟੀ ਭਰੇ ਅਣਥੱਕ ਯਤਨਾਂ ਨਾਲ ਅਣਗੌਲੇ ਅਤੇ ਅਪਹੁੰਚ ਖ਼ੇਤਰਾਂ ਲਈ ਲੰਮੇ ਸਮੇਂ ਦੀ ਯੋਜਨਾਵਾਂ ਬਣਾਈਆਂ ਗਈਆਂ ਹਨ ਜੋ ਸਿੱਖ ਨਜ਼ਰੀਏ ਤੋਂ ਬਹੁਤ ਮਹੱਤਵਪੂਰਨ ਹਨ।

ਸਮੁੱਚੇ ਸਿੱਖ ਭਾਈਚਾਰੇ ਨੂੰ ਇਸ ਗੱਲ ਲਈ ਜਾਗਰੂਕ ਹੋਣਾ ਚਾਹੀਦਾ ਹੈ ਕਿ ਜਿਵੇਂ ੨੦੧੭ ਦਾ ਵਰ੍ਹਾ ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਟਨਾ ਸਾਹਿਬ ਵਿਚ ੩੫੦ਵੇਂ ਪ੍ਰਕਾਸ਼ ਪੁਰਬ ਦਾ ਵਰ੍ਹਾ ਸੀ, ਉੱਥੇ ਇਹ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਦੇਸ਼ ਦੇ ਪੂਰਬੀ ਹਿੱਸੇ ਵਿਚ ਕੀਤੀ ਮਹੱਤਵਪੂਰਨ ਯਾਤਰਾ ਅਰੰਭ ਕਰਨ ਦਾ ਵੀ ੩੫੦ਵਾਂ ਵਰ੍ਹਾ ਸੀ। ਇਸ ਪਾਸੇ ਜਿਨ੍ਹਾਂ ਥਾਂਵਾਂ ਨੂੰ ਪਿਛਲੇ ਪੰਜ ਸੌ ਸਾਲ ਤੋਂ ਵੱਧ ਸਮੇਂ ਦੌਰਾਨ ਸ੍ਰੀ ਗੁਰੂ ਨਾਨਕ ਸਾਹਿਬ ਜੀ, ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ-ਛੋਹ ਪ੍ਰਾਪਤ ਹੋਈ ਹੈ, ਸਿੱਖਾਂ ਨੂੰ ਉਨ੍ਹਾਂ ਦੀ ਜਾਣਕਾਰੀ ਹੋਣੀ ਚਾਹੀਦੀ ਹੈ ਅਤੇ ਉਨ੍ਹਾਂ ਅਸਥਾਨਾਂ ਨੂੰ ਜਾ ਕੇ ਅੱਖੀਂ ਦੇਖਣਾ ਚਾਹੀਦਾ ਹੈ। ਪਟਨਾ ਸਾਹਿਬ ਦੇ ਨਾਲ ਨਾਲ ਬਾਕੀ ਬਿਹਾਰ, ਝਾਰਖੰਡ, ਉੜੀਸਾ, ਆਸਾਮ, ਪੱਛਮੀ ਬੰਗਾਲ ਇੱਥੋਂ ਤਕ ਕਿ ਬੰਗਲਾਦੇਸ਼ ਵਿਚਲੇ ਇਤਿਹਾਸਿਕ ਮਹੱਤਤਾ ਵਾਲੇ ਸਮੂਹ ਗੁਰਦੁਆਰਾ ਸਾਹਿਬਾਨ ਦੇ ਨਾਲ ਤਾਲਮੇਲ ਹੋਣਾ ਚਾਹੀਦਾ ਹੈ। ਇਹ ਕਾਰਜ ਪਟਨਾ ਸਾਹਿਬ ਤੋਂ ਸ਼ੁਰੂ ਹੋਣਾ ਚਾਹੀਦਾ ਹੈ ਅਤੇ ਇਸ ਵਿਚ ਬਿਹਾਰ ਦੇ ਰਾਜਗੀਰ, ਰਾਜੌਲੀ, ਸਾਸਾਰਾਮ, ਗਯਾ, ਲਕਸ਼ਮੀਪੁਰ ਤੇ ਮਹੇਸ਼ਵਾ (ਕਟਿਹਾਰ), ਹਲਹਲੀਆ ਅਤੇ ਅਰਰੀਆ ਜ਼ਿਲ੍ਹੇ ਦੇ ਪਿੰਡ, ਪੂਰਬੀ ਯੂ. ਪੀ. ਦੇ ਵਾਰਾਣਸੀ, ਨਿਜ਼ਾਮਾਬਾਦ, ਬਲੀਆ ਸਮੇਤ ਕਈ ਸਥਾਨ, ਅਸਾਮ ਵਿਚਲੇ ਧੋਬੜੀ ਸਾਹਿਬ ਅਤੇ ਨਾਓਗਾਓਂ ਦੇ ਪਿੰਡ, ਬੰਗਲਾਦੇਸ਼ ਦੇ ਢਾਕਾ, ਚਿਟਾਗੌਂਗ ਅਤੇ ਮਾਈਮੇਨਸਿੰਘ, ਪੱਛਮੀ ਬੰਗਾਲ ਦੇ ਮਾਲਦਾ, ਕਲਕੱਤਾ ਅਤੇ ਚੰਦਰਾਕੋਨਾ, ਉਡੀਸਾ ਦੇ ਕਟਕ ਅਤੇ ਪੁਰੀ ਤੋਂ ਇਲਾਵਾ ਇਤਿਹਾਸਿਕ ਦ੍ਰਿਸ਼ਟੀ ਤੋਂ ਮਹੱਤਵਪੂਰਨ ਹੋਰ ਗੁਰਦੁਆਰਾ ਸਾਹਿਬਾਨ, ਉਦਾਸੀ ਅਤੇ ਨਿਰਮਲਾ ਡੇਰਿਆਂ, ਮੱਠਾਂ ਆਦਿ ਨੂੰ ਸ਼ਾਮਲ ਕਰਨਾ ਚਾਹੀਦਾ ਹੈ। ਪੂਰਬੀ ਭਾਰਤ ਦੇ ਸਿੱਖਾਂ ਦੀ ਸਲਾਹ ਨਾਲ ਇਨ੍ਹਾਂ ਅਸਥਾਨਾਂ ਦੀ ਯਾਤਰਾ ਦਾ ਨੈੱਟਵਰਕ ਬਣਾਇਆ ਜਾਣਾ

ਚਾਹੀਦਾ ਹੈ। ਸਾਨੂੰ ਇਨ੍ਹਾਂ ਅਸਥਾਨਾਂ ਦੀ ਸਾਰ ਲੈਣ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਕਿ ਇਨ੍ਹਾਂ ਪ੍ਰਤੀ ਸਮੁੱਚੇ ਪੰਥ ਅੰਦਰ ਵਿਆਪਕ, ਵਿਸ਼ਾਲ ਅਤੇ ਅਪਣੱਤ ਭਰਿਆ ਨਜ਼ਰੀਆ ਪੈਦਾ ਹੋ ਸਕੇ ਜੋ ਸਾਡੇ ਜੀਵਨ ਕਾਲ ਵਿਚ ਧਰਤੀ ਦੇ ਕਿਸੇ ਕੋਨੇ ਵਿਚ ਬੈਠੇ ਰਹਿਣ ਨਾਲ ਹਾਸਲ ਨਹੀਂ ਹੋ ਸਕਦਾ। 'ਬੀਤੇ ਨੂੰ ਜਾਣੋ, ਭਵਿੱਖ ਨੂੰ ਪਛਾਣੋ' ਸਾਡਾ ਨਾਹਰਾ ਹੋਣਾ ਚਾਹੀਦਾ ਹੈ। ਆਪਣੇ ਮਹਾਨ ਵਿਰਸੇ ਦੇ ਵਾਰਸ ਹੋਣ ਦਾ ਮਾਣ ਹੋਣ ਦੇ ਨਾਲ ਨਾਲ ਸਾਡੇ ਮਨਾਂ ਵਿਚ ਇਸ ਦਾਤ ਪ੍ਰਤੀ ਨਿਰਮਾਣਤਾ ਭਰਪੂਰ ਸ਼ੁਕਰਾਨੇ ਦਾ ਭਾਵ ਹੋਣਾ ਚਾਹੀਦਾ ਹੈ।

## ਵਿਸ਼ੇ ਨਾਲ ਸੰਬੰਧਿਤ ਸਮੱਗਰੀ:

ਪਾਠਕ ਸੰਬੰਧਿਤ ਤੱਥਾਂ ਅਤੇ ਇਨ੍ਹਾਂ ਦੀ ਪ੍ਰਾਸੰਗਕਿਤਾ ਬਾਰੇ ਹੋਰ ਜਾਣਕਾਰੀ ਲੈਣ ਲਈ ਹੇਠ ਲਿਖੇ ਲੇਖਾਂ 'ਤੇ ਨਜ਼ਰ ਮਾਰ ਸਕਦੇ ਹਨ:

੧. Sikhs Living Other Than Punjab - ਅਕਤੂਬਰ ੨੦੦੯ ਵਿਚ ਇੰਸਟੀਚਿਊਟ ਆਫ ਸਿੱਖ ਸਟੱਡੀਜ਼ ਦੁਆਰਾ ਆਯੋਜਿਤ ਸੈਮੀਨਾਰ ਵਿਚ ਪੇਸ਼ ਕੀਤਾ ਗਿਆ ਅਤੇ ਇਹ ਅੰਸ਼ਿਕ ਰੂਪ ਵਿਚ The Sikhs-Beyond Punjab ਸਿਰਲੇਖ ਅਧੀਨ 'ਸਿੱਖ ਰਿਵਿਊ' ਵਿਚ ਪ੍ਰਕਾਸ਼ਿਤ ਹੋਇਆ।

੨. Sikhs of Sasaram- ੩੦-੩੧ ਨਵੰਬਰ ੨੦੧੦ ਨੂੰ ਗਾਜ਼ੀਆਬਾਦ ਵਿਚ 'ਭੁੱਲੇ ਵਿਸਰੇ ਸਿੱਖਾਂ ਦੇ ਤੀਜੇ ਸੰਮੇਲਨ' ਵਿਚ ਪੜ੍ਹਿਆ ਗਿਆ ਪਰਚਾ ਜੋ 'ਸਿੱਖ ਰਿਵਿਊ' ਵਿਚ Roots of Faith-Sikhs of Sasaram ਦੇ ਸਿਰਲੇਖ ਹੇਠ ਛਪਿਆ। ਇਸ ਦਾ ਪੰਜਾਬੀ ਰੂਪ 'ਸਾਸਾਰਾਮ ਦੇ ਵਸਨੀਕ ਸਿੱਖ, 'ਗੁਰਮਤਿ ਪ੍ਰਕਾਸ਼' ਦੇ ਜਨਵਰੀ ੨੦੧੧ ਅੰਕ ਵਿਚ ਅਤੇ ਬਾਅਦ ਕਈ ਹੋਰ ਪੰਜਾਬੀ ਰਸਾਲਿਆਂ ਵਿਚ ਪ੍ਰਕਾਸ਼ਿਤ ਹੋਇਆ।

੩. 'ਘਰੋਂ ਦੂਰ ਘਰ'- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੁਆਰਾ ਕੋਲਕਾਤਾ ਵਿਖੇ ਆਯੋਜਿਤ ਪੂਰਬੀ ਭਾਰਤ ਪੰਜਾਬੀ ਸੰਮੇਲਨ ਦੇ ਸੈਮੀਨਾਰ ਵਿਚ ਪੇਸ਼ ਕੀਤਾ ਗਿਆ ਪਰਚਾ। ਪੰਜਾਬੀ ਰੂਪ 'ਗੁਰਮਤਿ ਪ੍ਰਕਾਸ਼' ਵਿਚ ਅਤੇ ਅੰਗਰੇਜ਼ੀ ਰੂਪ Abstract of Sikh Studies ਵਿਚ ਅਪ੍ਰੈਲ ੨੦੧੨ 'ਚ ਛਪਿਆ। ਮੁੰਬਈ ਸਿੰਘ ਸਭਾ ਦੇ ਆਨਲਾਈਨ ਰਸਾਲੇ ਵਿਚ ੫ ਮਈ, ੨੦੧੧ ਨੂੰ Home away from Home ਸਿਰਲੇਖ ਹੇਠ ਛਪਿਆ।

੪. 'ਹਲਹਲੀਆ ਦੇ ਸਿੱਖ'-ਪੰਜਾਬੀ ਵਿਚ 'ਗੁਰਮਤਿ ਪ੍ਰਕਾਸ਼' ਅਤੇ 'ਸਿੱਖ ਫੁਲਵਾੜੀ' ਅਤੇ Blessed Sikhs of Bihar ਅੰਗਰੇਜ਼ੀ ਵਿਚ 'ਸਿੱਖ ਰਿਵਿਊ' ਮਈ ੨੦੧੩ 'ਚ ਪ੍ਰਕਾਸ਼ਿਤ ਹੋਇਆ।

੫. ਸੋਧ ਵੰਸ਼ੀ ਖ਼ਾਲਸਾ-ਸਾਡੀ ਅਣਜਾਣੀ ਵਿਰਾਸਤ- ਇਹ ਪਰਚਾ 'ਗੁਰਮਤਿ ਪ੍ਰਕਾਸ਼' ਦੇ ਨਵੰਬਰ ੨੦੧੪, ਦਸੰਬਰ ੨੦੧੪ ਅਤੇ ਜਨਵਰੀ ੨੦੧੫ ਦੇ ਅੰਕਾਂ ਵਿਚ ਛਪਿਆ। ਇਸ ਦਾ ਅੰਗਰੇਜ਼ੀ ਰੂਪ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਖੋਜ ਰਸਾਲੇ ਅਤੇ 'ਸਿੱਖ ਰਿਵਿਊ' ਦੇ ਜੁਲਾਈ ਅਤੇ ਅਗਸਤ ੨੦੧੫ ਦੇ ਅੰਕਾਂ ਵਿਚ ਪ੍ਰਕਾਸ਼ਿਤ ਹੋਇਆ।

੬. 'ਵੈਸ਼ਾਲੀ ਦੇ ਸਿੱਖ'- 'ਗੁਰਮਤਿ ਪ੍ਰਕਾਸ਼' ਦੇ ਨਵੰਬਰ ਅਤੇ ਦਸੰਬਰ ੨੦੧੫ ਦੇ ਅੰਕਾਂ ਵਿਚ ਪ੍ਰਕਾਸ਼ਿਤ ਹੋਇਆ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਖੋਜ ਰਸਾਲੇ ਵਿਚ ਵੀ ਛਪਿਆ।

੭. Kedli Chatti and Dumri (Jharkhand)- Two More Pearls in the String of Sikhism, Abstracts of Sikh Studies, (Vol XVIII, Issue ੨) ਦੇ ਅਪ੍ਰੈਲ-ਜੂਨ ੨੦੧੬ ਅੰਕ ਵਿਚ ਪ੍ਰਕਾਸ਼ਿਤ ਹੋਇਆ।

੮. ਗੁਰੂ ਬੋਲੀ ਪੰਜਾਬੀ- ਇਹ ਪਰਚਾ ਪੰਜਾਬੀ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੁਆਰਾ ਆਯੋਜਿਤ ਪੰਜਾਬੀ ਕਾਨਫਰੰਸ-੨੦੧੬ ਵਿਚ ਪੇਸ਼ ਕੀਤਾ ਗਿਆ।

■

# ਦਸਮੇਸ਼ ਪਿਤਾ ਜੀ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ

*-ਸ. ਦੇਵਿੰਦਰ ਸਿੰਘ ਜੀਆ ਨੱਥਾ**

ਤਲਵੰਡੀ ਸਾਬੋ ਦੀ ਧਰਤੀ ਭਾਗਾਂ ਵਾਲੀ ਹੈ ਜਿਥੇ ਸਰਬੰਸਦਾਨੀ, ਬਾਦਸ਼ਾਹ ਦਰਵੇਸ਼, ਸੰਤ ਸਿਪਾਹੀ ਦਸਮ ਪਤਾਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਚਰਨ-ਛੋਹ ਬਖ਼ਸ਼ ਕੇ ਮੁੱਢ ਕਦੀਮ ਤੋਂ ਬੇਆਬਾਦ ਧਰਤੀ ਨੂੰ ਹਰੀ ਭਰੀ ਕਰ ਦਿੱਤਾ ਅਤੇ ਇਸ ਨੂੰ ਸਿੱਖੀ ਦਾ ਕੇਂਦਰ ਬਣਾਇਆ।

**ਤਲਵੰਡੀ ਸਾਬੋ ਦੇ ਇਲਾਕੇ ਦਾ ਇਤਿਹਾਸ ਅਤੇ ਭੂਗੋਲਿਕ ਸਥਿਤੀ-**

ਪਹਿਲਾਂ-ਪਹਿਲ ਤਲਵੰਡੀ ਸਾਬੋ ਇਕ ਛੋਟਾ ਜਿਹਾ ਕਸਬਾ ਸੀ ਜੋ ਹੁਣ ਕਾਫੀ ਵਿਕਸਤ ਹੋ ਚੁੱਕਾ ਹੈ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ, ਸਿੱਖ ਪੰਥ ਦੇ ਪੰਜ ਤਖ਼ਤਾਂ ਵਿਚ ਸ਼ਾਮਲ ਹੋ ਜਾਣ ਕਾਰਨ ਇਸ ਨੇ ਕਾਫੀ ਤਰੱਕੀ ਕੀਤੀ। ਇਹ ਸ਼ਹਿਰ ਬਠਿੰਡੇ ਤੋਂ ੨੮ ਕਿਲੋਮੀਟਰ ਦੂਰ ਦੱਖਣ-ਪੂਰਬ ਵੱਲ ਹੈ। ਇਸ ਦਾ ਅਕਸ਼ਾਂਸ਼ ੨੯੦-੫੯ ਅਤੇ ਰੇਖਾਂਸ਼ ਦੇਸ਼ਾਂਤਰ ੭੫੦-੫ ਹੈ।[੧]

ਅਸੀਂ ਜੇਕਰ ਇਥੋਂ ਦੇ ਇਲਾਕੇ ਦੇ ਇਤਿਹਾਸ ਦੀਆਂ ਪਰਤਾਂ ਵੱਲ ਨਜ਼ਰ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਪੁਰਾਣੇ ਸਮਿਆਂ ਵਿਚ ਸਰਸਵਤੀ ਨਦੀ ਥਾਨੇਸਰ ਦੇ ਕੋਲੋਂ ਲੰਘਦੀ ਹੋਈ ਇਸ ਕਸਬੇ ਦੇ ਇਲਾਕੇ ਨੂੰ ਪਾਣੀ ਨਾਲ ਸਿੰਜਦੀ ਹੋਈ ਅੱਗੇ ਜਾਂਦੀ ਸੀ ਅਤੇ ਇਹ ਇਲਾਕਾ ਹਰਿਆਵਲ ਭਰਪੂਰ ਸੀ। ਫਿਰ ਕਦੇ ਸਤਿਲੁਜ ਦਰਿਆ ਦਾ ਠੰਡਾ ਜਲ ਇਥੋਂ ਦੀ ਧਰਤੀ ਨੂੰ ਜ਼ਰਖੇਜ਼ ਬਣਾ ਰਿਹਾ ਸੀ ਪਰੰਤੂ ਸਮੇਂ ਦੀ ਚਾਲ ਨਾਲ ਉਹ ਦਰਿਆ ਇਥੋਂ ਹਟਦਾ ਹੋਇਆ ਦੂਰ ਚਲਾ ਗਿਆ ਅਤੇ ਫਿਰ ਪਾਣੀ ਦੀ ਘਾਟ ਕਾਰਨ ਇਹ ਇਲਾਕਾ ਬੇਆਬਾਦ ਅਤੇ ਕਿੱਕਰ, ਜੰਡ, ਕਰੀਰ, ਕਾਹੀ ਅਤੇ ਉੱਡਦੀ ਰੇਤ ਵਾਲਾ ਇਲਾਕਾ ਬਣ ਗਿਆ। ਇਥੋਂ ਦੀ ਖੁਸ਼ਹਾਲੀ ਖ਼ਤਮ ਹੋ ਗਈ।

ਆਖਿਆ ਜਾਂਦਾ ਹੈ ਕਿ ਮੁਗ਼ਲ ਬਾਦਸ਼ਾਹ ਸ਼ਮਸਉਦੀਨ ਅਲਤਮਸ਼ ਸਮੇਂ ਇਹ ਇਲਾਕਾ ਹਿੰਦੂ ਗੁੱਜਰਾਂ ਦੇ ਅਧੀਨ ਸੀ।[੨] ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਜੀ ਦੇ ਸਮੇਂ ਇਸ ਇਲਾਕੇ ਦੀ ਚੌਧਰ ਚੌਧਰੀ ਸਲੇਮ ਦੇ ਪੁੱਤਰ ਰਾਏ ਡੱਲੇ ਕੋਲ ਸੀ। ੫-੬ ਦਸੰਬਰ ੧੭੦੫ ਈ. ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮੁਗ਼ਲ ਹਕੂਮਤ ਵੱਲੋਂ ਕੁਰਾਨ ਦੀ ਕਸਮ ਚੁੱਕਣ ਤੋਂ ਬਾਅਦ ਕਿ ਜੇਕਰ ਗੁਰੂ ਜੀ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਜਾਣ ਤਾਂ ਹਕੂਮਤ ਕੁਝ ਨਹੀਂ ਕਹੇਗੀ, ਗੁਰੂ ਜੀ ਨੇ ਸਿੱਖਾਂ ਸਮੇਤ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਿਆ ਸੀ। ਅਜੇ ਗੁਰੂ ਜੀ ਸਿੰਘਾਂ ਸਮੇਤ ਸਰਸਾ ਨਦੀ ਦੇ ਕੰਢੇ 'ਤੇ ਆਏ ਸਨ ਕਿ ਮੁਗ਼ਲਾਂ ਨੇ ਹਮਲਾ ਕਰ ਦਿੱਤਾ। ਗੁਰੂ ਜੀ ਦੁਸ਼ਮਣਾਂ ਦਾ ਟਾਕਰਾ ਕਰਦੇ ਹੋਏ, ਪਰਿਵਾਰ ਦਾ ਵਿਛੋੜਾ ਪਾ ਕੇ ਰੋਪੜ ਤੋਂ ਹੁੰਦੇ ਹੋਏ ਚਮਕੌਰ ਸਾਹਿਬ ਪਹੁੰਚੇ ਸਨ ਜਿੱਥੇ ਵੱਡੇ ਦੋ ਸਾਹਿਬਜ਼ਾਦੇ ਚਾਲੀ ਸਿੰਘਾਂ ਸਮੇਤ ਦੁਸ਼ਮਣ ਫ਼ੌਜਾਂ ਨਾਲ ਲੜਦੇ ਹੋਏ ਸ਼ਹੀਦ ਹੋਏ ਅਤੇ ਗੁਰੂ ਜੀ ਆਪ ਮਾਛੀਵਾੜੇ ਤੋਂ ਹੁੰਦੇ ਹੋਏ ਕਟਾਣਾ ਸਾਹਿਬ, ਆਲਮਗੀਰ ਹੁੰਦੇ ਹੋਏ ਦੀਨੇ ਕਾਂਗੜ ਵਿਖੇ ਠਹਿਰ ਕੇ ਇਤਿਹਾਸਕ ਪੱਤਰ ਜ਼ਫ਼ਰਨਾਮਾ ਬਾਦਸ਼ਾਹ ਔਰੰਗਜ਼ੇਬ ਵੱਲ ਲਿਖਿਆ ਸੀ। ਉਸ ਤੋਂ ਅੱਗੇ ਗੁਰੂ ਜੀ ਤਲਵੰਡੀ ਸਾਬੋ ਪਹੁੰਚੇ ਸਨ।

**ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਾਬੋ ਕੀ ਤਲਵੰਡੀ ਵਿਚ ਆਗਮਨ-**

ਗੁਰੂ ਜੀ ੧੭੦੬ ਈ. ਵਿਚ ਬਠਿੰਡਾ ਤੋਂ ਦੱਖਣ ਵੱਲ ਪਿੰਡ ਪੱਕਾ ਤੋਂ ਹੁੰਦੇ ਹੋਏ ਸਾਬੋ ਕੀ ਤਲਵੰਡੀ ਪਹੁੰਚੇ। ਤਲਵੰਡੀ ਸਾਬੋ ਦੇ ਚੌਧਰੀ ਭਾਈ ਡੱਲਾ ਨੂੰ ਪਤਾ ਲੱਗਾ ਕਿ ਗੁਰੂ ਜੀ ਆਏ ਹਨ ਤਾਂ ਉਹ ਅੱਗੋਂ

*ਪਿੰਡ ਜੀਆ ਨੱਥਾ, ਡਾਕ. ਖੁੱਡਾ, ਤਹਿ: ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ -੧੪੪੩੦੫

ਹੋ ਕੇ ਗੁਰੂ ਜੀ ਨੂੰ ਬੜੇ ਆਦਰ ਤੇ ਸਤਿਕਾਰ ਨਾਲ ਮਿਲਿਆ ਅਤੇ ਆਪਣੇ ਕਿਲ੍ਹੇ ਵਿਚ ਚਰਨ ਪਾਉਣ ਲਈ ਆਖਿਆ। ਗੁਰੂ ਜੀ ਉੱਚੀ ਟੇਕਰੀ ਵਾਲੀ ਜਗ੍ਹਾ 'ਤੇ ਆਪਣਾ ਡੇਰਾ ਕੀਤਾ ਅਤੇ ਲੰਗਰ ਪਾਣੀ ਦਾ ਪ੍ਰਬੰਧ ਭਾਈ ਡੱਲਾ ਜੀ ਵੱਲੋਂ ਕੀਤਾ ਗਿਆ। ਗੁਰੂ ਜੀ ਨੇ ਉਸ ਨੂੰ ਅੰਮ੍ਰਿਤ ਦੀ ਦਾਤ ਬਖ਼ਸ਼ੀ। ਉਥੇ ਆ ਕੇ ਗੁਰੂ ਜੀ ਨੇ ਆਪਣਾ ਜੰਗੀ ਕਮਰਕੱਸਾ ਖੋਲ੍ਹਿਆ ਅਤੇ ਧਰਮ ਪ੍ਰਚਾਰ ਵੱਲ ਧਿਆਨ ਦਿੱਤਾ। ਇਹ ਪਹਿਲਾ ਮੌਕਾ ਸੀ ਕਿ ਸ੍ਰੀ ਅਨੰਦਪੁਰ ਸਾਹਿਬ ਛੱਡਣ ਤੋਂ ਬਾਅਦ ਗੁਰੂ ਜੀ ਇਸ ਜਗ੍ਹਾ ਟਿਕ ਕੇ ਧਰਮ ਪ੍ਰਚਾਰ ਕਰਨ ਲੱਗੇ। ਗੁਰੂ ਜੀ ਦੀ ਤਲਵੰਡੀ ਸਾਬੋ ਵਿਖੇ ਆਮਦ ਸੁਣ ਕੇ ਸਿੱਖ ਵਹੀਰਾਂ ਘੱਤ ਕੇ ਆਉਣ ਲੱਗੇ ਅਤੇ ਗੁਰੂ ਜੀ ਦੇ ਦਰਸ਼ਨ ਕਰਦੇ ਅਤੇ ਅਪਣਾ ਭਵਿੱਖ ਸੰਵਾਰਨ ਲਈ ਗੁਰੂ ਜੀ ਦੇ ਉਪਦੇਸ਼ ਸੁਣਦੇ ਸਨ। ਗੁਰੂ ਜੀ ਨੇ ਇਥੇ ਸ੍ਰੀ ਗੁਰੂ ਗਰੰਥ ਸਾਹਿਬ ਦੀ ਬੀੜ ਦੀ ਸੰਪੂਰਨਤਾ ਕੀਤੀ ਸੀ। ਆਪ ਜੀ ਉਸ ਸਮੁੱਚੇ ਇਲਾਕੇ ਵਿਚ ਲੱਖੀ ਜੰਗਲ, ਛਤੇਆਣਾ, ਲਵੇਰੀਸਰ, ਕੋਠਾ ਗੁਰੂ, ਭਾਗੂ, ਭਾਗੀ ਬਾਂਦਰ, ਭਗਤਾ ਭਾਈ ਕਾ, ਮਹਿਮਾ ਸਰਜਾ, ਬੰਗੀਆਂ, ਬੁਰਜਮਾਨਾ, ਬਾਜਕ, ਦਿਆਲਪੁਰ ਭਾਈ ਕਾ, ਟਾਹਲਾ ਸਾਹਿਬ ਆਦਿਕ ਥਾਵਾਂ ਅਤੇ ਹੋਰ ਦੂਰ ਤਕ ਜਾ ਕੇ ਧਰਮ ਪ੍ਰਚਾਰ ਕਰਦੇ ਰਹੇ ਸਨ ਅਤੇ ਲੋਕਾਈ ਨੂੰ ਅੰਮ੍ਰਿਤ ਦਾ ਬਾਟਾ ਤਿਆਰ ਕਰਕੇ ਸਿੱਖਾਂ ਨੂੰ ਸਿੰਘ ਸਜਾ ਰਹੇ ਸਨ। ਇਹ ਪਹਿਲਾ ਮੌਕਾ ਸੀ ਜਦੋਂ ਸ੍ਰੀ ਅਨੰਦਪੁਰ ਸਾਹਿਬ ਤੋਂ ਬਾਅਦ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਵੱਡੀ ਪੱਧਰ 'ਤੇ ਅੰਮ੍ਰਿਤ ਤਿਆਰ ਕੀਤਾ ਗਿਆ ਅਤੇ ਭਾਈ ਰਾਮਾ, ਭਾਈ ਤਿਲੋਕਾ ਅਤੇ ਭਾਈ ਡੱਲਾ ਤੇ ਹੋਰ ਪ੍ਰਸਿੱਧ ਵਿਅਕਤੀਆਂ ਸਮੇਤ ਵੱਡੀ ਗਿਣਤੀ ਸਿੱਖਾਂ ਨੇ ਤਲਵੰਡੀ ਸਾਬੋ ਵਿਖੇ ਅੰਮ੍ਰਿਤ ਛਕਿਆ ਸੀ। ਅੰਗਰੇਜ਼ ਲਿਖਾਰੀ ਟਰੰਪ ਦੇ ਹਵਾਲੇ ਨਾਲ ਡਾ. ਗੋਪਾਲ ਸਿੰਘ ਨੇ ਆਪਣੀ ਪੁਸਤਕ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੭੮ ਅਤੇ ਗਿਆਨੀ ਈਸ਼ਰ ਸਿੰਘ ਨਾਰਾ ਨੇ ਲਿਖਿਆ ਸੀ ਕਿ ਗੁਰੂ ਜੀ ਨੇ ਤਲਵੰਡੀ ਸਾਬੋ ਵਿਖੇ ਇਕ ਲੱਖ ਵੀਹ ਹਜ਼ਾਰ ਸਿੱਖਾਂ ਨੂੰ ਅੰਮ੍ਰਿਤ ਛਕਾਇਆ ਗਿਆ ਸੀ।[੩]

### ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ-

ਦਸਮ ਪਾਤਸ਼ਾਹ ਜੀ ਨੇ ਭਾਈ ਮਨੀ ਸਿੰਘ ਜੀ ਨਾਲ ਮੇਲ ਕਰ ਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਨਵੀਂ ਬੀੜ ਦੀ ਸੰਪਾਦਨਾ ਕਰਨ ਦਾ ਸੋਚਿਆ। ਗੁਰੂ ਜੀ ਨੇ ਕੰਠ ਤੋਂ ਬਾਣੀ ਉਚਾਰਣ ਕਰ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਤਿਆਰ ਕੀਤੀ ਅਤੇ ਲਿਖਾਈ ਦਾ ਕਾਰਜ ਭਾਈ ਮਨੀ ਸਿੰਘ ਜੀ ਕਰਦੇ ਰਹੇ ਸਨ। ਇਸ ਪਾਵਨ ਬੀੜ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਸ਼ਾਮਲ ਕਰ ਕੇ ਸਾਰੀ ਬਾਣੀ ਦੀ ਸੰਭਾਲ ਕਰ ਲਈ ਸੀ। ਭਾਈ ਕਾਹਨ ਸਿੰਘ ਨਾਭਾ ਉਸ ਇਤਿਹਾਸਕ ਘਟਨਾ ਬਾਰੇ ਲਿਖਦੇ ਹਨ- "ਸ੍ਰੀ ਗੁਰੂ ਗੋਬਿੰਦ ਸਿੰਘ ਸਵਾਮੀ ਨੇ ਦਮਦਮੇ ਦੇ ਮੁਕਾਮ ਸੰਮਤ ੧੭੬੨-੬੩ ਵਿਚ ਜੋ ਆਤਮਿਕ ਸ਼ਕਤਿ ਨਾਲ ਕੰਠ ਤੋਂ ਬਾਣੀ ਉਚਾਰਣ ਕਰ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਲਿਖਵਾਇਆ, ਉਸ ਦਾ ਨਾਉਂ ਦਸਵੇਂ ਪਾਤਸ਼ਾਹ ਦਾ ਗ੍ਰੰਥ ਸਾਹਿਬ ਹੋਇਆ, ਪਰ ਪ੍ਰਸਿੱਧ ਨਾਉਂ ਦਮਦਮੇ ਵਾਲੀ ਬੀੜ ਹੈ, ਇਸ ਵਿਚ ਜੈਜਾਵੰਤੀ ਰਾਗੁ ਸਮੇਤ ੩੧ ਰਾਗ ਹਨ, ਅਰ ਸ਼ਬਦ ਸ਼ਲੋਕ ਪਉੜੀ ਆਦਿ ਦੀ ਜਪੁ ਤੋਂ ਲੈ ਕੇ ਮੁੰਦਾਵਣੀ ਤੀਕ ਗਿਣਤੀ ੫੮੬੭ ਹੈ।"[੪]

ਗੁਰੂ ਜੀ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਨੂੰ ਗੁਰੂ ਕੀ ਕਾਸ਼ੀ ਕਿਹਾ ਸੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥ ਬੋਧ ਸਿੱਖਾਂ ਨੂੰ ਕਰਵਾਏ ਸਨ। ਉਸ ਤੋਂ ਬਾਅਦ ਉਥੇ ਅਨੇਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੱਥ ਲਿਖਤ ਸਰੂਪ ਤਿਆਰ ਕੀਤੇ ਜਾਂਦੇ ਰਹੇ। ਗੁਰੂ ਜੀ ਤੋਂ ਅਨੇਕਾਂ ਗੁਰਮੁਖ ਪਿਆਰਿਆਂ ਨੇ ਉਹਨਾਂ ਦੇ ਮੁਖਾਰਬਿੰਦ ਦੁਆਰਾ ਆਦਿ ਤੋਂ ਅੰਤ ਤਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥ ਤੇ ਕਥਾ ਸਰਵਣ ਕੀਤੀ ਸੀ।

### ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਸੇਵਾ-ਸੰਭਾਲ ਕਰਨੀ-

੧੭੦੬ ਈ. ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਦੱਖਣ ਦੇਸ਼ ਵੱਲ ਤਿਆਰੀ ਕਰਨ ਦੀ ਸੋਚ

ਸੋਚੀ, ਉਥੇ ਨੌਂ ਮਹੀਨੇ ਦਾ ਸਮਾਂ ਬੀਤ ਚੁੱਕਾ ਸੀ। ਗੁਰੂ ਜੀ ਨੇ ਬਾਬਾ ਦੀਪ ਸਿੰਘ ਜੀ ਨੂੰ ਹੁਕਮ ਕੀਤਾ ਕਿ ਇਕ ਵਾਰ ਆਪਣੇ ਘਰ ਜਾ ਆਓ, ਫਿਰ ਏਥੇ ਸੇਵਾ ਕਰਨੀ ਹੈ। ਦੌਰਾ ਸਾਖੀ ਪੋਥੀ ਸੰਪਾਦਕ ਡਾਕਟਰ ਭਾਈ ਵੀਰ ਸਿੰਘ ਵਿਚ ਇਸ ਪ੍ਰਕਾਰ ਲਿਖਿਆ ਹੈ:- "ਭਾਈ ਦੀਪ ਸਿੰਘ ਨੂੰ ਹੁਕਮ ਕੀਤਾ ਘਰ ਇਕ ਵਾਰ ਜਾਇ ਆਓ ਫਿਰ ਨਾ ਜਾਵਣਾ, ਈਹਾਂ ਸੇਵ ਕਰਨੀ ਗੁਰ ਧਾਮ ਦੀ। ਗੁਰੂ ਕੀ ਕਾਸ਼ੀ ਦੀ ਖੁਸ਼ੀ ਹੈ ਤਾਂ ਦੀਪ ਸਿੰਘ ਆਖਿਆ ਸਤਿ ਬਚਨ ਜੀ। ਬਾਹੁਰੋਂ ਹਜੂਰ ਕਾ ਬਚਨ ਹੋਆ ਭਾਈ ਫਤਹਿ ਸਿੰਘ ਪ੍ਰਤਿ, ਭਾਈ ਤੈ ਈਹੈ ਰਹਿਣਾ ਭਾਈ ਦੀਪ ਸਿੰਘ ਕੇ ਆਵਣੇ ਤੀਕ। ਸੇਵਾ ਕਰਨੀ ਗੁਰੂ ਕੀ ਕਰਨੀ ਗੁਰੂ ਕੀ ਕਾਸ਼ੀ ਕੀ।"

ਇੰਝ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਸ ਅਸਥਾਨ ਨੂੰ ਬੇਅੰਤ ਬਖ਼ਸ਼ਿਸ਼ਾਂ ਕਰ ਕੇ ਸਨਮਾਨਯੋਗ ਬਣਾ ਗਏ। ਅੱਜ ਇਥੇ ਸੰਗਤਾਂ ਸ਼ਰਧਾ ਨਾਲ ਨਤਮਸਤਕ ਹੁੰਦੀਆਂ ਹਨ ਅਤੇ ਬਖ਼ਸ਼ਿਸ਼ਾਂ ਪ੍ਰਾਪਤ ਕਰਦੀਆਂ ਹਨ।

ਹਵਾਲੇ ਤੇ ਟਿੱਪਣੀਆਂ-


੧. ਡਾ. ਜਸਬੀਰ ਸਿੰਘ ਸਰਨਾ ਤੇ ਸ. ਦਿਲਜੀਤ ਸਿੰਘ ਬੇਦੀ ਵੱਲੋਂ ਸੰਪਾਦਤ: ਗੁਰਦੁਆਰਾ ਕੋਸ਼ ਪੰਨਾ ੨੨੬

੨. ਗਿਆਨੀ ਗੁਰਦਿੱਤ ਸਿੰਘ : ਤਖ਼ਤ ਦਮਦਮਾ ਸਾਹਿਬ ਦੀ ਸਮੱਗਰੀ, ਗੁਰਦੁਆਰਾ ਗਜ਼ਟ (ਮਾਸਿਕ), ਪੰਨਾ ੮੫, ਨਵੰਬਰ ੧੯੬੫ ਈਸਵੀ।

੩. ਗਿਆਨੀ ਈਸ਼ਰ ਸਿੰਘ ਨਾਰਾ : ਓਹੀ, ਪੰਨਾ ੩੨੦

੪. ਭਾਈ ਕਾਹਨ ਸਿੰਘ ਨਾਭਾ : ਗੁਰਸ਼ਬਦ ਰਤਨਾਕਰ ਮਹਾਨ ਕੋਸ਼, ਪੰਨਾ ੪੩੭



## ਅੰਮ੍ਰਿਤ ਸੰਚਾਰ

**ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।**

ੴ ਸਤਿਗੁਰ ਪ੍ਰਸਾਦਿ॥

# ਕਾਰਵਾਈ ਜਨਰਲ ਸਮਾਗਮ (ਬਜਟ ਇਜਲਾਸ)

ੑ੭ ਚੇਤ ਸੰਮਤ ਨਾਨਕਸ਼ਾਹੀ ੫੫੧

੩੦ ਮਾਰਚ ੨੦੧੯

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਜਿਸਟਰਡ ਪੱਤਰ ਨੰਬਰ ੨੯੧੬੬ ਮਿਤੀ ੦੯-੦੩-੨੦੧੯ ਰਾਹੀਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਬਜਟ ਸਮਾਗਮ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੧ (ਮੁਤਾਬਿਕ ੩੦ ਮਾਰਚ, ੨੦੧੯) ਦਿਨ ਸ਼ਨਿੱਚਰਵਾਰ ਨੂੰ ਬਾਅਦ ਦੁਪਹਿਰ ੧.੦੦ ਵਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰ. ਗੋਬਿੰਦ ਸਿੰਘ ਜੀ 'ਲੌਂਗੋਵਾਲ' ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਪ੍ਰਧਾਨਗੀ ਹੇਠ ਆਰੰਭ ਹੋਈ। ਇਕੱਤਰਤਾ ਵਿੱਚ ਹੇਠ ਲਿਖੇ ਮੈਂਬਰ ਸਾਹਿਬਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਸ਼ਾਮਿਲ ਹੋਏ:-

| ਸੀ.ਨੰ. | ਹਲਕਾ ਨੰ:/ਨਾਮ ਹਲਕਾ | | ਨਾਮ ਮੈਂਬਰ ਸਾਹਿਬਾਨ |
|---|---|---|---|
| | | | **ਚੰਡੀਗੜ੍ਹ** |
| ੧ | ੨. | ਚੰਡੀਗੜ੍ਹ | ਬੀਬੀ ਹਰਜਿੰਦਰ ਕੌਰ ਜੀ |
| | | | **ਹਰਿਆਣਾ ਰਾਜ** |
| ੨ | ੩/੨ | ਅੰਬਾਲਾ | ਸ੍ਰ. ਹਰਪਾਲ ਸਿੰਘ ਜੀ |
| ੩ | ੮/੧ | ਹਿਸਾਰ | ਸ੍ਰ: ਬਲਦੇਵ ਸਿੰਘ ਜੀ |
| ੪ | ੯ | ਸਿਰਸਾ | ਸ੍ਰ. ਗੁਰਮੀਤ ਸਿੰਘ ਜੀ |
| ੫ | ੧੦ | ਡੱਬਵਾਲੀ | ਸ੍ਰ: ਜਗਸੀਰ ਸਿੰਘ ਜੀ |
| | | | **ਪੰਜਾਬ ਰਾਜ** |
| ਜ਼ਿਲ੍ਹਾ ਮੁਕਤਸਰ ਸਾਹਿਬ | | | |
| ੬ | ੧੧/੨. | ਮਲੋਟ | ਸ੍ਰ: ਬਿੱਕਰ ਸਿੰਘ ਜੀ |
| ੭ | ੧੨/੨. | ਗਿੱਦੜਬਾਹਾ | ਬੀਬੀ ਕਿਰਨਵੀਰ ਕੌਰ ਜੀ |
| ੮ | ੧੩ | ਦੋਦਾ | ਸ੍ਰ. ਨਵਤੇਜ ਸਿੰਘ ਜੀ |
| ੯ | ੧੪ | ਮੁਕਤਸਰ ਸਾਹਿਬ | ਸ੍ਰ.ਸੁਖਦਰਸ਼ਨ ਸਿੰਘ ਜੀ |
| ਜ਼ਿਲ੍ਹਾ ਫਿਰੋਜ਼ਪੁਰ | | | |
| ੧੦ | ੧੫/੧ | ਅਬੋਹਰ | ਸ੍ਰ: ਕੌਰ ਸਿੰਘ ਜੀ |
| ੧੧ | ੧੫/੨ | ਅਬੋਹਰ | ਬੀਬੀ ਪਰਮਿੰਦਰ ਕੌਰ ਜੀ |
| ੧੨ | ੧੬. | ਫਾਜ਼ਿਲਕਾ | ਸ੍ਰ: ਸੂਬਾ ਸਿੰਘ ਜੀ |
| ੧੩ | ੧੭ | ਜਲਾਲਾਬਾਦ | ਸ੍ਰ. ਦਰਸ਼ਨ ਸਿੰਘ ਜੀ |

| | | | |
|---|---|---|---|
| ੧੪ | ੧੮ | ਮਮਦੋਟ | ਸ੍ਰ. ਪ੍ਰੀਤਮ ਸਿੰਘ ਜੀ |
| ੧੫ | ੨੦/੨ | ਤਲਵੰਡੀ ਭਾਈ | ਬੀਬੀ ਜਸਵਿੰਦਰ ਕੌਰ ਜੀ |
| ੧੬ | ੨੧ | ਜ਼ੀਰਾ | ਸ੍ਰ. ਗੁਰਮੀਤ ਸਿੰਘ ਜੀ |

**ਜ਼ਿਲ੍ਹਾ ਮੋਗਾ**

| | | | |
|---|---|---|---|
| ੧੭ | ੨੨ | ਧਰਮਕੋਟ | ਸ੍ਰ. ਸੁਖਜੀਤ ਸਿੰਘ ਜੀ |
| ੧੮ | ੨੩/੧ | ਮੋਗਾ | ਸ੍ਰ. ਤੋਤਾ ਸਿੰਘ ਜੀ |
| ੧੯ | ੨੪/੧ | ਬੱਧਨੀ ਕਲਾਂ | ਸ੍ਰ.ਜੁਗਰਾਜ ਸਿੰਘ ਜੀ |
| ੨੦ | ੨੪/੨ | ਬੱਧਨੀ ਕਲਾਂ | ਬੀਬੀ ਨਰਿੰਦਰ ਕੌਰ ਜੀ |
| ੨੧ | ੨੫ | ਨਿਹਾਲ ਸਿੰਘ ਵਾਲਾ | ਸ੍ਰ. ਗੁਰਮੇਲ ਸਿੰਘ ਜੀ |
| ੨੨ | ੨੬ | ਬਾਘਾ ਪੁਰਾਣਾ | ਸ੍ਰ. ਸੁਖਹਰਪ੍ਰੀਤ ਸਿੰਘ ਜੀ |

**ਜ਼ਿਲ੍ਹਾ ਫਰੀਦਕੋਟ**

| | | | |
|---|---|---|---|
| ੨੩ | ੨੯ | ਕੋਟਕਪੂਰਾ | ਸ੍ਰ. ਸ਼ੇਰ ਸਿੰਘ ਜੀ |
| ੨੪ | ੩੦ | ਜੈਤੋ | ਸ੍ਰ. ਸੁਖਦੇਵ ਸਿੰਘ ਜੀ |
| ੨੫ | ੩੧/੨ | ਭਗਤਾ | ਸ੍ਰ. ਅਵਤਾਰ ਸਿੰਘ ਜੀ |

**ਜ਼ਿਲ੍ਹਾ ਬਠਿੰਡਾ**

| | | | |
|---|---|---|---|
| ੨੬ | ੩੨/੨ | ਰਾਮਪੁਰਾ ਫੂਲ | ਬੀਬੀ ਜਸਪਾਲ ਕੌਰ ਜੀ |
| ੨੭ | ੩੪/੧ | ਬੱਲੂਆਣਾ | ਸ੍ਰ. ਅਮਰੀਕ ਸਿੰਘ ਜੀ |
| ੨੮ | ੩੪/੨ | ਬੱਲੂਆਣਾ | ਬੀਬੀ ਜੋਗਿੰਦਰ ਕੌਰ ਜੀ |
| ੨੯ | ੩੬ | ਮੌੜ | ਸ੍ਰ. ਗੁਰਤੇਜ ਸਿੰਘ ਜੀ |

**ਜ਼ਿਲ੍ਹਾ ਮਾਨਸਾ**

| | | | |
|---|---|---|---|
| ੩੦ | ੩੭. | ਸਰਦੂਲਗੜ੍ਹ | ਸ੍ਰ: ਸੁਰਜੀਤ ਸਿੰਘ ਜੀ |
| ੩੧ | ੩੮/੧ | ਮਾਨਸਾ | ਸ੍ਰ: ਮਿੱਠੂ ਸਿੰਘ ਜੀ |

**ਜ਼ਿਲ੍ਹਾ ਸੰਗਰੂਰ**

| | | | |
|---|---|---|---|
| ੩੨ | ੪੧ | ਮੂਨਕ | ਬੀਬੀ ਪਰਮਜੀਤ ਕੌਰ ਜੀ |
| ੩੩ | ੪੨/੨ | ਸੁਨਾਮ | ਬੀਬੀ ਜਸਪਾਲ ਕੌਰ ਜੀ |
| ੩੪ | ੪੩/੧ | ਲੌਂਗੋਵਾਲ | ਸ੍ਰ. ਗੋਬਿੰਦ ਸਿੰਘ ਜੀ |
| ੩੫ | ੪੩/੨ | ਲੌਂਗੋਵਾਲ | ਸ੍ਰ. ਮਲਕੀਤ ਸਿੰਘ ਜੀ |
| ੩੬ | ੪੪ | ਬਰਨਾਲਾ | ਸ੍ਰ. ਪਰਮਜੀਤ ਸਿੰਘ ਜੀ |
| ੩੭ | ੪੫ | ਭਦੌੜ | ਸ੍ਰ. ਬਲਦੇਵ ਸਿੰਘ ਜੀ |
| ੩੮ | ੪੭/੨ | ਧੂਰੀ | ਬੀਬੀ ਸ਼ਰਨਜੀਤ ਕੌਰ ਜੀ |

| | | | |
|---|---|---|---|
| ੩੯ | ੪੮ | ਮਲੇਰਕੋਟਲਾ | ਸ੍ਰ. ਜੈਪਾਲ ਸਿੰਘ ਜੀ |
| ੪੦ | ੪੯ | ਅਮਰਗੜ੍ਹ | ਸ੍ਰ. ਭੁਪਿੰਦਰ ਸਿੰਘ ਜੀ |
| ੪੧ | ੫੧/੧ | ਦਿੜ੍ਹਬਾ | ਸ੍ਰ. ਹਰਦੇਵ ਸਿੰਘ ਜੀ |
| ੪੨ | ੫੧/੨ | ਦਿੜ੍ਹਬਾ | ਬੀਬੀ ਮਲਕੀਤ ਕੌਰ ਜੀ |

**ਜ਼ਿਲ੍ਹਾ ਪਟਿਆਲਾ**

| | | | |
|---|---|---|---|
| ੪੩ | ੫੪ | ਭਾਦਸੋਂ | ਸ੍ਰ. ਸਤਵਿੰਦਰ ਸਿੰਘ ਜੀ |
| ੪੪ | ੫੫/੧ | ਡਕਾਲਾ | ਸ੍ਰ. ਜਰਨੈਲ ਸਿੰਘ ਜੀ |
| ੪੫ | ੫੬ | ਪਟਿਆਲਾ ਸ਼ਹਿਰ | ਸ੍ਰ. ਸਵਿੰਦਰ ਸਿੰਘ ਜੀ |
| ੪੬ | ੫੮ | ਡੇਰਾ ਬੱਸੀ | ਸ੍ਰ. ਨਿਰਮੈਲ ਸਿੰਘ ਜੀ |

**ਜ਼ਿਲ੍ਹਾ ਫਤਹਿਗੜ੍ਹ ਸਾਹਿਬ**

| | | | |
|---|---|---|---|
| ੪੭ | ੬੧/੨ | ਬੱਸੀ ਪਠਾਣਾਂ | ਸ੍ਰ. ਅਵਤਾਰ ਸਿੰਘ ਜੀ |
| ੪੮ | ੬੨ | ਅਮਲੋਹ | ਸ੍ਰ. ਰਵਿੰਦਰ ਸਿੰਘ ਜੀ |

**ਜ਼ਿਲ੍ਹਾ ਲੁਧਿਆਣਾ**

| | | | |
|---|---|---|---|
| ੪੯ | ੬੩ | ਖੰਨਾ | ਸ੍ਰ. ਦਵਿੰਦਰ ਸਿੰਘ ਜੀ |
| ੫੦ | ੬੪ | ਪਾਇਲ | ਸ੍ਰ. ਰਘਬੀਰ ਸਿੰਘ ਜੀ |
| ੫੧ | ੬੫/੧ | ਦੋਰਾਹਾ | ਸ੍ਰ. ਚਰਨ ਸਿੰਘ ਜੀ |
| ੫੨ | ੬੫/੨ | ਦੋਰਾਹਾ | ਸ੍ਰ. ਹਰਪਾਲ ਸਿੰਘ ਜੀ |
| ੫੩ | ੬੭ | ਰਾਇਕੋਟ | ਸ੍ਰ. ਜਗਜੀਤ ਸਿੰਘ ਜੀ |
| ੫੪ | ੬੮/੧ | ਜਗਰਾਉਂ | ਸ੍ਰ. ਗੁਰਚਰਨ ਸਿੰਘ ਜੀ |
| ੫੫ | ੭੦/੨ | ਮੁੱਲਾਂਪੁਰ ਦਾਖਾ | ਸ੍ਰ. ਕੇਵਲ ਸਿੰਘ ਜੀ |
| ੫੬ | ੭੧ | ਲੁਧਿਆਣਾ (ਸ਼ਹਿਰ ਦੱਖਣੀ) | ਸ੍ਰ. ਬਲਵਿੰਦਰ ਸਿੰਘ ਜੀ |
| ੫੭ | ੭੨/੨ | ਲੁਧਿਆਣਾ (ਸ਼ਹਿਰ ਪੱਛਮੀ) | ਬੀਬੀ ਰਜਿੰਦਰ ਕੌਰ ਜੀ |
| ੫੮ | ੭੩ | ਲੁਧਿਆਣਾ (ਸ਼ਹਿਰ ਉਤਰੀ) | ਸ੍ਰ. ਕੰਵਲਇੰਦਰ ਸਿੰਘ ਜੀ |

**ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ**

| | | | |
|---|---|---|---|
| ੫੯ | ੭੬/੨ | ਬਲਾਚੌਰ | ਸ੍ਰ. ਗੁਰਬਖਸ਼ ਸਿੰਘ ਜੀ |

**ਜ਼ਿਲ੍ਹਾ: ਜਲੰਧਰ**

| | | | |
|---|---|---|---|
| ੬੦ | ੮੦/੧ | ਸ਼ਾਹਕੋਟ | ਸ੍ਰ. ਸ਼ਿੰਗਾਰਾ ਸਿੰਘ ਜੀ |
| ੬੧ | ੮੦/੨ | ਸ਼ਾਹਕੋਟ | ਸ੍ਰ. ਬਲਦੇਵ ਸਿੰਘ ਜੀ |
| ੬੨ | ੮੧/੧ | ਆਦਮਪੁਰ | ਸ੍ਰ. ਪਰਮਜੀਤ ਸਿੰਘ ਜੀ |
| ੬੩ | ੮੧/੨ | ਆਦਮਪੁਰ | ਬੀਬੀ ਦਵਿੰਦਰ ਕੌਰ ਜੀ |

| | | | |
|---|---|---|---|
| ੬੪ | ੮੨ | ਜਲੰਧਰ | ਸ੍ਰ. ਕੁਲਵੰਤ ਸਿੰਘ ਜੀ |
| ੬੫ | ੮੩/੧ | ਕਰਤਾਰਪੁਰ | ਸ੍ਰ. ਰਣਜੀਤ ਸਿੰਘ ਜੀ |
| ੬੬ | ੮੩/੨ | ਕਰਤਾਰਪੁਰ | ਬੀਬੀ ਗੁਰਮੀਤ ਕੌਰ ਜੀ |

### ਜ਼ਿਲ੍ਹਾ ਕਪੂਰਥਲਾ

| | | | |
|---|---|---|---|
| ੬੭ | ੮੪/੧ | ਫਗਵਾੜਾ | ਸ੍ਰ. ਸਰਵਣ ਸਿੰਘ ਜੀ |
| ੬੮ | ੮੪/੨ | ਫਗਵਾੜਾ | ਬੀਬੀ ਗੁਰਪ੍ਰੀਤ ਕੌਰ ਜੀ |
| ੬੯ | ੮੫ | ਕਪੂਰਥਲਾ | ਸ੍ਰ. ਜਰਨੈਲ ਸਿੰਘ ਜੀ |
| ੭੦ | ੮੬ | ਭੁਲੱਥ | ਬੀਬੀ ਜਗੀਰ ਕੌਰ ਜੀ |

### ਜ਼ਿਲ੍ਹਾ ਸ੍ਰੀ ਅੰਮ੍ਰਿਤਸਰ

| | | | |
|---|---|---|---|
| ੭੧ | ੮੭ | ਬਾਬਾ ਬਕਾਲਾ | ਸ੍ਰ. ਬਲਜੀਤ ਸਿੰਘ ਜੀ |
| ੭੨ | ੮੮/੧ | ਖਡੂਰ ਸਾਹਿਬ | ਸ੍ਰ. ਅਮਰਜੀਤ ਸਿੰਘ ਜੀ |
| ੭੩ | ੮੮/੨ | ਖਡੂਰ ਸਾਹਿਬ | ਸ੍ਰ. ਬਲਵਿੰਦਰ ਸਿੰਘ ਜੀ |
| ੭੪ | ੮੯ | ਨੌਸ਼ਹਿਰਾ ਪਨੂੰਆਂ | ਸ੍ਰ. ਗੁਰਬਚਨ ਸਿੰਘ ਜੀ |
| ੭੫ | ੯੦/੧ | ਪੱਟੀ | ਸ੍ਰ. ਖੁਸ਼ਵਿੰਦਰ ਸਿੰਘ ਜੀ |
| ੭੬ | ੯੦/੨ | ਪੱਟੀ | ਬੀਬੀ ਹਰਜਿੰਦਰ ਕੌਰ ਜੀ |
| ੭੭ | ੯੨ | ਭਿੱਖੀਵਿੰਡ | ਸ੍ਰ. ਮਨਜੀਤ ਸਿੰਘ ਜੀ |
| ੭੮ | ੯੪ | ਝਬਾਲ ਕਲਾਂ | ਸ੍ਰ. ਨਿਰਮਲ ਸਿੰਘ ਜੀ |
| ੭੯ | ੯੫/੧ | ਵੇਰਕਾ | ਸ੍ਰ. ਮੰਗਵਿੰਦਰ ਸਿੰਘ ਜੀ |
| ੮੦ | ੯੬ | ਅੰਮ੍ਰਿਤਸਰ (ਪੂਰਬੀ) | ਸ੍ਰ. ਹਰਜਾਪ ਸਿੰਘ ਜੀ |
| ੮੧ | ੯੭ | ਅੰਮ੍ਰਿਤਸਰ (ਕੇਂਦਰੀ) | ਸ੍ਰ. ਰਜਿੰਦਰ ਸਿੰਘ ਜੀ |
| ੮੨ | ੯੮/੧ | ਅੰਮ੍ਰਿਤਸਰ (ਪੱਛਮੀ) | ਸ੍ਰ. ਬਾਵਾ ਸਿੰਘ ਜੀ |
| ੮੩ | ੯੮/੨ | ਅੰਮ੍ਰਿਤਸਰ ਸ਼ਹਿਰ (ਪੱਛਮੀ) | ਬੀਬੀ ਕਿਰਨਜੋਤ ਕੌਰ ਜੀ |
| ੮੪ | ੯੯/੧ | ਚੋਗਾਵਾਂ | ਸ੍ਰ. ਸੁਰਜੀਤ ਸਿੰਘ ਜੀ |
| ੮੫ | ੯੯/੨ | ਚੋਗਾਵਾਂ | ਬੀਬੀ ਬਲਵਿੰਦਰ ਕੌਰ ਜੀ |
| ੮੬ | ੧੦੦ | ਅਜਨਾਲਾ | ਸ੍ਰ. ਅਮਰੀਕ ਸਿੰਘ ਜੀ |
| ੮੭ | ੧੦੧/੨ | ਗੁਰੂ ਕਾ ਬਾਗ | ਬੀਬੀ ਸਵਰਨ ਕੌਰ ਜੀ |
| ੮੮ | ੧੦੨/੧ | ਜੰਡਿਆਲਾ ਗੁਰੂ | ਸ੍ਰ. ਅਮਰਜੀਤ ਸਿੰਘ ਜੀ |
| ੮੯ | ੧੦੨/੨ | ਜੰਡਿਆਲਾ ਗੁਰੂ | ਸ੍ਰ. ਬਿਕਰਮਜੀਤ ਸਿੰਘ ਜੀ |
| ੯੦ | ੧੦੩ | ਮੱਤੇਵਾਲ | ਸ੍ਰ. ਭਗਵੰਤ ਸਿੰਘ ਜੀ |

### ਜ਼ਿਲ੍ਹਾ ਗੁਰਦਾਸਪੁਰ

| | | | |
|---|---|---|---|
| ੯੧ | ੧੦੪ | ਸ੍ਰੀ ਹਰਿਗੋਬਿੰਦਪੁਰ | ਸ੍ਰ. ਸੁਰਜੀਤ ਸਿੰਘ ਜੀ |
| ੯੨ | ੧੦੫/੧ | ਬਟਾਲਾ | ਸ੍ਰ. ਗੁਰਿੰਦਰਪਾਲ ਸਿੰਘ ਜੀ |

| | | | |
|---|---|---|---|
| ੯੩ | ੧੦੫/੨ | ਬਟਾਲਾ | ਸ੍ਰ. ਗੁਰਨਾਮ ਸਿੰਘ ਜੀ |
| ੯੪ | ੧੦੭/੨ | ਡੇਰਾ ਬਾਬਾ ਨਾਨਕ | ਬੀਬੀ ਜੋਗਿੰਦਰ ਕੌਰ ਜੀ |
| ੯੫ | ੧੦੮/੨ | ਧਾਰੀਵਾਲ | ਬੀਬੀ ਜਸਬੀਰ ਕੌਰ ਜੀ |

ਜਿਲ੍ਹਾ ਹੁਸ਼ਿਆਰਪੁਰ

| | | | |
|---|---|---|---|
| ੯੬ | ੧੧੨ | ਦਸੂਹਾ | ਸ੍ਰ. ਤਾਰਾ ਸਿੰਘ ਜੀ |
| ੯੭ | ੧੧੫/੨ | ਗੜ੍ਹਸ਼ੰਕਰ | ਬੀਬੀ ਰਣਜੀਤ ਕੌਰ ਜੀ |

ਜ਼ਿਲ੍ਹਾ ਰੋਪੜ

| | | | |
|---|---|---|---|
| ੯੮ | ੧੧੬/੧ | ਸ੍ਰੀ ਅਨੰਦਪੁਰ ਸਾਹਿਬ | ਸ੍ਰ. ਅਮਰਜੀਤ ਸਿੰਘ ਜੀ |

ਜ਼ਿਲ੍ਹਾ ਮੋਹਾਲੀ

| | | | |
|---|---|---|---|
| ੯੯ | ੧੧੮ | ਮੋਰਿੰਡਾ | ਸ੍ਰ. ਅਜਮੇਰ ਸਿੰਘ ਜੀ |
| ੧੦੦ | ੧੧੯ | ਖਰੜ | ਸ੍ਰ. ਚਰਨਜੀਤ ਸਿੰਘ ਜੀ |
| ੧੦੧ | ੧੨੦/੧ | ਮੋਹਾਲੀ | ਸ੍ਰ. ਹਰਦੀਪ ਸਿੰਘ ਜੀ |
| ੧੦੨ | ੧੨੦/੨ | ਮੋਹਾਲੀ | ਬੀਬੀ ਪਰਮਜੀਤ ਕੌਰ ਜੀ |

ਕੋਆਪਟਿਡ ਮੈਂਬਰ ਸਾਹਿਬਾਨ

| | | | |
|---|---|---|---|
| ੧੦੩ | ੪ | ਪੰਜਾਬ | ਸ੍ਰ. ਰਾਮ ਸਿੰਘ ਜੀ |
| ੧੦੪ | ੫ | ਪੰਜਾਬ | ਸ੍ਰ. ਜਗਤਾਰ ਸਿੰਘ ਜੀ |
| ੧੦੫ | ੧੦ | ਉੱਤਰ ਪ੍ਰਦੇਸ਼ | ਸ੍ਰ. ਸੁਖਮੀਤ ਸਿੰਘ ਜੀ |
| ੧੦੬ | ੧੩ | ਦਿੱਲੀ | ਸ੍ਰ. ਗੁਰਮਿੰਦਰ ਸਿੰਘ ਜੀ |

## ਹੈੱਡ ਮਨਿਸਟਰਜ਼ ਸਾਹਿਬਾਨ

੧. ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ, ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

੨. ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ,ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।

੩. ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ, ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)।

ਬਜਟ ਇਜਲਾਸ ਦੇ ਆਰੰਭਤਾ ਦੀ ਅਰਦਾਸ ਭਾਈ ਸੁਲਤਾਨ ਸਿੰਘ ਜੀ ਅਰਦਾਸੀਆ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕੀਤੀ ਅਤੇ ਆਰੰਭ ਦਾ ਹੁਕਮਨਾਮਾ ਭਾਈ ਸੁਖਵਿੰਦਰ ਸਿੰਘ ਜੀ-ਗ੍ਰੰਥੀ, ਗੁ: ਬਾਬਾ ਅਟੱਲ ਰਾਏ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਲਿਆ। ਮੁੱਖ ਵਾਕ ਆਇਆ:

ਧਨਾਸਰੀ ਮਹਲਾ ੩ ॥
ਹਰਿ ਨਾਮੁ ਧਨੁ ਨਿਰਮਲੁ ਅਤਿ ਅਪਾਰਾ ॥
ਗੁਰ ਕੈ ਸਬਦਿ ਭਰੇ ਭੰਡਾਰਾ ॥
ਨਾਮ ਧਨ ਬਿਨੁ ਹੋਰ ਸਭ ਬਿਖੁ ਜਾਣੁ ॥
ਮਾਇਆ ਮੋਹਿ ਜਲੈ ਅਭਿਮਾਨੁ ॥੧॥

(ਅੰਗ ੬੬੪)

ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੋਦ ਵਿੱਚ ਮਿਲ ਬੈਠੇ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਗੁਰ ਫਤਹਿ ਬੁਲਾਉਂਦਿਆਂ ਸੱਦੇ ਗਏ ਬਜਟ ਇਜਲਾਸ ਸਬੰਧੀ ਜਾਣਕਾਰੀ ਦਿੰਦਿਆਂ ਸਮੂੰਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਬਜਟ ਇਜਲਾਸ ਸਬੰਧੀ ਦਫ਼ਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਜਾਰੀ ਪੱਤਰ ਨੰਬਰ ੨੯੧੬੬ ਮਿਤੀ ੯ ਮਾਰਚ, ੨੦੧੯ ਪੜ੍ਹ ਕੇ ਸੁਣਾਈ ਅਤੇ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਜਨਰਲ ਸਮਾਗਮ ੨੮ ਕੱਤਕ ਸੰਮਤ ਨਾਨਕਸ਼ਾਹੀ ੫੫੦ (ਮੁਤਾਬਿਕ ੧੩ ਨਵੰਬਰ, ੨੦੧੮) ਦੀ ਕਾਰਵਾਈ ਜੋ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਮਾਸਿਕ ਪਰਚੇ "ਗੁਰਦੁਆਰਾ ਗਜ਼ਟ" ਮਹੀਨਾ ਦਸੰਬਰ, ੨੦੧੮ ਵਿੱਚ ਛਾਪ ਕੇ ਸਮੂੰਹ ਮੈਂਬਰ ਸਾਹਿਬਾਨ ਨੂੰ ਭੇਜੀ ਜਾ ਚੁੱਕੀ ਹੈ, ਦੀ ਪੁਸ਼ਟੀ ਲਈ ਹਾਊਸ ਨੂੰ ਬੇਨਤੀ ਕੀਤੀ।

(੧)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਜਨਰਲ ਇਕੱਤਰਤਾ ੨੮ ਕੱਤਕ ਸੰਮਤ ਨਾਨਕਸ਼ਾਹੀ ੫੫੦ ਮੁਤਾਬਿਕ ੧੩ ਨਵੰਬਰ, ੨੦੧੮ ਦੀ ਕਾਰਵਾਈ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪ੍ਰਕਾਸ਼ਿਤ ਕੀਤੇ ਜਾਂਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੇ ਅੰਕ ਮਹੀਨਾ ਦਸੰਬਰ ੨੦੧੮ ਵਿੱਚ ਛਾਪ ਕੇ ਸਮੂੰਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਭੇਜੀ ਜਾ ਚੁੱਕੀ ਹੈ, ਪੁਸ਼ਟੀ ਲਈ ਪੇਸ਼ ਹੋਣ 'ਤੇ ਹਵਾਲੇ ਵਾਲੀ ਕਾਰਵਾਈ ਦੇ ਦੁਰੱਸਤ ਲਿਖਿਆਂ ਦੀ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ-ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਉਪਰੰਤ ਕਾਰਵਾਈ ਕੰਨਫਰਮ ਕਰਦਿਆਂ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁ:ਪ੍ਰ:ਕਮੇਟੀ,ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖ਼ਤ ਕਰਵਾਏ ਗਏ।

ਹਾਊਸ ਦੀ ਕਾਰਵਾਈ ਨੂੰ ਅੱਗੇ ਵਧਾਉਂਦਿਆਂ ਡਾ. ਰੂਪ ਸਿੰਘ ਮੁੱਖ ਸਕੱਤਰ ਸਾਹਿਬ ਵੱਲੋਂ ਪਿੱਛਲੇ ਸਮੇਂ ਦੌਰਾਨ ਪੰਥ ਤੋਂ ਵਿਛੜੀਆਂ ਨਾਮਵਾਰ ਸ਼ਖ਼ਸ਼ੀਅਤਾਂ ਨੂੰ ਸ਼ਰਧਾਜਲੀ ਵੱਜੋਂ ਸ਼ੋਕ ਮਤੇ ਹਾਊਸ ਵਿੱਚ ਪੇਸ਼ ਕਰਨ ਲਈ ਪ੍ਰਧਾਨ ਸਾਹਿਬ ਨੂੰ ਬੇਨਤੀ ਕੀਤੀ। ਪ੍ਰਧਾਨ ਸਾਹਿਬ ਵੱਲੋਂ ਹੇਠ ਲਿਖੇ ਅਨੁਸਾਰ ਸ਼ੋਕ ਮਤੇ ਪੇਸ਼ ਕੀਤੇ, ਜਿਸ ਦੀ ਪ੍ਰਵਾਨਗੀ ਹਾਊਸ ਵੱਲੋਂ ਦਿੱਤੀ ਗਈ।

(੨)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਜਥੇਦਾਰ ਦਲੀਪ ਸਿੰਘ ਜੀ ਮੱਲੂਨੰਗਲ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਜਥੇਦਾਰ ਦਲੀਪ ਸਿੰਘ ਜੀ ਮੱਲੂਨੰਗਲ ਦੋ ਵਾਰ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਦੇ ਲੰਮਾ ਸਮਾਂ ਮੈਂਬਰ ਰਹੇ ਹਨ। ਜੂਨ ੧੯੮੪ ਵਿੱਚ ਭਾਰਤੀ ਫ਼ੌਜ ਵੱਲੋਂ ਤਬਾਹ ਕੀਤੀ ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਮੁੜ ਸਥਾਪਿਤ ਕਰਨ ਵਿੱਚ ਵੱਡਾ

ਯੋਗਦਾਨ ਪਾਇਆ ਅਤੇ ਗੋਲਡਨ ਆਫਸੈੱਟ ਪ੍ਰੈਸ ਲਗਾਉਣ ਵਿੱਚ ਵੀ ਪਹਿਲ ਕਦਮੀ ਕੀਤੀ। ਉਨ੍ਹਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧਾਂ ਨੂੰ ਬਿਹਤਰ ਬਨਾਉਣ ਲਈ ਸਦਾ ਹੀ ਉਸਾਰੂ ਭੂਮਿਕਾ ਨਿਭਾਈ ਗਈ।

ਜਥੇਦਾਰ ਸਾਹਿਬ ਚੰਗੇ ਸੁਭਾਅ, ਨੇਕਦਿਲ ਅਤੇ ਮਿਲਣਸਾਰ ਸ਼ਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਵਿੱਦਿਆ ਦੇ ਖੇਤਰ ਵਿਚ ਸੁਧਾਰ ਕਰਨ ਲਈ ਅਹਿਮ ਯੋਗਦਾਨ ਪਾਇਆ। ਇਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਕਾਰਨ ਸਿੱਖ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਉਨ੍ਹਾਂ ਵੱਲੋਂ ਕੀਤੇ ਪੰਥਕ ਤੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਜੀ ਦੇ ਚਰਨਾਂ ਵਿੱਚ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੩)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਉੱਘੇ ਸਿੱਖ ਵਿਦਵਾਨ ਅਤੇ ਇਤਿਹਾਸਕਾਰ ਗਿਆਨੀ ਬਲਵੰਤ ਸਿੰਘ ਜੀ 'ਕੋਠਾ ਗੁਰੂ' ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਗਿਆਨੀ ਬਲਵੰਤ ਸਿੰਘ ਜੀ ਕੋਠਾ ਗੁਰੂ ਚੰਗੇ ਸੁਭਾਅ, ਨੇਕਦਿਲ ਅਤੇ ਮਿਲਣਸਾਰ ਇਨਸਾਨ ਸਨ।ਉਨ੍ਹਾਂ ਨੇ ਸਿੱਖ ਧਰਮ ਅਤੇ ਸਿੱਖ ਇਤਿਹਾਸ ਉੱਪਰ ਕਈ ਖੋਜ ਭਰਪੂਰ ਕਾਰਜ ਕੀਤੇ। ਕਈ ਮੌਲਿਕ ਕਿਤਾਬਾਂ ਸਿੱਖ ਪੰਥ ਦੀ ਝੋਲੀ ਪਾਈਆਂ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਸਬੰਧੀ ਖੋਜ ਕਰਕੇ ਇੱਥੋਂ ਦੇ ਇਤਿਹਾਸ ਨੂੰ ਸਿੱਖ ਪੰਥ ਦੇ ਸਨਮੁੱਖ ਕੀਤਾ। ਉਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਪੁਰ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਦੇ ਨਾਲ-ਨਾਲ ਪੰਥ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਗਿਆਨੀ ਬਲਵੰਤ ਸਿੰਘ ਜੀ 'ਕੋਠਾ ਗੁਰੂ' ਵੱਲੋਂ ਕੀਤੀਆਂ ਪੰਥਕ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਸਤਿਗੁਰੂ ਜੀ ਦੇ ਪਾਵਨ ਦਰ 'ਤੇ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ਣ ਤੇ ਪਿੱਛੇ ਪਰਿਵਾਰਿਕ ਮੈਂਬਰਾਂ, ਰਿਸ਼ੇਤਦਾਰਾਂ, ਸਾਕ-ਸਬੰਧੀਆਂ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੪)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਜਥੇਦਾਰ ਮੋਖਾ ਸਿੰਘ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਜਥੇਦਾਰ ਮੋਖਾ ਸਿੰਘ ਬਜ਼ੁਰਗ ਪੰਥਕ ਆਗੂ ਸਨ ਅਤੇ ਉਨ੍ਹਾਂ ਨੇ ਸਾਰੀ ਜਿੰਦਗੀ ਪੰਥਕ ਸੇਵਾ ਕਰਦਿਆਂ ਗੁਜ਼ਾਰੀ। ਉਨ੍ਹਾਂ ਨੇ ਸ਼੍ਰੋਮਣੀ ਗੁ:ਪ੍ਰ:ਕਮੇਟੀ ਮੈਂਬਰ ਵੱਜੋਂ ਵਿਚਰਦਿਆਂ ਸਿੱਖੀ ਪ੍ਰਚਾਰ ਲਈ ਬੇਹੱਦ ਸਾਰਥਿਕ ਭੂਮਿਕਾ ਨਿਭਾਈ।ਜਥੇਦਾਰ ਮੋਖਾ ਸਿੰਘ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਇਨਸਾਨ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਜਥੇਦਾਰ ਮੋਖਾ ਸਿੰਘ ਵੱਲੋਂ ਕੀਤੀਆਂ ਪੰਥਕ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਸਤਿਗੁਰੂ ਜੀ ਦੇ ਪਾਵਨ ਦਰ 'ਤੇ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਤੇ ਪਿੱਛੇ ਪਰਿਵਾਰਿਕ ਮੈਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

ਸਿੱਖ ਪੰਥ ਦੀਆਂ ਵਿਛੜੀਆਂ ਸਖ਼ਸ਼ੀਅਤਾਂ ਦੇ ਸਬੰਧ ਵਿੱਚ ਹਾਊਸ ਵਿੱਚ ਪੇਸ਼ ਕੀਤੇ ਗਏ ਸ਼ੋਕ ਮਤਿਆ ਤੋਂ ਬਾਅਦ ਪੰਜ ਵਾਰ ਮੂਲ ਮੰਤਰ ਸਾਹਿਬ ਦੇ ਜਾਪ ਕਰਨ ਉਪਰੰਤ ਮੁੱਖ ਸਕੱਤਰ ਸਾਹਿਬ ਵੱਲੋਂ ਬਜਟ ਪੇਸ਼ ਕਰਨ ਲਈ ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਬੇਨਤੀ ਕੀਤੀ ਗਈ।

ਸ੍ਰ. ਗੁਰਬਚਨ ਸਿੰਘ ਜੀ ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਹਾਊਸ ਵਿੱਚ ਹਾਜ਼ਰ ਸਿੰਘ ਸਾਹਿਬਾਨ, ਪ੍ਰਧਾਨ ਸਾਹਿਬ ਅਤੇ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਫਤਹਿ ਬੁਲਾਉਣ ਉਪਰੰਤ ਬਜਟ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ:-

ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਹਜ਼ੂਰੀ ਅੰਦਰ ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ 'ਚ ਬਿਰਾਜਮਾਨ ਸਤਿਕਾਰਯੋਗ ਸਿੰਘ ਸਾਹਿਬਾਨ, ਪ੍ਰਧਾਨ ਸਾਹਿਬ, ਅਤੇ ਸਮੂੰਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਜੀਓ,

**ਵਾਹਿਗੁਰੂ ਜੀ ਕਾ ਖ਼ਾਲਸਾ॥**
**ਵਾਹਿਗੁਰੂ ਜੀ ਕੀ ਫ਼ਤਹਿ॥**

ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਬੁਨਿਆਦ ਸਿੱਖਾਂ ਦੀਆਂ ਸ਼ਹਾਦਤਾਂ 'ਤੇ ਰੱਖੀ ਗਈ ਹੈ। ਅੰਗਰੇਜ਼ ਸਾਮਰਾਜ ਦੇ ਵਿਰੁੱਧ ਇਕ ਲੰਮੇ ਸੰਘਰਸ਼ ਤੋਂ ਬਾਅਦ ਇਸ ਇਤਿਹਾਸਕ ਸੰਸਥਾ ਦੀ ਸਥਾਪਨਾ ਹੋਈ ਸੀ। ਇਸ ਮਹਾਨ ਸੰਸਥਾ ਦੀ ਅਗਵਾਈ ਸਿੱਖ ਪੰਥ ਦੀਆਂ ਬਹੁਤ ਹੀ ਉੱਚ-ਕੋਟੀ ਦੀਆਂ ਸ਼ਖ਼ਸੀਅਤਾਂ ਨੇ ਕੀਤੀ ਹੈ। ਅੱਜ ਇਸ ਸੰਸਥਾ ਦੇ ਪ੍ਰਧਾਨ ਨੇਕ, ਇਮਾਨਦਾਰ ਅਤੇ ਪੰਥ-ਪ੍ਰਸਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਹਨ। ਮੈਂ ਅੱਜ ਦੇ ਬਜਟ ਇਜਲਾਸ ਵਿਚ ਸ਼ਾਮਲ ਹੋਏ ਸਿੰਘ ਸਾਹਿਬਾਨ, ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਦਾ ਸਵਾਗਤ ਕਰਦਾ ਹੋਇਆ ਅੱਜ ਦੇ ਬਜਟ ਇਜਲਾਸ ਲਈ ਸਾਰਿਆਂ ਤੋਂ ਪੂਰਨ ਸਹਿਯੋਗ ਦੀ ਆਸ ਕਰਦਾ ਹਾਂ।

ਸਭ ਤੋਂ ਪਹਿਲਾਂ ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਖੁੱਲ੍ਹਾ ਲਾਂਘਾ ਮਿਲਣ ਦੀ ਸਭ ਨੂੰ ਵਧਾਈ ਦਿੰਦਾ ਹਾਂ। ਇਹ ਮੁਬਾਰਕ ਕਾਰਜ ਸਿੱਖ ਕੌਮ ਦੀ ਮਹਾਨ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਯਤਨਾਂ ਅਤੇ ਸੰਗਤਾਂ ਦੀ ਅਰਦਾਸ ਸਦਕਾ ਨੇਪਰੇ ਚੜ੍ਹਿਆ ਹੈ। ਸ਼੍ਰੋਮਣੀ ਕਮੇਟੀ ਵੱਲੋਂ ਸਮੇਂ-ਸਮੇਂ ਜਨਰਲ ਸਮਾਗਮਾਂ ਦੌਰਾਨ ਇਸ ਸਬੰਧੀ ਵਿਸ਼ੇਸ਼ ਮਤੇ ਪਾਸ ਕਰਕੇ ਸਰਕਾਰਾਂ ਨੂੰ ਭੇਜੇ ਜਾਂਦੇ ਰਹੇ ਅਤੇ ਸਰਕਾਰਾਂ ਤੱਕ ਨਿੱਜੀ ਤੌਰ 'ਤੇ ਵੀ ਪਹੁੰਚ ਕੀਤੀ ਜਾਂਦੀ ਰਹੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਜਿਥੇ ਇਤਿਹਾਸਕ ਗੁਰਧਾਮਾਂ, ਤਖ਼ਤ ਸਾਹਿਬਾਨ ਦੀ ਸੇਵਾ ਸੰਭਾਲ ਦਾ ਪ੍ਰਬੰਧ ਦੇਖਦੀ ਹੈ, ਉਥੇ ਹੀ ਧਰਮ ਪ੍ਰਚਾਰ, ਸਿੱਖਿਆ ਦੇ ਪ੍ਰਸਾਰ ਅਤੇ ਸਮਾਜ ਭਲਾਈ ਦੇ ਕੰਮਾਂ ਵਿਚ ਵੀ ਅਹਿਮ ਯੋਗਦਾਨ ਪਾ ਰਹੀ ਹੈ। ਇਹ ਸਿੱਖ ਪੰਥ ਦੀਆਂ ਉਮੀਦਾਂ ਅਨੁਸਾਰ ਸਦਾ ਕਾਰਜਸ਼ੀਲ ਰਹਿੰਦੀ ਹੈ। ਇਸ ਸਾਲ ਸਾਨੂੰ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਗੁਰਪੁਰਬ ਮਨਾਉਣ ਦਾ ਸੁਭਾਗ ਪ੍ਰਾਪਤ ਹੋ ਰਿਹਾ ਹੈ, ਇਸ ਸਬੰਧ ਵਿਚ ਜਗਤ ਗੁਰੂ ਸ੍ਰੀ ਗੁਰੂ ਨਾਨਕ

ਦੇਵ ਜੀ ਦੀ ਚਰਨ-ਛੋਹ ਪ੍ਰਾਪਤ ਧਰਤੀ ਭਾਰਤ ਤੋਂ ਇਲਾਵਾ ਪਾਕਿਸਤਾਨ, ਨੇਪਾਲ, ਬੰਗਲਾ ਦੇਸ਼ ਅਤੇ ਸ੍ਰੀ ਲੰਕਾ ਵਿਚ ਗੁਰਮਤਿ ਸਮਾਗਮ ਕਰਵਾਏ ਜਾਣਗੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਇਤਿਹਾਸਕ ਪ੍ਰਕਾਸ਼ ਗੁਰਪੁਰਬ ਨੂੰ ਯਾਦਗਾਰੀ ਢੰਗ ਨਾਲ ਮਨਾਉਣ ਲਈ ਵਿਸ਼ੇਸ ਸਮਾਗਮ ਕਰਵਾਏ ਜਾ ਰਹੇ ਹਨ। ਇਸ ਸਬੰਧੀ ਦੇਸ਼ਾਂ-ਵਿਦੇਸ਼ਾਂ ਵਿਚ ਗੁਰਮਤਿ ਸਮਾਗਮ, ਸੈਮੀਨਾਰ, ਸ਼ਬਦ ਗੁਰੂ ਯਾਤਰਾ, ਨਗਰ ਕੀਰਤਨ ਅਤੇ ਕੀਰਤਨ ਦਰਬਾਰ ਕੀਤੇ ਜਾ ਰਹੇ ਹਨ ਅਤੇ ਇਸ ਤੋਂ ਇਲਾਵਾਂ ਸੋਨੇ, ਚਾਂਦੀ ਦੇ ਯਾਦਗਰੀ ਸਿੱਕੇ ਵੀ ਜਾਰੀ ਕੀਤੇ ਜਾ ਚੁੱਕੇ ਹਨ।

ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਵਿਕਾਸ ਕਾਰਜ ਵੱਡੀ ਪੱਧਰ 'ਤੇ ਆਰੰਭੇ ਗਏ ਹਨ। ਸੁਲਤਾਨਪੁਰ ਲੋਧੀ ਵਿਖੇ ਗੁਰਦੁਆਰਾ ਸੰਤਘਾਟ ਦੇ ਨਜ਼ਦੀਕ ਮੂਲ ਮੰਤਰ ਅਸਥਾਨ ਉਸਾਰਿਆ ਜਾ ਰਿਹਾ ਹੈ। ਵੱਖ-ਵੱਖ ਮਾਰਗਾਂ 'ਤੇ ਯਾਦਗਾਰੀ ਗੇਟਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਸੇ ਤਰ੍ਹਾਂ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਅਸਥਾਨਾਂ ਵਿਖੇ ਵੀ ਵਿਸ਼ੇਸ਼ ਕਾਰਜ ਕਰਵਾਏ ਜਾ ਰਹੇ ਹਨ। ਗੁਰੂ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ, ਮੈਡੀਕਲ ਕੈਂਪ, ਸਿਕਲੀਗਰ ਤੇ ਵਣਜਾਰੇ ਸਿੱਖਾਂ ਦੀ ਮੱਦਦ, ਗਾਵਹੁ ਸਚੀ ਬਾਣੀ ਅਤੇ ਸਿੱਖ ਇਤਿਹਾਸ ਸਬੰਧੀ ਸਵਾਲ-ਜਵਾਬ ਪ੍ਰਤੀਯੋਗਤਾਵਾਂ ਕਰਵਾਈਆਂ ਜਾ ਰਹੀਆਂ ਹਨ, ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜੀਫ਼ੇ, ਗੁਰਸਿੱਖ ਖਿਡਾਰੀਆਂ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਤੇ ਵੱਖ-ਵੱਖ ਬੋਰਡਾਂ ਦੇ ਇਮਤਿਹਾਨਾਂ ਵਿੱਚੋਂ ਵਿਸ਼ੇਸ਼ ਸਥਾਨ ਗ੍ਰਹਿਣ ਕਰਨ ਵਾਲੇ ਗੁਰਸਿੱਖ ਨੌਜਵਾਨਾਂ ਦਾ ਸਨਮਾਨ ਕੀਤਾ ਜਾਂਦਾ ਹੈ। ਗਰੀਬ ਲੋੜਵੰਦ ਲੜਕੀਆਂ ਦੇ ਅਨੰਦ ਕਾਰਜ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਆਦਿ ਦੀ ਵਿਵਸਥਾ ਕੀਤੀ ਗਈ ਹੈ। ਇਸੇ ਤਰ੍ਹਾਂ ਵਾਤਾਵਰਨ ਦੀ ਸ਼ੁੱਧਤਾ ਲਈ ਉਪਰਾਲੇ, ਵਿੱਦਿਅਕ ਅਦਾਰਿਆਂ ਲਈ ਨਵੀਆਂ ਸੋਧਾਂ ਅਤੇ ਸੇਧਾਂ, ਕੁਦਰਤੀ ਖੇਤੀ ਨੂੰ ਉਤਸ਼ਾਹਤ ਕਰਨਾ ਆਦਿ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਮੁੱਖ ਏਜੰਡਾ ਰਿਹਾ ਹੈ। ਕੁਦਰਤੀ ਆਫਤਾਂ (ਭੂਚਾਲ, ਤੁਫਾਨ, ਹੜਾਂ ਅਤੇ ਸੁਨਾਮੀ ਆਦਿ) ਸਮੇਂ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਿਨਾ ਵਿਤਕਰੇ ਅਤੇ ਭੇਦ-ਭਾਵ ਤੋਂ ਹਮੇਸ਼ਾਂ ਮਨੁੱਖੀ ਭਲਾਈ ਲਈ ਵੱਡਮੁੱਲੀਆਂ ਸੇਵਾਵਾਂ ਕਰਨ ਵਿਚ ਮੋਹਰੀ ਰੋਲ ਅਦਾ ਕੀਤਾ ਹੈ ਤੇ ਕਰਦੀ ਰਹੇਗੀ। ਸਿੱਖੀ ਦੇ ਪ੍ਰਚਾਰ ਲਈ ਵਿਸ਼ੇਸ਼ ਤੌਰ 'ਤੇ ਵੱਡੀ ਗਿਣਤੀ ਵਿਚ ਪ੍ਰਚਾਰਕਾਂ ਅਤੇ ਧਾਰਮਿਕ ਅਧਿਆਪਕਾਂ ਦੀ ਨਿਯੁਕਤੀ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਨਿਰੰਤਰ ਚੱਲ ਰਹੇ ਸਾਰੇ ਕਾਰਜਾਂ ਅਤੇ ਪ੍ਰਾਪਤੀਆਂ ਦੀ ਸੂਚੀ ਬਹੁਤ ਲੰਮੀ ਹੈ ਜੋ ਇਥੇ ਵਿਸਥਾਰ ਨਾਲ ਦੇਣੀ ਅਸੰਭਵ ਹੈ। ਇਹ ਸਾਰੇ ਕਾਰਜ ਅਤੇ ਪ੍ਰਾਪਤੀਆਂ ਸ਼੍ਰੋਮਣੀ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮਾਸਿਕ ਪੱਤਰਾਂ, ਗੁਰਦੁਆਰਾ ਗਜ਼ਟ, ਗੁਰਮਤਿ ਪ੍ਰਕਾਸ਼, ਗੁਰਮਤਿ ਗਿਆਨ ਤੇ ਸੇਵਾ ਸਰਗਰਮੀਆਂ ਰਾਹੀਂ ਸੰਗਤ ਤੱਕ ਪੁੱਜਦਾ ਹੋ ਰਹੇ ਹਨ। ਇਹ ਸਾਰੇ ਕਾਰਜ ਸੰਗਤਾਂ ਵੱਲੋਂ ਆਪਣੀ ਕਿਰਤ ਕਮਾਈ ਵਿਚੋਂ ਭੇਟ ਕੀਤੀ ਮਾਇਆ ਨਾਲ ਹੀ ਕੀਤੇ ਜਾ ਰਹੇ ਹਨ।

ਬਜਟ ਸਬੰਧੀ ਦਾਸ ਇਹ ਸਪੱਸ਼ਟ ਕਰਨਾ ਜ਼ਰੂਰੀ ਸਮਝਦਾ ਹੈ ਕਿ ਸ਼੍ਰੋਮਣੀ ਕਮੇਟੀ ਦਾ ਆਪਣਾ ਬਜਟ ਕੇਵਲ ਬੈਂਕਾਂ ਦਾ ਵਿਆਜ, ਠੇਕੇ ਜ਼ਮੀਨਾਂ ਅਤੇ ਮੁਲਾਜ਼ਮਾਂ ਵੱਲੋਂ ਸਮਾਜ ਭਲਾਈ ਲਈ ਜਮ੍ਹਾਂ ਕਰਾਈ ਜਾਂਦੀ ਰਾਸ਼ੀ ਹੀ ਹੈ। ਹੇਠਾਂ ਦਿੱਤੇ ਬਜਟ, ਜਨਰਲ ਬੋਰਡ ਫੰਡ, ਟਰੱਸਟ ਫੰਡ, ਵਿੱਦਿਆ ਫੰਡ ਅਤੇ ਧਰਮ ਪ੍ਰਚਾਰ ਕਮੇਟੀ ਦੀ ਆਮਦਨ ਦਾ ਵੱਡਾ ਹਿੱਸਾ ਕੇਵਲ ਗੁਰਦੁਆਰਾ ਸਾਹਿਬਾਨ ਪਾਸੋਂ ਨਿਯਮਾਂ ਅਨੁਸਾਰ ਇੱਕਤਰ ਕੀਤੇ ਜਾਂਦੇ ਫੰਡਾਂ 'ਤੇ ਹੀ ਨਿਰਭਰ ਕਰਦਾ ਹੈ।

ਬਜਟ ਸਬ-ਕਮੇਟੀ ਵੱਲੋਂ ਸਾਲ ੨੦੧੯-੨੦੨੦ ਦੇ ਬਜਟ ਦੀ ਕੀਤੀ ਘੋਖ-ਪੜਤਾਲ ਦੇ ਅਧਾਰ 'ਤੇ ਅੰਤ੍ਰਿੰਗ ਕਮੇਟੀ ਵੱਲੋਂ ਕੀਤੀ ਸਿਫਾਰਸ਼ ਅਨੁਸਾਰ ਤਰਤੀਬ ਵਾਰ ਵੇਰਵਾ, ਸੰਖੇਪ ਤੌਰ 'ਤੇ ਹੇਠ ਲਿਖੇ ਅਨੁਸਾਰ ਹੈ:-

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਜਟ ਨੂੰ ਚਾਰ ਮੁੱਖ ਭਾਗਾਂ ਵਿੱਚ ਵੰਡਿਆ ਗਿਆ ਹੈ।

**(੧) ਜਨਰਲ ਬੋਰਡ ਫੰਡ ਸ਼੍ਰੋਮਣੀ ਗੁ:ਪ੍ਰ:ਕਮੇਟੀ:-**

ਸ਼ੁੱਧ ਆਮਦਨ
(ਵਿਆਜ ਅਤੇ ਕਿਰਾਏ ਆਦਿ): - ਤਿੰਨ ਕਰੋੜ ਚਰਵਿੰਜਾ ਲੱਖ ਪੰਜਾਹ ਹਜ਼ਾਰ ਰੁਪਏ।
ਗੁਰਦੁਆਰਾ ਸਾਹਿਬਾਨ ਪਾਸੋਂ
ਪ੍ਰਾਪਤ ਫੰਡ, ਸਹਾਇਤਾ : -ਅੱਠਾਹਠ ਕਰੋੜ ਪਚਾਨਵੇਂ ਲੱਖ ਪੰਜਾਹ ਹਜ਼ਾਰ ਰੁਪਏ।
ਕੁੱਲ ਬਜਟ : - ਬਹੱਤਰ ਕਰੋੜ ਪੰਜਾਹ ਲੱਖ ਰੁਪਏ।

(੨) ਟਰੱਸਟ ਫੰਡ ਸ਼੍ਰੋਮਣੀ ਗੁ:ਪ੍ਰ ਕਮੇਟੀ:-

ਸ਼ੁੱਧ ਆਮਦਨ : - ਦਸ ਕਰੋੜ ਤੀਹ ਲੱਖ ਰੁਪਏ।
ਗੁਰਦੁਆਰਾ ਸਾਹਿਬਾਨ ਪਾਸੋਂ
ਪ੍ਰਾਪਤ ਫੰਡ ਅਤੇ ਸਹਾਇਤਾ : - ਚਾਲੀ ਕਰੋੜ ਤੀਹ ਲੱਖ ਰੁਪਏ।
ਕੁੱਲ ਬਜਟ : - ਪੰਜਾਹ ਕਰੋੜ ਸੱਠ ਲੱਖ ਰੁਪਏ।

(੩) ਵਿਦਿਆ ਫੰਡ ਸ਼੍ਰੋਮਣੀ ਗੁ:ਪ੍ਰ:ਕਮੇਟੀ:-

ਸ਼ੁੱਧ ਆਮਦਨ : - ਦੋ ਕਰੋੜ ਚੌਵੀ ਲੱਖ ਪੰਦਰਾਂ ਹਜ਼ਾਰ ਰੁਪਏ।
ਗੁਰਦੁਆਰਾ ਸਾਹਿਬਾਨ ਪਾਸੋਂ
ਪ੍ਰਾਪਤ ਫੰਡ ਅਤੇ ਸਹਾਇਤਾ : - ਪੈਂਤੀ ਕਰੋੜ ਪੰਦਰਾਂ ਲੱਖ ਪਚਾਸੀ ਹਜ਼ਾਰ ਰੁਪਏ।
ਕੁੱਲ ਬਜਟ : - ਸੈਂਤੀ ਕਰੋੜ ਚਾਲੀ ਲੱਖ ਰੁਪਏ।

(੪) ਪ੍ਰਿੰਟਿੰਗ ਪ੍ਰੈੱਸਾਂ ਸ਼੍ਰੋਮਣੀ ਗੁ:ਪ੍ਰ:ਕਮੇਟੀ:-

ੳ) ਗੋਲਡਨ ਆਫਸੈੱਟ ਪ੍ਰੈੱਸ : - ਪੰਜ ਕਰੋੜ ਪੰਜਾਹ ਲੱਖ ਰੁਪਏ।
ਅ) ਗੁਰਦੁਆਰਾ ਪ੍ਰਿੰਟਿੰਗ ਪ੍ਰੈੱਸ : - ਤਰਾਨਵੇਂ ਲੱਖ ਰੁਪਏ।
ੲ) ਸ਼੍ਰੋਮਣੀ ਪ੍ਰਿੰਟਿੰਗ ਪ੍ਰੈੱਸ : - ਬਿਆਸੀ ਲੱਖ ਰੁਪਏ।
ਸ) ਸ੍ਰੀ ਗੁਰੂ ਗ੍ਰੰਥ ਸਾਹਿਬ ਮਿਸ਼ਨ,
ਸ਼ਾਹਪੁਰ (ਅੰਬਾਲਾ) : - ਚਾਲੀ ਲੱਖ ਰੁਪਏ

### ਬਜਟ ਦੀਆਂ ਖਾਸ-ਖਾਸ ਮੱਦਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ:-

## ਜਨਰਲ ਬੋਰਡ ਫੰਡ

ਜਨਰਲ ਬੋਰਡ ਫੰਡ ਦੀ ਬਣਤਰ ਸਿੱਖ ਗੁਰਦੁਆਰਾ ਐਕਟ ੧੯੨੫ ਦੀ ਧਾਰਾ ੧੦੮ ਅਨੁਸਾਰ ਹੈ। ਇਸ ਫੰਡ ਦੀ ਸਿੱਧੇ ਤੌਰ 'ਤੇ ਆਮਦਨ ਦਾ ਮੁੱਖ ਸਰੋਤ ਦਸਵੰਧ ਹੈ, ਜੋ ਕਿ ਗੁਰਦੁਆਰਾ ਸਾਹਿਬਾਨ ਸੈਕਸ਼ਨ ੮੫ ਅਤੇ ੮੭ ਪਾਸੋਂ ਨਿਯਮਾਂ ਅਨੁਸਾਰ ਉਨ੍ਹਾਂ ਦੀ ਅਸਲ ਆਮਦਨ ਦਾ ੧੦% ਹਿੱਸਾ ਹੀ ਹੁੰਦਾ ਹੈ। ਇਸ ਤੋਂ ਇਲਾਵਾ ਬੈਂਕ ਖਾਤਿਆਂ ਦੇ ਵਿਆਜ ਦੀ ਆਮਦਨ ਵੀ ਇਸ ਬਜਟ ਦਾ ਸਰੋਤ ਬਣਦੀ ਹੈ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਸਫਰ ਖ਼ਰਚ, ਮੁਕੱਦਮਿਆਂ ਦੇ ਖ਼ਰਚ, ਆਡਿਟ ਫੀਸ, ਡਾਕ ਖ਼ਰਚ, ਗੱਡੀਆਂ ਦੇ ਖ਼ਰਚ, ਇਮਾਰਤਾਂ ਦੇ ਖ਼ਰਚ, ਸਹਾਇਤਾ ਅਤੇ ਮੁਲਾਜ਼ਮਾਂ

ਦੀਆਂ ਤਨਖ਼ਾਹਾਂ, ਆਦਿ ਇਸ ਫੰਡ ਦੇ ਮੁੱਖ ਖ਼ਰਚੇ ਹਨ, ਜਿਸ ਦੀ ਵੰਡ ਹੇਠ ਲਿਖੇ ਅਨੁਸਾਰ ਹੈ:-

- ਜੂਨ ੧੯੮੪ ਦੇ ਘੱਲੂਘਾਰੇ, ਸਿੱਖ ਨਸਲਕੁਸ਼ੀ ਨਵੰਬਰ ੧੯੮੪, ਧਰਮੀ ਫ਼ੌਜੀਆਂ, ਜੋਧਪੁਰ ਦੇ ਬੰਦੀ ਸਿੰਘਾਂ ਦੇ ਮੁਆਵਜੇ ਅਤੇ ਹੋਰ ਕੌਮੀ ਮਸਲਿਆਂ ਨਾਲ ਸੰਬੰਧਤ ਮੁਕੱਦਮਿਆਂ ਦੀ ਪੈਰਵੀ ਵਾਸਤੇ ਇੱਕ ਕਰੋੜ ਸੱਠ ਲੱਖ ਰੁਪਏ
- ਗਰੀਬ ਅਤੇ ਲੋੜਵੰਦਾਂ ਲਈ, ਗਰੀਬ ਸਿੱਖ ਵਿਦਿਆਰਥੀਆਂ ਲਈ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਲਈ ਅਤੇ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਲਈ ਸਹਾਇਤਾ ਸੋਲ੍ਹਾਂ ਕਰੋੜ ਪੰਜਾਹ ਲੱਖ ਰੁਪਏ
- ਤਨਖਾਹਾਂ ਆਦਿ ਵਾਸਤੇ ਸਤਾਈ ਕਰੋੜ ਪੰਜਤਾਲੀ ਲੱਖ ਰੁਪਏ
- ਸਫਰ ਖ਼ਰਚ ਮੈਂਬਰ ਸਾਹਿਬਾਨ, ਪਚਾਸੀ ਲੱਖ ਰੁਪਏ
- ਸਫਰ ਖ਼ਰਚ ਮੁਲਾਜ਼ਮਾਂ ਪੈਂਹਠ ਲੱਖ ਰੁਪਏ
- ਸਬ-ਆਫਿਸ (ਚੰਡੀਗੜ, ਕੁਰੂਕਸ਼ੇਤਰ, ਤਲਵੰਡੀ ਸਾਬ੍ਹੋ ਕੀ, ਸ੍ਰੀ ਅਨੰਦਪੁਰ ਸਾਹਿਬ) ਲਈ ਤਿੰਨ ਕਰੋੜ ਵੀਹ ਲੱਖ ਰੁਪਏ ਰੱਖੇ ਗਏ ਹਨ
- ਪੂੰਜੀਗਤ ਖ਼ਰਚੇ ਬਾਰ੍ਹਾਂ ਕਰੋੜ ਪੰਜਤਾਲੀ ਲੱਖ ਰੁਪਏ

## ਵਿਦਿਆ ਫੰਡ

ਮਾਨਯੋਗ ਪ੍ਰਧਾਨ ਸਾਹਿਬ ਦੇ ਉਚੇਚੇ ਯਤਨਾਂ ਸਦਕਾ ਸਿੱਖ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਬਤ ਸੂਰਤ ਸਿੱਖ ਖਿਡਾਰੀਆਂ ਦੀਆਂ ਹਾਕੀ ਅਤੇ ਕਬੱਡੀ ਦੀਆਂ ਟੀਮਾਂ ਤਿਆਰ ਕੀਤੀਆਂ ਗਈਆਂ ਹਨ। ਬਾਬਾ ਬਕਾਲਾ ਸਾਹਿਬ ਅਤੇ ਫਰੀਦਕੋਟ ਵਿਖੇ ਖਿਡਾਰੀਆਂ ਲਈ ਹਾਕੀ ਦੀਆਂ ਦੋ ਅਕੈਡਮੀਆਂ ਚਲਾਈਆਂ ਜਾ ਰਹੀਆਂ ਹਨ। ਇਹਨਾਂ ਨੇ ਵੱਖ-ਵੱਖ ਖੇਡ-ਮੇਲੇ ਅਤੇ ਟੂਰਨਾਮੈਂਟਾਂ ਵਿੱਚ ਮੱਲਾਂ ਮਾਰੀਆਂ ਹਨ। ਇਸੇ ਤਰ੍ਹਾਂ ਗੁਰਦੁਆਰਾ ਸ੍ਰੀ ਫਤਹਿਗੜ ਸਾਹਿਬ ਵਿਖੇ ਬਾਬਾ ਜ਼ੋਰਾਵਰ ਸਿੰਘ ਬਾਬਾ ਫਤਹਿ ਸਿੰਘ ਕਬੱਡੀ ਅਕੈਡਮੀ ਸਫਲਤਾ ਪੂਰਵਕ ਚੱਲ ਰਹੀ ਹੈ।ਇਸ ਕਬੱਡੀ ਅਕੈਡਮੀ ਵਿਚ ਇਸ ਸਮੇਂ ੩੬ ਸਿੱਖ ਖਿਡਾਰੀ ਖੇਡ ਰਹੇ ਹਨ। ਸ਼੍ਰੋਮਣੀ ਗੁਰੁਦਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਕਬੱਡੀ ਟੀਮ ਨੇ ਭਾਰਤ ਅਤੇ ਵਿਦੇਸ਼ਾਂ ਵਿੱਚ ਹੋਏ ਕਈ ਮੁਕਾਬਲਿਆਂ ਵਿੱਚ ਜਿੱਤਾਂ ਪ੍ਰਾਪਤ ਕੀਤੀਆਂ ਅਤੇ ਨਾਮਨਾ ਖੱਟਿਆ ਹੈ।

ਵਿਦਿਆ ਦੇ ਪ੍ਰਸਾਰ ਲਈ ਪ੍ਰਬੰਧ ਸਕੀਮ ਅਨੁਸਾਰ ਗੁ: ਸਾਹਿਬਾਨ ਸੈਕਸ਼ਨ ੮੫ ਦੀ ਅਸਲ ਆਮਦਨ ਦਾ ੫% ਵਿਦਿਆ ਫੰਡਜ਼ ਵਜੋਂ ਇਕੱਤਰ ਕੀਤਾ ਜਾਂਦਾ ਹੈ। ਇਹ ਰਕਮ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਪ੍ਰਬੰਧ 'ਚ ਚਲਦੇ ਸਕੂਲਾਂ/ਕਾਲਜਾਂ ਦੇ ਅਨ-ਏਡਿਡ ਸਟਾਫ ਦੀਆਂ ਤਨਖ਼ਾਹਾਂ, ਏਡਿਡ ਸਕੂਲਾਂ/ਕਾਲਜਾਂ ਦੇ ਗਵਰਨਿੰਗ ਬਾਡੀ ਦਾ ਬਣਦਾ ੫% ਹਿੱਸਾ, ਸਕੂਲਾਂ/ਕਾਲਜਾਂ ਦੀਆ ਇਮਾਰਤਾਂ, ਇਹਨਾਂ ਲਈ ਲੋੜੀਂਦੇ ਸਾਜੋ ਸਮਾਨ, ਸਪੋਰਟਸ ਵਿੰਗਜ਼ ਆਦਿ ਲਈ ਖ਼ਰਚ ਕੀਤਾ ਜਾਂਦਾ ਹੈ। ਸਾਲ ੨੦੧੯-੨੦੨੦ ਦਾ ਵਿਦਿਆ ਫੰਡ ਦਾ ਕੁੱਲ ਬਜਟ ਸੈਂਤੀ ਕਰੋੜ ਚਾਲੀ ਲੱਖ ਰੁਪਏ ਦਾ ਹੈ, ਜਿਸ ਦੀ ਵੰਡ ਹੇਠ ਲਿਖੇ ਅਨੁਸਾਰ ਹੈ-

- ੪੩ ਸਕੂਲਾਂ ਦੇ ਅਨਏਡਿਡ ਸਟਾਫ ਅਤੇ ਏਡਿਡ ਸਟਾਫ ਦੀਆਂ ਤਨਖ਼ਾਹਾਂ ਲਈ ਨੌਂ ਕਰੋੜ ਅੱਸੀ ਲੱਖ ਚੁਹੱਤਰ ਹਜ਼ਾਰ ਅੱਠ ਸੌ ਅੜਤਾਲੀ ਰੁਪਏ
- ੨੯ ਕਾਲਜਾਂ ਦੇ ਸਟਾਫ ਦੀਆਂ ਤਨਖ਼ਾਹਾਂ ਲਈ ਦਸ ਕਰੋੜ ਇਕਵਿੰਜਾ ਲੱਖ ਬਾਰ੍ਹਾਂ ਹਜ਼ਾਰ ਰੁਪਏ
- ਪੰਜਾਬ ਅਤੇ ਬਾਹਰਲੇ ਸੂਬਿਆਂ ਵਿੱਚ ਚੱਲ ਰਹੇ ਵਿਦਿਅਕ ਅਦਾਰਿਆਂ ਲਈ ਸੱਠ ਲੱਖ ਰੁਪਏ
- ਕਾਲਜਾਂ ਦੇ ਰਿਟਾਇਰ ਸਟਾਫ ਦੀ ਗ੍ਰੈਚੁਇਟੀ ਲਈ ਦੋ ਕਰੋੜ ਰੁਪਏ

- ਸਕੂਲਾਂ ਅਤੇ ਕਾਲਜਾਂ ਵਿੱਚ ਖ਼ਾਲਸਾਈ ਖੇਡਾਂ ਲਈ ਸੱਠ ਲੱਖ ਰੁਪਏ
- ਸਕੂਲਾਂ ਅਤੇ ਕਾਲਜਾਂ ਵਿੱਚ ਗੁਰਮਤਿ ਸੱਭਿਆਚਾਰਕ ਮੁਕਾਬਲਿਆਂ ਲਈ ਦਸ ਲੱਖ ਰੁਪਏ
- ਮੌਜੂਦਾ ਸਕੂਲਾਂ ਕਾਲਜਾਂ ਦਾ ਨਵੀਨੀਕਰਣ, ਬੁਨਿਆਦੀ ਢਾਂਚਾ (ਇਨਫਰਾਸਟਰਕਚਰ) ਅਤੇ ਨਵੀਆਂ ਗੱਡੀਆਂ ਆਦਿ ਲਈ ਪੰਜ ਕਰੋੜ ਪੰਜ ਲੱਖ ਅਠਾਈ ਹਜ਼ਾਰ ਇੱਕ ਸੌ ਬਵਿੰਜਾ ਰੁਪਏ
- ਨਵੇਂ ਵਿਦਿਅਕ ਅਦਾਰੇ ਅਤੇ ਤਰੱਕੀ ਸਕੂਲਾਂ ਕਾਲਜਾਂ ਲਈ ਇੱਕ ਕਰੋੜ ਪੰਜਾਹ ਲੱਖ ਰੁਪਏ
- ਖੇਡਾਂ ਅਤੇ ਸਿੱਖ ਖਿਡਾਰੀਆਂ ਨੂੰ ਹੋਰ ਉਤਸ਼ਾਹਿਤ ਕਰਨ ਲਈ ਇਸ ਸਾਲ ਦੇ ਬਜਟ 'ਚ ਇੱਕ ਕਰੋੜ ਰੁਪਏ ਰੱਖੇ ਗਏ ਹਨ।

## ਟਰੱਸਟ ਫੰਡਜ਼

ਸਿੱਖ ਗੁ: ਐਕਟ ਦੀਆਂ ਵੱਖ-ਵੱਖ ਧਾਰਾਵਾਂ ਦੇ ਅਧਾਰ ਤੇ ਪ੍ਰਬੰਧ ਸਕੀਮ ਅਨੁਸਾਰ ਟਰੱਸਟ ਫੰਡ ਵਾਸਤੇ ਗੁਰਦੁਆਰਾ ਸਾਹਿਬਾਨ ਸੈਕਸ਼ਨ (੮੫) ਦੀ ਅਸਲ ਆਮਦਨ ਦਾ ਤਕਰੀਬਨ ੪% ਤੋਂ ੭% ਤੱਕ ਇਕੱਤਰ ਕੀਤਾ ਜਾ ਸਕਦਾ ਹੈ ਇਸ ਸਾਲ ਦੇ ਬਜਟ ਵਿਚ ਇਹ ੪% ਤੱਕ ਹੀ ਲਿਆ ਗਿਆ ਹੈ। ਇਸ ਸਮੇ ਸਿੱਖ ਇਤਿਹਾਸ ਬੋਰਡ ਫੰਡ, ਗੁਰਬਾਣੀ ਤੇ ਗੁਰਮਤਿ ਲਿਟਰੇਚਰ ਫੰਡ, ਧਰਮ ਅਰਥ ਫੰਡ, ਭਾਈਚਾਰਕ ਸੁਧਾਰ ਫੰਡ, ਸ਼ਹੀਦੀ ਫੰਡ, ਕੁਦਰਤੀ ਆਫਤਾਂ ਫੰਡ ਸਮੇਤ ਕੁੱਲ ੨੦ ਟਰੱਸਟ ਹਨ। ਇਹਨਾਂ ਦਾ ਖ਼ਰਚ ਟਰੱਸਟਾਂ ਦੀ ਬਣਤਰ 'ਚ ਤੈਅ ਕੀਤੀਆਂ ਮੱਦਾਂ ਤੇ ਹੀ ਕੀਤਾ ਜਾਂਦਾ ਹੈ।

- ਸਿੱਖ ਇਤਿਹਾਸ ਦੀ ਖੋਜ, ਲਿਖਾਈ, ਛਪਾਈ ਅਤੇ ਹੋਰ ਪੁਰਾਤਨ ਗ੍ਰੰਥਾ ਦੀ ਛਪਾਈ ਲਈ ਸੱਤਰ ਲੱਖ ਰੁਪਏ
- ਵਿਦੇਸ਼ਾਂ ਵਿੱਚੋਂ ਸ੍ਰੀ ਗੁਰੂ ਗੰਥ ਸਾਹਿਬ ਦੀ ਮਰਿਆਦਾ ਅਨੁਸਾਰ ਛਪਾਈ ਲਈ ਪ੍ਰੈਸ (U.S.A) ਦੋ ਕਰੋੜ ਪੰਜਾਹ ਲੱਖ ਰੁਪਏ ਕੇਵਲ
- ਮਾਰੂ ਬੀਮਾਰੀਆਂ ਤੋਂ ਪੀੜਤ ਮਰੀਜ਼ਾਂ, ਗਰੀਬ ਬੱਚਿਆਂ ਦੀ ਪੜ੍ਹਾਈ ਲਿਖਾਈ, ਆਰਥਿਕ ਪੱਖੋਂ ਕਮਜ਼ੋਰ ਵਿਅਕਤੀਆਂ ਦੀ ਮਦਦ ਲਈ ਧਰਮ ਅਰਥ ਫੰਡ ਵਾਸਤੇ ਇੱਕ ਕਰੋੜ ਪਚਾਨਵੇਂ ਲੱਖ ਰੁਪਏ
- ਸਾਲ ਦੌਰਾਨ ਆਉਣ ਵਾਲੀਆਂ ਕੁਦਰਤੀ ਆਫਤਾਂ ਜਿਵੇਂ ਤੂਫਾਨ, ਸੁਨਾਮੀ ਅਤੇ ਭੁਚਾਲ ਆਦਿ ਲਈ ਕੁਦਰਤੀ ਆਫਤਾਂ ਫੰਡ ਵਾਸਤੇ ਸੱਤਰ ਲੱਖ ਰੁਪਏ
- ਧਰਮੀ ਫ਼ੌਜੀਆਂ ਅਤੇ ਉਹਨਾਂ ਦੇ ਪਰਿਵਾਰਾਂ ਲਈ ਸਹਾਇਤਾ ਆਦਿ ਦੋ ਕਰੋੜ ਰੁਪਏ

## ਪ੍ਰਿੰਟਿੰਗ ਪ੍ਰੈੱਸਾਂ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਗੁਰਮਤਿ ਸਹਿਤ ਪ੍ਰਕਾਸ਼ਤ ਕਰਨ ਦਾ ਸਭ ਤੋਂ ਵੱਡਾ ਅਦਾਰਾ ਹੈ। ਜਿਸ ਵਿਚ ਛੋਟੇ ਕਿਤਾਬਚਿਆਂ ਤੋਂ ਲੈ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਤੱਕ ਦੀ ਛਪਾਈ ਸ਼ਰਧਾ, ਸਤਿਕਾਰ, ਭਾਵਨਾ ਅਤੇ ਮਰਯਾਦਾ ਨਾਲ ਕੀਤੀ ਜਾਂਦੀ ਹੈ। ਹੁਣ ਮੈਂ ਆਪ ਜੀ ਦੀ ਸੇਵਾ ਵਿਚ ਪ੍ਰਿੰਟਿੰਗ ਪ੍ਰੈਸਾਂ ਦੇ ਬਜਟ ਪੇਸ਼ ਕਰ ਰਿਹਾ ਹਾਂ, ਜੋ ਹੇਠ ਲਿਖੇ ਅਨੁਸਾਨ ਹਨ:-

- ਗੋਲਡਨ ਆਫ਼ਸੈਟ ਪ੍ਰੈਸ ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਪੰਜ ਕਰੋੜ ਪੰਜਾਹ ਲੱਖ ਰੁਪਏ
- ਗੁਰਦੁਆਰਾ ਪ੍ਰਿੰਟਿੰਗ ਪ੍ਰੈਸ ਰਾਮਸਰ ਰੋਡ, ਸ੍ਰੀ ਅੰਮ੍ਰਿਤਸਰ - ਤਰਿਆਨਵੇਂ ਲੱਖ ਰੁਪਏ
- ਸ਼੍ਰੋਮਣੀ ਪ੍ਰਿੰਟਿੰਗ ਪ੍ਰੈਸ (ਸ਼੍ਰੋਮਣੀ ਗੁ:ਪ੍ਰੰ:ਕਮੇਟੀ) ਸ੍ਰੀ ਅੰਮ੍ਰਿਤਸਰ - ਬਿਆਸੀ ਲੱਖ ਰੁਪਏ
- ਸ੍ਰੀ ਗੁਰੂ ਗ੍ਰੰਥ ਸਾਹਿਬ ਮਿਸ਼ਨ ਸ਼ਾਹਪੁਰ (ਅੰਬਾਲਾ ਕੈਂਟ) - ਚਾਲੀ ਲੱਖ ਰੁਪਏ

## ਧਰਮ ਪ੍ਰਚਾਰ ਕਮੇਟੀ

ਹੁਣ ਮੈਂ ਆਪ ਜੀ ਦੀ ਸੇਵਾ ਵਿੱਚ ਧਰਮ ਪ੍ਰਚਾਰ ਕਮੇਟੀ ਦਾ ਬਜਟ ਪੇਸ਼ ਕਰ ਰਿਹਾ ਹਾਂ। ਧਰਮ ਪ੍ਰਚਾਰ ਕਮੇਟੀ ਦੀ ਬਣਤਰ ਸਿੱਖ ਗੁਰਦੁਆਰਾ ਐਕਟ ੧੯੨੫ ਦੀ ਧਾਰਾ ੧੦੮-ਬੀ ਅਨੁਸਾਰ ਹੈ ਇਸ ਦੇ ਬਜਟ ਸਬੰਧੀ ਵੀ ਮੈਂ ਆਪ ਜੀ ਨੂੰ ਦੱਸਣਾ ਚਾਹੁੰਦਾ ਹਾਂ ਕਿ ਇਸ ਵਿੱਚ ਗੁ: ਸਾਹਿਬਾਨ ਸੈਕਸ਼ਨ ੮੫ ਅਤੇ ਸੈਕਸ਼ਨ ੮੭ ਪਾਸੋਂ ਨਿਯਮਾਂ ਅਨੁਸਾਰ ੫% ਤੋਂ ਲੈ ਕੇ ੧੫% ਤੀਕ ਧਾਰਮਿਕ ਫੰਡ ਪ੍ਰਾਪਤ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਬੈਂਕ ਖਾਤਿਆਂ ਦੇ ਵਿਆਜ ਦੀ ਆਮਦਨ ਅਤੇ ਨਾ-ਮਾਤਰ ਪ੍ਰਚਾਰ ਸਹਾਇਤਾ ਅਤੇ ਲਿਟਰੇਚਰ ਦੀ ਵਿਕਰੀ ਤੋਂ ਪ੍ਰਾਪਤ ਹੋਣ ਵਾਲੀ ਆਮਦਨ ਹੈ। ਇਸ ਦੇ ਖ਼ਰਚੇ ਅੰਮ੍ਰਿਤ-ਸੰਚਾਰ, ਭੇਟਾ ਰਹਿਤ ਗੁਰਮਤਿ ਸਹਿਤ, ਗੁਰਮਤਿ ਪ੍ਰਕਾਸ਼, ਗੁਰਮਤਿ ਵਿਦਿਆਲੇ, ਸਿੱਖ ਮਿਸ਼ਨਰੀ ਕਾਲਜ, ਧਰਮ ਪ੍ਰਚਾਰ ਲਹਿਰ, ਧਾਰਮਿਕ ਦੀਵਾਨ, ਮੇਲੇ, ਗੁਰਮਤਿ ਕੈਂਪ, ਸ਼ਤਾਬਦੀਆਂ, ਸਿੱਖ ਮਿਸ਼ਨ, ਧਾਰਮਿਕ ਪ੍ਰੀਖਿਆ, ਸਹਾਇਤਾ ਗੁਰਦੁਆਰਾ ਸਾਹਿਬਾਨ ਤੇ ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਵਿਦਿਆ ਆਦਿ ਹੁੰਦੇ ਹਨ।

| | |
|---|---|
| ਸ਼ੁੱਧ ਆਮਦਨ : | - ਨੌ ਕਰੋੜ ਸੱਠ ਲੱਖ ਸੱਤਰ ਹਜ਼ਾਰ ਰੁਪਏ |
| ਗੁਰਦੁਆਰਾ ਸਾਹਿਬਾਨ ਪਾਸੋਂ ਪ੍ਰਾਪਤ ਧਾਰਮਿਕ ਫੰਡ : | - ਚੁਹੱਤਰ ਕਰੋੜ ਉਨਤਾਲੀ ਲੱਖ ਤੀਹ ਹਜ਼ਾਰ ਰੁਪਏ |
| ਕੁੱਲ ਬਜਟ : | - ਚੁਰਾਸੀ ਕਰੋੜ ਰੁਪਏ |

ਇਸ ਬਜਟ ਦੇ ਖਰਚਿਆਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ:-

- ਭੇਟਾ ਰਹਿਤ ਗੁਰਮਤਿ ਸਾਹਿਤ, ਗੁਰਮਤਿ ਪ੍ਰਕਾਸ਼,ਗੁਰਮਤਿ ਗਿਆਨ, ,ਸਿੱਖ ਮਿਸ਼ਨਰੀ ਕਾਲਜ,ਗੁਰਮਤਿ ਵਿਦਿਆਲੇ, ਦਫ਼ਤਰ ਦੀਆਂ ਤਨਖ਼ਾਹਾਂ ਅਤੇ ਸਫ਼ਰ ਖ਼ਰਚ ਬੀਮਾ ਆਦਿ ਲਈ ਤੇਈ ਕਰੋੜ ਬਾਨਵੇਂ ਲੱਖ ਪੰਦਰਾਂ ਹਜ਼ਾਰ ਰੁਪਏ ਕੇਵਲ
- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਗੁਰਪੁਰਬ ਲਈ ਬਾਰਾਂ ਕਰੋੜ ਤਰੇਹਠ ਲੱਖ ਰੁਪਏ ਕੇਵਲ
- ਗਾਵਹੁ ਸੱਚੀ ਬਾਣੀ ਅਤੇ ਸਿੱਖ ਇਤਿਹਾਸ ਸੰਬੰਧੀ ਸਵਾਲ-ਜਵਾਬ ਪ੍ਰਤੀਯੋਗਤਾ ਮੁਕਾਬਲੇ, ਧਾਰਮਿਕ ਪ੍ਰੀਖਿਆ, ਪੱਤਰ ਵਿਹਾਰ ਕੋਰਸ, ਇਸ਼ਤਿਹਾਰ-ਬਾਜੀ, ਸਹਾਇਤਾ ਸਮਾਜ ਸੇਵੀ ਸੰਸਥਾਵਾਂ, ਤਨਖ਼ਾਹਾਂ ਪ੍ਰਚਾਰਕ ਕਵੀਸ਼ਰ ਅਤੇ ਢਾਡੀ ਸਾਹਿਬਾਨ ਅਤੇ ਧਰਮ ਪ੍ਰਚਾਰ ਲਹਿਰ ਆਦਿ ਲਈ ਉੱਨੀ ਕਰੋੜ ਤੀਹ ਲੱਖ ਸੱਠ ਹਜ਼ਾਰ ਰੁਪਏ ਕੇਵਲ
- ਪੰਜਾਬ ਤੋਂ ਬਾਹਰ ਸਿੱਖ ਮਿਸ਼ਨ ਲਈ ਤਨਖ਼ਾਹਾਂ, ਧਾਰਮਿਕ ਦੀਵਾਨ, ਗੁਰਮਤਿ ਕੈਂਪ ਸਫਰ ਖ਼ਰਚ ਆਦਿ ਲਈ ਛੇ ਕਰੋੜ ਚੌਂਹਠ ਲੱਖ ਪੰਝੀ ਹਜ਼ਾਰ ਰੁਪਏ ਕੇਵਲ
- ਸਹਾਇਤਾ ਸਿਕਲੀਗਰ ਵਣਜਾਰੇ ਸਿੱਖਾਂ, ਗੁ: ਸਾਹਿਬਾਨ ਪੰਜਾਬ ਅਤੇ ਪੰਜਾਬ ਤੋਂ ਬਾਹਰਲੇ, ਸਕੂਲ/ਕਾਲਜਾਂ, ਯੂਨੀਵਰਸਿਟੀ, ਵਿਦਿਅਕ ਅਦਾਰੇ (ਫ਼ੀਸਾਂ) ਆਦਿ ਲਈ ਚੌਦਾਂ ਕਰੋੜ ਪੰਜਾਹ ਲੱਖ ਰੁਪਏ ਕੇਵਲ
- ਨਵੀਆਂ ਇਮਾਰਤਾਂ ਦਫ਼ਤਰ, ਸਿੱਖ ਮਿਸ਼ਨ, ਸਿੱਖ ਮਿਸ਼ਨਰੀ ਕਾਲਜ, ਗੁਰਮਤਿ ਵਿਦਿਆਲੇ ਲਈ ਸਮਾਨ, ਕਿਤਾਬਾਂ, ਗੁਰਮਤਿ ਸਹਿਤ,ਨਵੀਆਂ ਗੱਡੀਆਂ ਆਦਿ ਲਈ ਸੱਤ ਕਰੋੜ ਰੁਪਏ ਕੇਵਲ ਇਹਨਾਂ ਖ਼ਰਚਿਆਂ ਦਾ ਵਿਸਥਾਰ ਬਜਟ ਵਿੱਚ ਵਿਖਾਇਆ ਗਿਆ ਹੈ।

## ਗੁਰਦੁਆਰਾ ਸਾਹਿਬਾਨ ਦਫਾ-੮੫

ਹੁਣ ਮੈਂ ਆਪ ਜੀ ਦੀ ਸੇਵਾ ਵਿਚ ਗੁਰਦੁਆਰਾ ਸਾਹਿਬਾਨ ਸੈਕਸ਼ਨ-੮੫ ਦੇ ਬਜਟ ਪੇਸ਼ ਕਰ ਰਿਹਾ

ਹਾਂ। ਜਿਸ ਤਰ੍ਹਾਂ ਸ਼ੁਰੂ ਵਿੱਚ ਦੱਸਿਆ ਗਿਆ ਹੈ ਕਿ ਗੁਰਦੁਆਰਾ ਸਾਹਿਬਾਨ ਦੀ ਆਮਦਨ ਸੰਗਤਾਂ ਵੱਲੋਂ ਸ਼ਰਧਾ ਸਤਿਕਾਰ ਨਾਲ ਆਪਣੀ ਕਿਰਤ ਕਮਾਈ ਵਿਚੋਂ ਅਰਪਨ ਕੀਤੀ ਦਰਸ਼ਨੀ ਭੇਟਾ ਲੰਗਰ, ਕੜਾਹਿ ਪ੍ਰਸ਼ਾਦਿ ਆਦਿ ਲਈ ਭੇਟ ਕੀਤੀ ਮਾਇਆ ਹੀ ਹੁੰਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਨ੍ਹਾਂ ਗੁਰਦੁਆਰਾ ਸਾਹਿਬਾਨ ਤੋਂ ਕੇਵਲ ਨੀਯਤ ਫੰਡ ਹੀ ਆਉਂਦੇ ਹਨ। ਬਾਕੀ ਰਕਮ ਗੁਰਦੁਆਰਾ ਸਹਿਬਾਨ ਦੇ ਵੱਖ-ਵੱਖ ਕਾਰਜਾਂ ਜਿਵੇਂ ਲੰਗਰ, ਬਿਜਲੀ ਦੇ ਖ਼ਰਚ, ਗੁਰਮਤਿ ਸਮਾਗਮਾਂ ਮੇਲੇ-ਗੁਰਪੁਰਬਾਂ ਦੇ ਖ਼ਰਚ, ਇਮਾਰਤਾਂ ਦੇ ਨਵ-ਨਿਰਮਾਣ ਅਤੇ ਮੁਲਾਜ਼ਮਾਂ ਦੀ ਤਨਖ਼ਾਹ ਆਦਿ ਪੁਰ ਖ਼ਰਚ ਕੀਤੀ ਜਾਂਦੀ ਹੈ।

ਸਿੱਖ ਗੁਰਦੁਆਰਾ ਐਕਟ ਦੀ ਧਾਰਾ ੮੫ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ੭੮ ਗੁਰਦੁਆਰਾ ਸਾਹਿਬਾਨ ਹਨ। ਇਹਨਾਂ ਵਿੱਚੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਚੀਕਾ, ਕੈਥਲ (ਹਰਿਆਣਾ) ਦਾ ਕੇਸ ਮਾਨਯੋਗ ਸੁਪਰੀਮ ਕੋਰਟ 'ਚ ਹੋਣ ਕਾਰਣ ਇਸ ਗੁਰਦੁਆਰਾ ਸਾਹਿਬ ਤੋਂ ਇਲਾਵਾ ਬਾਕੀ ੭੭ ਗੁਰਦੁਆਰਾ ਸਾਹਿਬਾਨ ਦਾ ਕੁੱਲ ਬਜਟ ਸੱਤ ਅਰਬ ਇੱਕ ਕਰੋੜ ਬਵੰਜਾ ਲੱਖ ਰੁਪਏ ਦਾ ਹੈ। ਇਸ ਤੋਂ ਇਲਾਵਾ ੪੦ ਹੋਰ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਸਿੱਧੇ ਤੌਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੇਖ ਰਹੀ ਹੈ ਜਾਂ ਗੁਰਦੁਆਰਾ ਸਾਹਿਬਾਨ ਸੈਕਸ਼ਨ ੮੫ ਨਾਲ ਅਟੈਚ ਕੀਤਾ ਗਿਆ ਹੈ। ਇਹਨਾਂ ੪੦ ਗੁਰਦੁਆਰਾ ਸਹਿਬਾਨ ਦਾ ਕੁੱਲ ਬਜਟ ਤੇਰਾਂ ਕਰੋੜ ਛੱਤੀ ਲੱਖ ਰੁਪਏ ਦਾ ਹੈ।

## ਗੁਰਦੁਆਰਾ ਸਾਹਿਬਾਨ ਦੇ ਬਜਟਾਂ ਦਾ ਸੰਖੇਪ ਵੇਰਵਾ ਇਸ ਪ੍ਰਕਾਰ ਹੈ:-

| | |
|---|---|
| ੧. ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ | - ਦੋ ਅਰਬ ਅੱਸੀ ਕਰੋੜ ਰੁਪਏ |
| ੨. ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ | - ਪਚਵਿੰਜਾ ਕਰੋੜ ਪੰਜਾਹ ਲੱਖ ਰੁਪਏ |
| ੩. ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ | - ਇਕੱਤੀ ਕਰੋੜ ਵੀਹ ਲੱਖ ਰੁਪਏ |
| ੪. ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ | - ਚੌਵੀ ਕਰੋੜ ਰੁਪਏ |
| ੫. ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ, (ਤਰਨ ਤਾਰਨ) | - ਛੱਬੀ ਕਰੋੜ ਚਾਲੀ ਲੱਖ ਰੁਪਏ |
| ੬. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ | - ਚੌਵੀ ਕਰੋੜ ਪੰਝੀ ਲੱਖ ਰੁਪਏ |
| ੭. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ (ਹਰਿਆਣਾ) | - ਸੋਲਾਂ ਕਰੋੜ ਰੁਪਏ |
| ੮. ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ | - ਤੇਰਾਂ ਕਰੋੜ ਪੰਜਾਹ ਲੱਖ ਰੁਪਏ |
| ੯. ਸ੍ਰੀ ਦਰਬਾਰ ਸਾਹਿਬ ਤਰਨ ਤਾਰਨ | - ਪੰਦਰਾਂ ਕਰੋੜ ਚਾਲੀ ਲੱਖ ਰੁਪਏ |
| ੧੦. ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ | - ਸਤਾਰਾਂ ਕਰੋੜ ਸੱਤਰ ਲੱਖ ਰੁਪਏ |
| ੧੧. ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ | - ਦਸ ਕਰੋੜ ਪੰਜਾਹ ਲੱਖ ਰੁਪਏ |
| ੧੨. ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਲੁਧਿਆਣਾ | - ਅੱਠ ਕਰੋੜ ਪੈਂਹਠ ਲੱਖ ਰੁਪਏ |

| | |
|---|---|
| ੧੩. ਗੁਰਦੁਆਰਾ ਬਾਬਾ ਬੁੱਢਾ ਜੀ ਰਾਮਦਾਸ, ਅੰਮ੍ਰਿਤਸਰ | - ਅੱਠ ਕਰੋੜ ਨੱਬੇ ਲੱਖ ਰੁਪਏ |
| ੧੪. ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਪਾਤਸ਼ਾਹੀ ਅੱਠਵੀਂ, ਅੰਬਾਲਾ ਕੈਂਟ (ਹਰਿਆਣਾ) | - ਨੌ ਕਰੋੜ ਰੁਪਏ |
| ੧੫. ਗੁਰਦੁਆਰਾ ਸ੍ਰੀ ਅੰਬ ਸਾਹਿਬ ਪਾਤਸ਼ਾਹੀ ਸੱਤਵੀਂ ਲੰਬੇ, ਮੁਹਾਲੀ | - ਪੰਜ ਕਰੋੜ ਛਿਹੱਤਰ ਲੱਖ ਰੁਪਏ |
| ੧੬. ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ | - ਅੱਠ ਕਰੋੜ ਦਸ ਲੱਖ ਰੁਪਏ |
| ੧੭. ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਧਮਤਾਨ ਸਾਹਿਬ | - ਸੱਤ ਕਰੋੜ ਪੈਂਤੀ ਲੱਖ ਰੁਪਏ |
| ੧੮. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ ਸ੍ਰੀ ਦੇਗਸਰ ਸਾਹਿਬ, ਪਿੰਡ ਕਟਾਣਾ | - ਛੇ ਕਰੋੜ ਸੱਤਰ ਲੱਖ ਰੁਪਏ |
| ੧੯. ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ ਕੋਟਾਂ, ਲੁਧਿਆਣਾ | - ਛੇ ਕਰੋੜ ਅੱਸੀ ਲੱਖ ਰੁਪਏ |
| ੨੦. ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਪਾਤਸ਼ਾਹੀ ਛੇਵੀਂ ਸ੍ਰੀ ਅੰਮ੍ਰਿਤਸਰ | - ਛੇ ਕਰੋੜ ਬਤਾਲੀ ਲੱਖ ਰੁਪਏ |
| ੨੧. ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀਂਦ (ਹਰਿਆਣਾ) | - ਛੇ ਕਰੋੜ ਪੰਦਰਾਂ ਲੱਖ ਰੁਪਏ |
| ੨੨. ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਪਾਤਸ਼ਾਹੀ ਦਸਵੀਂ ਰਾਏਕੋਟ | - ਪੰਜ ਕਰੋੜ ਦਸ ਲੱਖ ਰੁਪਏ |
| ੨੩. ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਬਰਨਾਲਾ | - ਪੰਜ ਕਰੋੜ ਬੱਤੀ ਲੱਖ ਰੁਪਏ |
| ੨੪. ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਅਤੇ ਗੁਰਦੁਆਰਾ ਸ੍ਰੀ ਝਾੜ ਸਾਹਿਬ ਲੁਧਿਆਣਾ | - ਚਾਰ ਕਰੋੜ ਚਾਲੀ ਲੱਖ ਰੁਪਏ |
| ੨੫. ਗੁਰਦੁਆਰਾ ਸ੍ਰੀ ਬਾਰਠ ਸਾਹਿਬ ਜ਼ਿਲ੍ਹਾ ਪਠਾਨਕੋਟ | - ਚਾਰ ਕਰੋੜ ਪੈਂਹਠ ਲੱਖ ਰੁਪਏ |
| ੨੬. ਗੁਰਦੁਆਰਾ ਸ੍ਰੀ ਚਮਕੌਰ ਸਾਹਿਬ (ਰੋਪੜ) | - ਚਾਰ ਕਰੋੜ ਸੱਠ ਲੱਖ ਰੁਪਏ |
| ੨੭. ਗੁਰਦੁਆਰਾ ਸ੍ਰੀ ਭੱਠਾ ਸਾਹਿਬ ਪਾਤਸ਼ਾਹੀ ਦਸਵੀਂ ਰੋਪੜ | - ਚਾਰ ਕਰੋੜ ਦਸ ਲੱਖ ਰੁਪਏ |
| ੨੮. ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਬਜ਼ੀਦਪੁਰ ਫਿਰੋਜ਼ਪੁਰ | - ਚਾਰ ਕਰੋੜ ਪੰਜ ਲੱਖ ਰੁਪਏ |
| ੨੯. ਗੁਰਦੁਆਰਾ ਸਾਹਿਬ ਗੋਬਿੰਦ ਨਗਰ ਪਾਤਸ਼ਾਹੀ ਦਸਵੀਂ ਹਾਜੀਰਤਨ ਅਤੇ ਕਿਲ੍ਹਾ ਮੁਬਾਰਕ (ਬਠਿੰਡਾ) | - ਤਿੰਨ ਕਰੋੜ ਅਠੱਤਰ ਲੱਖ ਰੁਪਏ |
| ੩੦. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ (ਹਰਿਆਣਾ) | - ਤਿੰਨ ਕਰੋੜ ਇਕਹੱਤਰ ਲੱਖ ਰੁਪਏ |
| ੩੧. ਗੁਰਦੁਆਰਾ ਸ਼ਹੀਦਾਂ ਲੱਧੇਵਾਲ, ਮਾਹਿਲਪੁਰ, ਹੁਸ਼ਿਆਰਪੁਰ | - ਤਿੰਨ ਕਰੋੜ ਪੰਝੀ ਲੱਖ ਰੁਪਏ |
| ੩੨. ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ | |

| | |
|---|---|
| ਕੱਥੂਨੰਗਲ | - ਤਿੰਨ ਕਰੋੜ ਚੌਤੀ ਲੱਖ ਰੁਪਏ |
| ੩੩. ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ | - ਤਿੰਨ ਕਰੋੜ ਤੀਹ ਲੱਖ ਰੁਪਏ |
| ੩੪. ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਸ਼ਹਿਰ (ਹਰਿਆਣਾ) | - ਦੋ ਕਰੋੜ ਪੰਝਤਰ ਲੱਖ ਰੁਪਏ |
| ੩੫. ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ, ਹੁਸ਼ਿਆਰਪੁਰ | - ਦੋ ਕਰੋੜ ਪਚਾਸੀ ਲੱਖ ਰੁਪਏ |
| ੩੬. ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ | - ਦੋ ਕਰੋੜ ਸੱਠ ਲੱਖ ਰੁਪਏ |
| ੩੭. ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ | - ਦੋ ਕਰੋੜ ਅਠਾਰਾਂ ਲੱਖ ਰੁਪਏ |
| ੩੮. ਗੁਰਦੁਆਰਾ ਸਾਹਿਬ ਗੁਰੂ ਕਾ ਬਾਗ, ਘੁੱਕੇਵਾਲੀ | - ਦੋ ਕਰੋੜ ਬਾਰਾਂ ਲੱਖ ਰੁਪਏ |
| ੩੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ (ਪਟਿਆਲਾ) | - ਦੋ ਕਰੋੜ ਸਤਾਰਾਂ ਲੱਖ ਰੁਪਏ |
| ੪੦. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਦਸਵੀਂ ਭਦੌੜ ਗਹਿਲ | - ਦੋ ਕਰੋੜ ਛੇ ਲੱਖ ਰੁਪਏ |
| ੪੧. ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਕਰਤਾਰਪੁਰ (ਜਲੰਧਰ) | - ਦੋ ਕਰੋੜ ਵੀਹ ਲੱਖ ਰੁਪਏ |
| ੪੨. ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ | - ਦੋ ਕਰੋੜ ਤਿੰਨ ਲੱਖ ਰੁਪਏ |
| ੪੩. ਗੁਰਦੁਆਰਾ ਸਾਹਿਬ ਗੁਰੂਸਰ ਸਤਲਾਣੀ ਪਾਤਸ਼ਾਹੀ ਛੇਵੀਂ ਹੁਸ਼ਿਆਰ ਨਗਰ (ਅੰਮ੍ਰਿਤਸਰ) | - ਦੋ ਕਰੋੜ ਅੱਠ ਲੱਖ ਰੁਪਏ |
| ੪੪. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹੇਰਾਂ (ਲਧਿਆਣਾ) | - ਇੱਕ ਕਰੋੜ ਨੱਬੇ ਲੱਖ ਰੁਪਏ |
| ੪੫. ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ (ਗੁਰਦਾਸਪੁਰ) | - ਇੱਕ ਕਰੋੜ ਬਿਆਸੀ ਲੱਖ ਰੁਪਏ |
| ੪੬. ਗੁਰਦੁਆਰਾ ਸ੍ਰੀ ਅੱਚਲ ਸਾਹਿਬ ਸਲੋਚਾਹਲ (ਬਟਾਲਾ) | - ਇੱਕ ਕਰੋੜ ਇਕਹੱਤਰ ਲੱਖ ਰੁਪਏ |
| ੪੭. ਗੁਰਦੁਆਰਾ ਬਾਬਾ ਬੁੱਢਾ ਜੀ, ਤੇਜਾ ਕਲਾਂ (ਗੁਰਦਾਸਪੁਰ) | - ਇਕ ਕਰੋੜ ਤਰਵਿੰਜਾ ਲੱਖ ਰੁਪਏ |
| ੪੮. ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਨਾਭਾ (ਪਟਿਆਲਾ) | - ਇੱਕ ਕਰੋੜ ਇਕਾਹਠ ਲੱਖ ਰੁਪਏ |
| ੪੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਗੁਰੂਸਰ ਕਾਉਂਕੇ (ਲੁਧਿਆਣਾ) | - ਇੱਕ ਕਰੋੜ ਛੱਤੀ ਲੱਖ ਰੁਪਏ |
| ੫੦. ਗੁਰਦੁਆਰਾ ਸਾਹਿਬ ਚੁੱਲੇ ਬਾਬਾ ਆਲਾ ਸਿੰਘ ਜੀ ਲੌਂਗੋਵਾਲ | - ਇੱਕ ਕਰੋੜ ਪੰਝੱਤਰ ਲੱਖ ਰੁਪਏ |
| ੫੧. ਗੁਰਦੁਆਰਾ ਸੰਨ ਸਾਹਿਬ ਬਾਸਰਕੇ ਗਿੱਲਾਂ, ਅੰਮ੍ਰਿਤਸਰ | - ਇੱਕ ਕਰੋੜ ਚੌਂਤੀ ਲੱਖ ਰੁਪਏ |

ਪ੨. ਗੁਰਦੁਆਰਾ ਬਾਬਾ ਬੀਰ ਸਿੰਘ ਜੀ ਰੱਤੋਕੇ
(ਤਰਨ ਤਾਰਨ) - ਇੱਕ ਕਰੋੜ ਸੱਠ ਲੱਖ ਰੁਪਏ
ਪ੩. ਗੁਰਦੁਆਰਾ ਲੋਹਗੜ੍ਹ ਸਾਹਿਬ ਦੀਨਾ
ਪਾਤਸ਼ਾਹੀ ਦਸਵੀਂ (ਮੋਗਾ) - ਇੱਕ ਕਰੋੜ ਅਠਾਰਾਂ ਲੱਖ ਰੁਪਏ
ਪ੪. ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ
ਮੌ ਸਾਹਿਬ (ਫਿਲੌਰ) - ਇੱਕ ਕਰੋੜ ਚੁਤਾਲੀ ਲੱਖ ਰੁਪਏ
ਪਪ. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ
ਕਰਹਾਲੀ - ਇੱਕ ਕਰੋੜ ਤਰੇਹਠ ਲੱਖ ਰੁਪਏ
ਪ੬. ਗੁਰਦੁਆਰਾ ਸਾਹਿਬ ਗੁਰੂਸਰ ਪਾਤਸ਼ਾਹੀ ਛੇਵੀਂ
ਮਹਿਰਾਜ (ਬਠਿੰਡਾ) - ਇੱਕ ਕਰੋੜ ਪੰਝੀ ਲੱਖ ਰੁਪਏ
ਪ੭. ਗੁਰਦੁਆਰਾ ਪਾਤਸ਼ਾਹੀ ਪਹਿਲੀ ਤੇ ਨੌਵੀਂ
ਕਪਾਲ ਮੋਚਨ (ਯਮੁਨਾਨਗਰ) - ਇੱਕ ਕਰੋੜ ਉਨਤਾਲੀ ਲੱਖ ਰੁਪਏ
ਪ੮. ਗੁਰਦੁਆਰਾ ਨਾਨਕਸਰ ਸਾਹਿਬ
ਪਾਤਸ਼ਾਹੀ ਪਹਿਲੀ ਵੇਰਕਾ - ਇੱਕ ਕਰੋੜ ਤਰਤਾਲੀ ਲੱਖ ਰੁਪਏ
ਪ੯. ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ,
ਦਸਵੀਂ ਮੂਲੋਵਾਲ - ਇੱਕ ਕਰੋੜ ਪੰਜ ਲੱਖ ਰੁਪਏ
੬੦. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਗੁਰੂਸਰ
ਹੰਢਿਆਇਆ (ਸੰਗਰੂਰ) - ਇੱਕ ਕਰੋੜ ਦਸ ਲੱਖ ਰੁਪਏ
੬੧. ਗੁਰਦੁਆਰਾ ਪ੍ਰਕਾਸ਼ ਅਸਥਾਨ ਭਾਈ ਲਾਲੂ ਜੀ
ਡੱਲਾ, (ਕਪੂਰਥਲਾ) - ਇੱਕ ਕਰੋੜ ਦਸ ਲੱਖ ਰੁਪਏ
੬੨. ਗੁਰਦੁਆਰਾ ਗੰਗਸਰ ਸਾਹਿਬ
ਪਾਤਸ਼ਾਹੀ ਦਸਵੀਂ ਜੈਤੋ (ਫਰੀਦਕੋਟ) - ਇੱਕ ਕਰੋੜ ਨੌ ਲੱਖ ਰੁਪਏ
੬੩. ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ
(ਤਰਨ ਤਾਰਨ) - ਇੱਕ ਕਰੋੜ ਪੈਂਹਠ ਲੱਖ ਰੁਪਏ
੬੪. ਗੁਰਦੁਆਰਾ ਬਾਬਾ ਸੰਗ ਜੀ, ਢੇਸੀਆਂ ਸੰਗ
(ਫਿਲੌਰ) - ਇੱਕ ਕਰੋੜ ਦੋ ਲੱਖ ਰੁਪਏ
੬ਪ. ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ
ਪਿੰਡ ਵਾਂ - ਸਤਾਨਵੇਂ ਲੱਖ ਰੁਪਏ
੬੬. ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਓਠੀਆਂ,
ਬਟਾਲਾ - ਪਚਾਨਵੇਂ ਲੱਖ ਰੁਪਏ
੬੭. ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਜੀਂਦੋਵਾਲ,
ਬੰਗਾ - ਸਤਾਨਵੇਂ ਲੱਖ ਰੁਪਏ
੬੮. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭੀਖੀ
(ਮਾਨਸਾ) - ਤਿਰਆਸੀ ਲੱਖ ਰੁਪਏ
੬੯. ਗੁਰਦੁਆਰਾ ਸ੍ਰੀ ਗੋਬਿੰਦਗੜ੍ਹ ਸਾਹਿਬ ਪਾ:ਛੇਵੀਂ,

| | |
|---|---|
| ਦਸਵੀਂ ਰਾਣਵਾਂ | - ਉਨਾਸੀ ਲੱਖ ਰੁਪਏ |
| ੭੦. ਗੁਰਦੁਆਰਾ ਸ੍ਰੀ ਰੇਰੂ ਸਾਹਿਬ ਪਾਤਸ਼ਾਹੀ ਦਸਵੀਂ ਰਾਮਪੁਰ | - ਬਿਆਸੀ ਲੱਖ ਰੁਪਏ |
| ੭੧. ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ, ਨਡਾਲਾ | - ਉਨਾਨਵੇਂ ਲੱਖ ਰੁਪਏ |
| ੭੨. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਗੁਰੂਸਰ ਸੁਧਾਰ (ਲੁਧਿਆਣਾ) | - ਤਿਰਆਸੀ ਲੱਖ ਰੁਪਏ |
| ੭੩. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਭਵਾਨੀਗੜ੍ਹ (ਸੰਗਰੂਰ) | - ਨੱਬੇ ਲੱਖ ਰੁਪਏ |
| ੭੪. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ ਭਗਤਾ ਭਾਈ ਕਾ | - ਨੱਬੇ ਲੱਖ ਰੁਪਏ |
| ੭੫. ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆ (ਬਟਾਲਾ) | - ਇੱਕਆਸੀ ਲੱਖ ਰੁਪਏ |
| ੭੬. ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਪੰਚਾਇਤੀ ਬਿਲਗਾ (ਜਲੰਧਰ) | - ਬਵਿੰਜਾ ਲੱਖ ਰੁਪਏ |
| ੭੭. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਬਰਗਾੜੀ (ਫਰੀਦਕੋਟ) | - ਸੰਤਾਲੀ ਲੱਖ ਰੁਪਏ |
| ੭੮. ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਚੀਕਾ ਕੈਥਲ (ਹਰਿਆਣਾ) | - ਪ੍ਰਬੰਧ ਹਰਿਆਣਾ ਕਮੇਟੀ ਪਾਸ |
| ਜੋੜ ਗੁਰਦੁਆਰਾ ਸਾਹਿਬਾਨ ੮੫ | - ਸੱਤ ਅਰਬ ਇੱਕ ਕਰੋੜ ਬਵਿੰਜਾ ਲੱਖ ਰੁਪਏ |

## ਗੁਰਦੁਆਰਾ ਸਾਹਿਬਾਨ ਸਿੱਧਾ ਪ੍ਰਬੰਧ ਅਤੇ ਗੁਰਦੁਆਰਾ ਸਾਹਿਬਾਨ ਦਫਾ-੮੫ ਨਾਲ ਅਟੈਚ ਪ੍ਰਬੰਧ ਵਾਲੇ ਗੁਰਦੁਆਰਾ ਸਹਿਬਾਨ ਦੇ ਬਜਟਾਂ ਦਾ ਵੇਰਵਾ:-

| | |
|---|---|
| ੭੯. ਗੁਰਦੁਆਰਾ ਕੁੱਕੜ ਮਾਜਰਾ ਮੰਡੀ ਗੋਬਿੰਦਗੜ੍ਹ (ਸਿੱਧਾ ਪ੍ਰਬੰਧ) | - ਅਠਾਈ ਲੱਖ ਚਾਲੀ ਹਜ਼ਾਰ ਰੁਪਏ |
| ੮੦. ਗੁਰਦੁਆਰਾ ਹੀਰਾਗੜ੍ਹ ਮੰਡੀ ਗੋਬਿੰਦਗੜ੍ਹ ਫਤਹਿਗੜ੍ਹ ਸਾਹਿਬ (ਗੁ: ਕੁੱਕੜ ਮਾਜਰਾ ਨਾਲ ਅਟੈਚ) | - ਤੇਰਾਂ ਲੱਖ ਪੰਜਾਹ ਰੁਪਏ |
| ੮੧. ਗੁਰਦੁਆਰਾ ਪਾਤਸ਼ਾਹੀ ਛੇਵੀਂ ਮੰਡੀ ਗੋਬਿੰਦਗੜ੍ਹ ਫਤਹਿਗੜ੍ਹ ਸਾਹਿਬ (ਗੁ: ਕੁੱਕੜ ਮਾਜਰਾ ਨਾਲ ਅਟੈਚ) | - ਬਵਿੰਜਾ ਲੱਖ ਰੁਪਏ |
| ੮੨. ਗੁਰਦੁਆਰਾ ਮੰਡੀ ਰਾਮਪੁਰਾ ਫੂਲ, ਬਠਿੰਡਾ (ਸਿੱਧਾ ਪ੍ਰਬੰਧ) | - ਤੇਈ ਲੱਖ ਪੰਜਾਹ ਹਜ਼ਾਰ ਰੁਪਏ |
| ੮੩. ਗੁਰਦੁਆਰਾ ਗੁਰੂ ਨਾਨਕ ਦਰਬਾਰ ਉਸਮਾਨ ਸ਼ਹੀਦਾਂ ਦਸੂਹਾ (ਸਿੱਧਾ ਪ੍ਰਬੰਧ) | - ਬਵਿੰਜਾ ਲੱਖ ਚਾਲੀ ਹਜ਼ਾਰ ਰੁਪਏ |

੮੪. ਗੁਰਦੁਆਰਾ ਚੁੱਲ੍ਹਾ ਸਾਹਿਬ ਬਾਬਾ ਜੱਸਾ ਸਿੰਘ
ਕੋਟਕਪੂਰਾ - ਬੱਤੀ ਲੱਖ ਪੰਜਾਹ ਹਜ਼ਾਰ ਰੁਪਏ
(ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਨਾਲ ਅਟੈਚ)

੮੫. ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਪਿੰਡ
ਥੇਹੜੀ ਮੁਕਤਸਰ - ਅਠੱਤੀ ਲੱਖ ਰੁਪਏ
(ਸ੍ਰੀ ਦਰਬਾਰ ਸਾਹਿਬ ਮੁਕਤਸਰ ਨਾਲ ਅਟੈਚ)

੮੬. ਗੁਰਦੁਆਰਾ ਬਾਬਾ ਸੁਖਚੈਨ ਦਾਸ ਜੀ
ਬਾਜਵਾ ਕਲਾਂ, (ਜਲੰਧਰ) - ਸੱਤਰ ਲੱਖ ਰੁਪਏ
(ਗੁਰਦੁਆਰਾ ਬੇਰ ਸਾਹਿਬ, ਸੁਲਤਾਨਪੁਰ ਲੋਧੀ ਨਾਲ ਅਟੈਚ)

੮੭. ਗੁਰਦੁਆਰਾ ਬਾਬਾ ਨਾਥਾ ਸਿੰਘ ਜੀ ਕਪੂਰਗੜ੍ਹ,
ਅਮਲੋਹ - ਛੱਤੀ ਲੱਖ ਪੰਜਾਹ ਹਜ਼ਾਰ ਰੁਪਏ
(ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਨਾਲ ਅਟੈਚ)

੮੮. ਗੁਰਦੁਆਰਾ ਸਾਹਿਬ ਬਾਗ ਸ਼ਹੀਦਾਂ ਬੁੜੈਲ,
ਚੰਡੀਗੜ੍ਹ (ਸਿੱਧਾ ਪ੍ਰਬੰਧ) - ਅਠਾਸੀ ਲੱਖ ਰੁਪਏ

੮੯. ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ
(ਫਿਲੌਰ) (ਗੁਰਦੁਆਰਾ ਮੌ ਸਾਹਿਬ ਨਾਲ ਅਟੈਚ) - ਬਾਰਾਂ ਲੱਖ ਰੁਪਏ

੯੦. ਗੁਰਦੁਆਰਾ ਪਾਤਸ਼ਾਹੀ ਤੀਸਰੀ ਅਤੇ ਸੱਤਵੀਂ
ਨੂਰਮਹਿਲ - ਪੰਦਰਾਂ ਲੱਖ ਰੁਪਏ
(ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਬਿਲਗਾ ਨਾਲ ਅਟੈਚ)

੯੧. ਗੁਰਦੁਆਰਾ ਸੰਤਪੁਰੀ ਕਲਾਂ ਗੰਡੀਵਿੰਡ
(ਤਰਨ ਤਾਰਨ) - ਪਚਾਸੀ ਲੱਖ ਰੁਪਏ
(ਗੁਰਦੁਆਰਾ ਬੀੜ ਸਾਹਿਬ ਠੱਠਾ ਨਾਲ ਅਟੈਚ)

੯੨. ਗੁਰਦੁਆਰਾ ਸ੍ਰੀ ਗੁਰੂਗੜ੍ਹ ਸਾਹਿਬ, ਸਦਾਬਰਤ
ਰੋਪੜ (ਗੁਰਦੁਆਰਾ ਭੱਠਾ ਸਾਹਿਬ ਨਾਲ ਅਟੈਚ) - ਗਿਆਰਾਂ ਲੱਖ ਰੁਪਏ

੯੩. ਗੁਰਦੁਆਰਾ ਗੁਰੂਆਣਾ ਸਾਹਿਬ ਪਾਤਸ਼ਾਹੀ ਛੇਵੀਂ
ਪਿੰਡ ਵੈਰੋਨੰਗਲ (ਸਿੱਧਾ ਪ੍ਰਬੰਧ) - ਸਤਵਿੰਜਾ ਲੱਖ ਰੁਪਏ

੯੪. ਗੁਰਦੁਆਰਾ ਧਰਮਸ਼ਾਲਾ ਪੱਤੀ ਬਾਦਲ ਕੀ,
ਬੁੰਡਾਲਾ (ਜਲੰਧਰ) - ਤਿੰਨ ਲੱਖ ਰੁਪਏ
(ਪ੍ਰਬੰਧ ਗੁਰਦੁਆਰਾ ਸੰਗ ਢੇਸੀਆਂ ਨਾਲ ਅਟੈਚ)

੯੫. ਗੁਰਦੁਆਰਾ ਸ੍ਰੀ ਨਾਭਾ ਸਾਹਿਬ ਪਾਤਸ਼ਾਹੀ ਨੌਵੀਂ
ਅਤੇ ਦਸਵੀਂ, ਜ਼ੀਰਕਪੁਰ (ਸਿੱਧਾ ਪ੍ਰਬੰਧ) - ਸਤਾਨਵੇਂ ਲੱਖ ਰੁਪਏ

੯੬. ਗੁਰਦੁਆਰਾ ਗੁਰੂਸਰ ਮੰਜੀ ਸਾਹਿਬ
ਪਾਤਸ਼ਾਹੀ ਛੇਵੀਂ, ਗੁੱਜਰਵਾਲ (ਸਿੱਧਾ ਪ੍ਰਬੰਧ) - ਉਨਾਸੀ ਲੱਖ ਰੁਪਏ

੯੭. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ,
ਦਿੜ੍ਹਬਾ (ਸੰਗਰੂਰ) - ਸੋਲ੍ਹਾਂ ਲੱਖ ਰੁਪਏ

(ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਨਾਲ ਅਟੈਚ)

੯੮. ਗੁਰਦੁਆਰਾ ਡੇਰਾ ਸ੍ਰੀ ਗੁਰੂ ਗ੍ਰੰਥ ਸਾਹਿਬ,
ਖੜਿਆਲ (ਸੰਗਰੂਰ) - ਸੱਤ ਲੱਖ ਚਾਲੀ ਹਜ਼ਾਰ ਰੁਪਏ
(ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਨਾਲ ਅਟੈਚ)

੯੯. ਗੁਰਦੁਆਰਾ ਸਾਹਿਬ ਧਰਮਸ਼ਾਲਾ
ਪਾਤਸ਼ਾਹੀ ਛੇਵੀਂ ਅਤੇ ਦਸਵੀਂ, ਘੁਲਾਲ - ਗਿਆਰਾਂ ਲੱਖ ਰੁਪਏ
(ਗੁ:ਪਾਤਸ਼ਾਹੀ ਛੇਵੀਂ ਅਤੇ ਦਸਵੀਂ ਕਟਾਣਾ ਸਾਹਿਬ ਨਾਲ ਅਟੈਚ)

੧੦੦. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਅਤੇ
ਦਸਵੀਂ, ਹਸਨਪੁਰ (ਪਟਿਆਲਾ) - ਛੇ ਲੱਖ ਰੁਪਏ
(ਗੁਰਦੁਆਰਾ ਪਾਤਸ਼ਾਹੀ ਨੌਵੀਂ, ਦੂਖ ਨਿਵਾਰਨ ਸਾਹਿਬ, ਪਟਿਆਲਾ ਨਾਲ ਅਟੈਚ)

੧੦੧.ਗੁਰਦੁਆਰਾ ਗੁਰੂਸਰ ਸਾਹਿਬ ਪਾਤਸ਼ਾਹੀ ਛੇਵੀਂ,
ਨਥਾਣਾ (ਬਠਿੰਡਾ) - ਚੌਤੀ ਲੱਖ ਰੁਪਏ
(ਗੁਰਦੁਆਰਾ ਪਾਤਸ਼ਾਹੀ ਮੰਡੀ ਰਾਮਪੁਰਾ ਫੂਲ, ਬਠਿੰਡਾ ਨਾਲ ਅਟੈਚ)

੧੦੨. ਗੁਰਦੁਆਰਾ ਜੌੜੀਆਂ ਸਾਹਿਬ ਪਾਤਸ਼ਾਹੀ ਦਸਵੀਂ,
ਮਾਨੂੰਕੇ (ਲੁਧਿਆਣਾ) - ਗਿਆਰਾਂ ਲੱਖ ਤਰਾਨਵੇਂ ਹਜ਼ਾਰ ਰੁਪਏ
(ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਗੁਰੂਸਰ ਕਾਉਂਕੇ ਨਾਲ ਅਟੈਚ)

੧੦੩. ਗੁਰਦੁਆਰਾ ਸਾਹਿਬ ਅਕਾਲਸਰ ਸੇਮਾਂ,
(ਬਠਿੰਡਾ) - ਦਸ ਲੱਖ ਰੁਪਏ
(ਪ੍ਰਬੰਧ ਗੁ: ਪਾਤਸ਼ਾਹੀ ਦਸਵੀਂ ਹਾਜੀਰਤਨ ਨਾਲ ਜੋੜਿਆ)

੧੦੪. ਗੁਰਦੁਆਰਾ ਪਾਤਸ਼ਾਹੀ ਨੌਵੀਂ ਗਾਗਾ,
ਜ਼ਿਲ੍ਹਾ ਸੰਗਰੂਰ (ਸਿੱਧਾ ਪ੍ਰਬੰਧ) - ਉਨਾਸੀ ਲੱਖ ਤੀਹ ਹਜ਼ਾਰ ਰੁਪਏ

੧੦੫. ਗੁਰਦੁਆਰਾ ਸਾਹਿਬ ਸੂਲੀਸਰ ਪਾਤਸ਼ਾਹੀ ਨੌਵੀਂ
ਕੋਟ ਧਰਮੂੰ, (ਮਾਨਸਾ) - ਇਕਾਹਠ ਲੱਖ ਰੁਪਏ
(ਪ੍ਰਬੰਧ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨਾਲ ਅਟੈਚ)

੧੦੬.ਗੁਰਦੁਆਰਾ ਨਿੰਮਸਰ ਚੋਲਾ ਸਾਹਿਬ
ਪਾਤਸ਼ਾਹੀ ਛੇਵੀਂ ਘੁਡਾਣੀ ਕਲਾਂ - ਇੱਕਵੰਜਾ ਲੱਖ ਰੁਪਏ
(ਪ੍ਰਬੰਧ ਗੁ: ਪਾਤਸ਼ਾਹੀ ਛੇਵੀਂ ਅਤੇ ਦਸਵੀਂ ਕਟਾਣਾ ਸਾਹਿਬ ਨਾਲ ਅਟੈਚ)

੧੦੭. ਗੁਰਦੁਆਰਾ ਸ੍ਰੀ ਮੰਜੀ ਸਾਹਿਬ ਰਾਏਪੁਰ ਮੰਡਲਾ - ਪੰਜ ਲੱਖ ਪੰਝੀ ਹਜ਼ਾਰ ਰੁਪਏ
(ਪ੍ਰਬੰਧ ਗੁ: ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਪਟਿਆਲਾ ਨਾਲ ਅਟੈਚ)

੧੦੮. ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ
ਨੰਗਲ ਕਲਾਂ - ਵੀਹ ਲੱਖ ਰੁਪਏ
(ਪ੍ਰਬੰਧ ਗੁ: ਪਾਤਸ਼ਾਹੀ ਨੌਵੀਂ ਭੀਖੀ ਨਾਲ ਅਟੈਚ)

੧੦੯. ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਸਮਾਉ - ਅਠਾਰਾਂ ਲੱਖ ਰੁਪਏ
(ਪ੍ਰਬੰਧ ਗੁ: ਪਾਤਸ਼ਾਹੀ ਨੌਵੀਂ ਭੀਖੀ ਨਾਲ ਅਟੈਚ)

੧੧੦.ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਮੂਣਕ - ਚੌਦਾਂ ਲੱਖ ਚਾਲੀ ਹਜ਼ਾਰ ਰੁਪਏ

(ਪ੍ਰਬੰਧ ਗੁ:ਸਾਹਿਬ ਪਾਤਸ਼ਾਹੀ ਨੌਵੀ ਗਾਗਾ, ਸੰਗਰੂਰ ਨਾਲ ਅਟੈਚ)

੧੧੧.ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ
ਭਾਈ ਰੂਪਾ - ਚੌਹਠ ਲੱਖ ਰੁਪਏ
(ਪ੍ਰਬੰਧ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨਾਲ ਅਟੈਚ)

੧੧੨.ਗੁਰਦੁਆਰਾ ਸਾਹਿਬ ਭਗਵਾਨਪੁਰਾ, ਅਮਲੋਹ - ਗਿਆਰਾਂ ਲੱਖ ਰੁਪਏ
(ਪ੍ਰਬੰਧ ਗੁ: ਮੰਜੀ ਸਾਹਿਬ ਕੋਟਾਂ ਨਾਲ ਅਟੈਚ)

੧੧੩.ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਪਿੰਡ ਭੋਰਲਾ - ਅੱਠ ਲੱਖ ਰੁਪਏ
(ਪ੍ਰਬੰਧ ਗੁ: ਮੰਜੀ ਸਾਹਿਬ ਕੋਟਾਂ ਨਾਲ ਅਟੈਚ)

੧੧੪.ਗੁਰਦੁਆਰਾ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ
ਪਿੰਡ ਖੈਹਰਾ - ਗਿਆਰਾਂ ਲੱਖ ਚਾਲੀ ਹਜ਼ਾਰ ਰੁਪਏ
(ਪ੍ਰਬੰਧ ਗੁ: ਗੁਰੂਸਰ ਸਤਲਾਣੀ ਸਾਹਿਬ, ਹੁਸ਼ਿਆਰ ਨਗਰ ਨਾਲ ਅਟੈਚ)

੧੧੫.ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ
ਨਿਊ ਮਾਧੋਪੁਰੀ, ਲੁਧਿਆਣਾ - ਤਿੰਨ ਲੱਖ ਪੰਜਾਹ ਹਜ਼ਾਰ ਰੁਪਏ
(ਪ੍ਰਬੰਧ ਗੁ:ਪਾਤਸ਼ਾਹੀ ਛੇਵੀਂ ਅਤੇ ਦਸਵੀਂ ਕਟਾਣਾ ਸਾਹਿਬ ਨਾਲ ਅਟੈਚ)

੧੧੬.ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ
ਪਿੰਡ ਜੀਵਨ ਸਿੰਘ ਵਾਲਾ - ਦੋ ਲੱਖ ਬਹੱਤਰ ਹਜ਼ਾਰ ਰੁਪਏ
(ਪ੍ਰਬੰਧ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨਾਲ ਅਟੈਚ)

੧੧੭.ਗੁਰਦੁਆਰਾ ਗੁਰੂਸਰ ਸਾਹਿਬ ਮਾਦੋਕੇ ਬਰਾੜ,
(ਅੰਮ੍ਰਿਤਸਰ) - ਚੁਰਵਿੰਜਾ ਲੱਖ ਤੀਹ ਹਜ਼ਾਰ ਰੁਪਏ
(ਪ੍ਰਬੰਧ ਗੁ:ਛੇਹਰਟਾ ਸਾਹਿਬ ਪਾਤਸ਼ਾਹੀ ਛੇਵੀਂ ਨਾਲ ਅਟੈਚ)

੧੧੮.ਗੁਰਦੁਆਰਾ ਸ੍ਰੀ ਸੰਗਰਾਨਾ ਸਾਹਿਬ
ਪਾਤਸ਼ਾਹੀ ਛੇਵੀਂ, ਚੱਬਾ - ਬਤਾਲੀ ਲੱਖ ਰੁਪਏ
(ਪ੍ਰਬੰਧ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨਾਲ ਅਟੈਚ)

ਜੋੜ ਸਿੱਧਾ ਪ੍ਰਬੰਧ ਅਤੇ ਅਟੈਚ
ਗੁਰਦੁਆਰਾ ਸਾਹਿਬਾਨ - ਤੇਰਾਂ ਕਰੋੜ ਛੱਤੀ ਲੱਖ ਰੁਪਏ
ਗੁਰਦੁਆਰਾ ਸਾਹਿਬਾਨ-੮੫ ਅਤੇ ਅਟੈਚ
ਗੁਰਦੁਆਰਾ ਸਾਹਿਬਾਨ ਦਾ ਕੁੱਲ ਬਜਟ - ਸੱਤ ਅਰਬ ਚੌਦਾਂ ਕਰੋੜ ਅਠਾਸੀ ਲੱਖ ਰੁਪਏ ਦਾ ਹੈ।

## ਸੈਕਸ਼ਨ ੮੫ ਦੇ ਸਮੂਹ ਗੁਰਦੁਆਰਾ ਸਹਿਬਾਨ ਦੇ ਬਜਟ ਸਾਲ ੨੦੧੯-੨੦੨੦ ਵਿਚ ਸਮੁੱਚੇ ਖ਼ਰਚਿਆਂ ਦੀਆਂ ਖ਼ਾਸ-ਖ਼ਾਸ ਮੱਦਾਂ ਦਾ ਵੇਰਵਾ ਇਸ ਪ੍ਰਕਾਰ ਹੈ:

ਗੁਰਦੁਆਰਾ ਸਾਹਿਬਾਨ ਵਿਚ ਦਿਨ ਰਾਤ ਚੱਲ ਰਹੇ ਗੁਰੂ ਕੇ ਲੰਗਰ ਵਿਚੋਂ ਸਮੁੱਚੀ ਮਾਨਵਤਾ "ਪਹਿਲੇ ਪੰਗਤ ਪਾਛੈ ਸੰਗਤ" ਦੇ ਸਿਧਾਂਤ ਅਨੁਸਾਰ ਲੰਗਰ ਛੱਕਦੀ ਹੈ। ਸੈਕਸ਼ਨ-੮੫ ਦੇ ਸਮੁੱਚੇ ਗੁਰਦੁਆਰਾ ਸਹਿਬਾਨਾਂ

ਲਈ ਸਾਲ ੨੦੧੯-੨੦੨੦ ਦੇ ਬਜਟ ਵਿਚ ਲੰਗਰ ਦੀਆਂ ਰਸਦਾਂ ਖ਼ਰੀਦ ਕਰਨ ਵਾਸਤੇ ਇਕਾਨਵੇਂ ਕਰੋੜ ਤਿਰਆਸੀ ਲੱਖ ਤੀਹ ਹਜ਼ਾਰ ਰੁਪਏ ਖ਼ਰਚ ਕੀਤੇ ਜਾਣ ਦਾ ਅੰਦਾਜਾ ਹੈ। ਇਸ ਤੋਂ ਇਲਾਵਾ ਸੰਗਤਾਂ ਵੱਲੋਂ ਆਪਣੇ ਤੌਰ 'ਤੇ ਵੀ ਕਰੋੜਾਂ ਰੁਪਏ ਦਾ ਰਾਸ਼ਨ ਲੰਗਰ ਲਈ ਚੜ੍ਹਤ ਦੇ ਰੂਪ 'ਚ ਜਮ੍ਹਾਂ ਕਰਵਾਇਆ ਜਾਂਦਾ ਹੈ। ਲੰਗਰ ਵਿਚ ਕੰਮ ਕਰਨ ਵਾਲੇ ਸਟਾਫ ਦੀਆਂ ਤਨਖ਼ਾਹਾਂ ਦਾ ਖ਼ਰਚ ਇਸ ਤੋਂ ਵੱਖਰਾ ਹੈ।

ਗੁਰੂ ਘਰ ਆਉਣ ਵਾਲੀ ਸੰਗਤ ਦੀ ਇਹ ਭਾਵਨਾ ਹੁੰਦੀ ਹੈ ਕਿ ਉਹ ਆਪਣੀ ਕਿਰਤ ਵਿਚੋਂ ਕੜਾਹ ਪ੍ਰਸ਼ਾਦਿ ਦੀ ਦੇਗ ਗੁਰੂ ਘਰ ਅਰਪਨ ਕਰਨ। ਦਫਾ-੮੫ ਦੇ ਗੁਰਦੁਆਰਾ ਸਹਿਬਾਨ ਵਿਖੇ ਕੜਾਹ ਪ੍ਰਸ਼ਾਦਿ ਤਿਆਰ ਕਰਨ ਲਈ ਸਾਲ ੨੦੧੯-੨੦੨੦ ਦੇ ਬਜਟ ਵਿਚ ਚੁਤਾਲੀ ਕਰੋੜ ਛਿਅੱਤਰ ਲੱਖ ਨੱਬੇ ਹਜ਼ਾਰ ਰੁਪਏ ਰੱਖੇ ਗਏ ਹਨ।

ਸ਼ਰਧਾਲੂਆਂ ਵੱਲੋਂ ਗੁਰੂਦੁਆਰਾ ਸਾਹਿਬਾਨਾਂ ਵਿਚ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾਂਦੇ ਹਨ। ਅਖੰਡ ਪਾਠੀ ਸਿੰਘਾਂ ਨੂੰ ਸ੍ਰੀ ਅਖੰਡ ਪਾਠ ਸਾਹਿਬ ਕਰਨ ਵਾਸਤੇ ਭੇਟਾ ਦੇਣ ਅਤੇ ਹੋਰ ਖਰਚਿਆਂ ਲਈ ਇਸ ਸਾਲ ਦੇ ਬਜਟ ਵਿਚ ਤੇਤੀ ਕਰੋੜ ਇੱਕਤਾਲੀ ਲੱਖ ਅੱਠ ਹਜ਼ਾਰ ਰੁਪਏ ਰੱਖੇ ਗਏ ਹਨ।

ਸੈਕਸ਼ਨ-੮੫ ਦੇ ਗੁਰਦੁਆਰਾ ਸਹਿਬਾਨਾਂ ਵਿਖੇ ਗੁਰੂ ਸਹਿਬਾਨ ਦੇ ਪਾਵਨ ਗੁਰਪੁਰਬ, ਸ਼ਹੀਦ ਸਿੰਘਾਂ, ਸੰਤਾਂ, ਭਗਤਾਂ, ਦੇ ਪਾਵਨ ਦਿਹਾੜੇ ਅਤੇ ਸਲਾਨਾ ਜੋੜ ਮੇਲੇ ਮਨਾਉਣ ਵਾਸਤੇ ਹੋਣ ਵਾਲੇ ਖ਼ਰਚਿਆਂ ਲਈ ਸਾਲ ੨੦੧੯-੨੦੨੦ ਦੇ ਬਜਟ ਵਿਚ ਸੱਤ ਕਰੋੜ ਛਪਿੰਜਾ ਲੱਖ ਸੱਤਰ ਹਜ਼ਾਰ ਰੁਪਏ ਰੱਖੇ ਗਏ ਹਨ।

ਸਰਾਵਾਂ ਦੇ ਕਮਰਿਆਂ ਵਿਚ ਬੈੱਡ ਅਤੇ ਬਿਸਤਰੇ ਆਦਿ ਖਰੀਦ ਕਰਨ ਲਈ ਗੁਰਦੁਆਰਾ ਸਹਿਬਾਨ ਦਫਾ-੮੫ ਦੇ ਇਸ ਸਾਲ ਦੇ ਬਜਟ ਵਿਚ ਖ਼ਰਚ ਨਿਵਾਸਾਂ ਖਾਤੇ ਤਿੰਨ ਕਰੋੜ ਅਠਾਈ ਲੱਖ ਨੜਿਨਵੇਂ ਹਜ਼ਾਰ ਰੁਪਏ ਖ਼ਰਚ ਹੋਣ ਦਾ ਅੰਦਾਜਾ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਨਿਵਾਸਾਂ ਦੇ ਸਮਾਨ ਲਈ ਇਕ ਕਰੋੜ ਵੀਹ ਲੱਖ ਰੁਪਏ ਇਸ ਰਕਮ ਤੋਂ ਵੱਖਰੇ ਹਨ। ਇਸ ਤਰ੍ਹਾਂ ਨਿਵਾਸਾਂ ਦੇ ਖ਼ਰਚ ਲਈ ਕੁਲ ਚਾਰ ਕਰੋੜ ਅਠਤਾਲੀ ਲੱਖ ਨੜਿਨਵੇਂ ਹਜ਼ਾਰ ਰੁਪਏ ਰੱਖੇ ਗਏ ਹਨ। ਨਿਵਾਸਾਂ ਵਿਚ ਡਿਊਟੀ ਕਰਨ ਵਾਲੇ ਸਟਾਫ ਦੀ ਤਨਖ਼ਾਹ ਦਾ ਖ਼ਰਚ ਇਸ ਤੋਂ ਵੱਖਰਾ ਹੈ।

ਗੁਰੂ ਘਰਾਂ ਵਿਚ ਬਿਜਲੀ ਸਪਲਾਈ ਨਿਰਵਿਘਨ ਚਾਲੂ ਰੱਖਣ ਲਈ ਬਿਜਲੀ ਸਪਲਾਈ ਦੇ ਨਾਲ - ਨਾਲ ਜਨਰੇਟਰ ਵੀ ਲਗਾਏ ਗਏ ਹਨ। ਬਿਜਲੀ ਦੇ ਬਿੱਲਾਂ ਅਤੇ ਜਨਰੇਟਰ ਦੇ ਖ਼ਰਚਿਆਂ ਦੀ ਪੂਰਤੀ ਵਾਸਤੇ ਦਫਾ-੮੫ ਦੇ ਸਮੁੱਚੇ ਗੁਰਦੁਆਰਾ ਸਹਿਬਾਨਾਂ ਲਈ ਸਾਲ ੨੦੧੯-੨੦੨੦ ਦੇ ਬਜਟ ਵਿਚ ਉਨੱਤੀ ਕਰੋੜ ਉਨਾਨਵੇਂ ਲੱਖ ਤਰਤਾਲੀ ਹਜ਼ਾਰ ਰੁਪਏ ਖ਼ਰਚ ਆਉਣ ਦਾ ਅੰਦਾਜਾ ਹੈ।

ਦਫਾ-੮੫ ਦੇ ਕੁਝ ਗੁਰਦੁਆਰਾ ਸਹਿਬਾਨ ਦੀ ਆਮਦਨ ਦਾ ਮੁੱਖ ਸਾਧਨ ਖੁਦਕਾਸ਼ਤ ਖੇਤੀਬਾੜੀ ਹੈ। ਸ੍ਰੀ ਮਾਨ ਪ੍ਰਧਾਨ ਸਾਹਿਬ ਦੀਆਂ ਵਿਸੇਸ਼ ਹਦਾਇਤਾਂ ਅਨੁਸਾਰ ਗੁਰਦੁਆਰਾ ਸਹਿਬਾਨ ਦੀਆਂ ਜਮੀਨਾਂ ਵਿਚ ਆਧੁਨਿਕ ਖੇਤੀ ਦੇ ਨਾਲ- ਨਾਲ ਜੈਵਿਕ (ਕੁਦਰਤੀ) ਖੇਤੀ ਵੀ ਕੀਤੀ ਜਾ ਰਹੀ ਹੈ। ਕੁਦਰਤੀ ਖੇਤੀ ਰਾਹੀਂ ਸਬਜੀਆਂ ਪੈਦਾ ਕਰਕੇ ਗੁਰੂ ਕੇ ਲੰਗਰਾਂ ਵਿਚ ਪਕਾ ਕੇ ਵਰਤਾਈਆਂ ਜਾਂਦੀਆਂ ਹਨ। ਸਾਲ ੨੦੧੯-੨੦੨੦ ਦੇ ਬਜਟ ਵਿਚ ਸਮੁੱਚੇ ਤੌਰ 'ਤੇ ਖੁਦਕਾਸ਼ਤ ਖੇਤੀਬਾੜੀ ਕਰਨ ਲਈ ਅੱਠ ਕਰੋੜ ਬਾਨਵੇਂ ਲੱਖ ਛੱਬੀ ਹਜ਼ਾਰ ਰੁਪਏ ਰੱਖੇ ਗਏ ਹਨ।

ਦਫਾ ੮੫ ਦੇ ਕਈ ਗੁਰਦੁਆਰਾ ਸਹਿਬਾਨ ਵਿਖੇ ਨਵੀਆਂ ਇਮਾਰਤਾਂ ਦੇ ਨਿਰਮਾਣ ਕਾਰਜ ਚੱਲ ਰਹੇ ਹਨ। ਇਨਾਂ ਕਾਰਜਾਂ ਲਈ ਸਾਲ ੨੦੧੯-੨੦੨੦ ਦੇ ਬਜਟ ਦੀ ਪੂੰਜੀਗਤ ਖਾਤਿਆਂ ਵਾਲੀ ਮੱਦ ਵਿਚ ਉਨਤਾਲੀ ਕਰੋੜ ਦਸ ਲੱਖ ਛਿਆਲੀ ਹਜ਼ਾਰ ਰੁਪਏ ਰੱਖੇ ਗਏ ਹਨ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦਾ ਸਾਲ ੨੦੧੯-੨੦੨੦

ਦਾ ਬਜਟ ਦੋ ਅਰਬ ਅੱਸੀ ਕਰੋੜ ਰੁਪਏ ਦਾ ਹੈ।

ਵਾਤਾਵਰਣ ਦੀ ਸ਼ੁੱਧਤਾ ਲਈ ਪ੍ਰਧਾਨ ਸਾਹਿਬ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਵੱਲੋਂ ਵਿਸ਼ੇਸ਼ ਯਤਨ ਅਰੰਭੇ ਗਏ ਹਨ। ਇਹਨਾ ਯਤਨਾਂ ਸਦਕਾ ਹੀ ਸ੍ਰੀ ਹਰਿਮੰਦਰ ਸਾਹਿਬ ਦੇ ਚੌਗਿਰਦੇ ਅੰਦਰ ਲੰਬਕਾਰੀ ਬਾਗਬਾਨੀ (ਵਰਟੀਕਲ ਗਾਰਡਨ) ਲਗਾਇਆ ਗਿਆ ਹੈ। ਇਹ ਗਾਰਡਨ ਪ੍ਰਦੂਸ਼ਨ ਨੂੰ ਰੋਕਣ ਦੇ ਨਾਲ-ਨਾਲ ਖੂਬਸੂਰਤ ਦ੍ਰਿਸ਼ ਵੀ ਪੇਸ਼ ਕਰਦਾ ਹੈ ਅਤੇ ਆਉਣ ਵਾਲੇ ਸਰਧਾਲੂਆਂ ਲਈ ਖਾਸ ਖਿੱਚ ਦਾ ਕੇਂਦਰ ਵੀ ਬਣਿਆ ਹੋਇਆ ਹੈ। ਇੱਥੋਂ ਦੀਆਂ ਪਾਰਕਾਂ ਨੂੰ ਸੁੰਦਰ ਬਣਾਉਣ ਲਈ ਵਧੀਆ ਕਿਸਮ ਦੇ ਬੂਟੇ ਲਗਾਏ ਜਾਣੇ ਹਨ। ਇਸੇ ਤਰ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਚੌਗਿਰਦੇ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਹਰੇਕ ਤਰ੍ਹਾਂ ਦੀਆਂ ਗੱਡੀਆਂ ਦੇ ਸ੍ਰੀ ਦਰਬਾਰ ਸਾਹਿਬ ਦੇ ਚੋਗਿਰਦੇ ਅੰਦਰ ਦਾਖ਼ਲੇ 'ਤੇ ਪਾਬੰਦੀ ਲਗਾਈ ਗਈ ਹੈ।

ਸੰਗਤਾਂ ਨੂੰ ਰਿਹਾਇਸ਼ ਦੀ ਆ ਰਹੀ ਸਮੱਸਿਆ ਨੂੰ ਹਲ ਕਰਨ ਲਈ ਹੋਰ ਸਰਾਵਾਂ ਬਨਾਉਣ ਦੀ ਤਜਵੀਜ ਹੈ। ਇਨ੍ਹਾਂ ਕਾਰਜਾਂ ਲਈ ਇਸ ਸਾਲ ਦੇ ਬਜਟ ਵਿਚ ਅੱਠ ਕਰੋੜ ਰੁਪਏ ਖਾਸ ਤੌਰ 'ਤੇ ਰੱਖੇ ਗਏ ਹਨ।

ਗੁਰੂ ਨਾਨਕ ਦੇਵ ਜੀ ਦੀ ਚਰਨ-ਛੋਹ ਪ੍ਰਾਪਤ ਧਰਤੀ ਉਜੈਨ ਵਿਖੇ ਇਤਿਹਾਸਕ ਗੁਰਦੁਆਰਾ ਗੁਰੂ ਨਾਨਕ ਘਾਟ ਸਾਹਿਬ ਦੀ ਇਮਾਰਤ ਤਿਆਰ ਕਰਵਾਈ ਜਾ ਰਹੀ ਹੈ। ਇਮਾਰਤ ਦੇ ਬਾਕੀ ਰਹਿੰਦੇ ਕਾਰਜਾਂ ਲਈ ਇਸ ਸਾਲ ਦੇ ਬਜਟ ਵਿਚ ਅੱਸੀ ਲੱਖ ਰੁਪਏ ਰੱਖੇ ਗਏ ਹਨ।

ਲੰਗਰ ਹਾਲ ਇਮਾਰਤ ਦਾ ਨਵੀਨੀਕਰਨ ਅਤੇ ਵਿਸਥਾਰ ਸ੍ਰੀਮਾਨ ਪ੍ਰਧਾਨ ਸਾਹਿਬ ਦੇ ਵਿਸ਼ੇਸ ਉੱਦਮ ਸਦਕਾ ਕਰਵਾਇਆ ਜਾ ਰਿਹਾ ਹੈ। ਇਮਾਰਤ ਦਾ ਕੰਮ ਲਗਭਗ ਮੁਕੰਮਲ ਹੋ ਗਿਆ ਹੈ। ਲੰਗਰ ਹਾਲ ਦੀ ਇਮਾਰਤ ਦੀ ਬਾਹਰੀ ਬਾਹੀ ਨੂੰ ਸੁੰਦਰ ਅਤੇ ਪ੍ਰਭਾਵਸ਼ਾਲੀ ਦਿੱਖ ਦੇਣ ਲਈ ਦੋ ਕਰੋੜ ਤੀਹ ਲੱਖ ਰੁਪਏ ਇਸ ਸਾਲ ਦੇ ਬਜਟ ਵਿਚ ਰਾਖਵੇਂ ਰੱਖੇ ਗਏ ਹਨ। ਇਸ ਦੇ ਨਾਲ ਹੀ ਇਸੇ ਇਮਾਰਤ ਵਿਚ ਇਕ ਅਤਿ-ਆਧੁਨਿਕ ਸਹੂਲਤਾਂ ਵਾਲੀ ਰਸੋਈ (ਹਾਈਜੈਨਿਕ ਕਿਚਨ) ਵੀ ਤਿਆਰ ਕਰਵਾਈ ਜਾਣੀ ਹੈ। ਇਸ ਵਾਸਤੇ ਖਾਸ ਬਰਤਨਾਂ ਅਤੇ ਮਸ਼ੀਨਰੀ ਦੀ ਖਰੀਦ ਲਈ ਇਸ ਸਾਲ ਦੇ ਬਜਟ ਵਿਚ ਸਮਾਨ ਜਨਰਲ ਵਾਲੀ ਮਦ ਵਿਚ ਸੱਤ ਕਰੋੜ ਰੁਪਏ ਵਿਸ਼ੇਸ ਤੌਰ 'ਤੇ ਰੱਖੇ ਗਏ ਹਨ।

ਸਟਾਫ ਦੀ ਰਿਹਾਇਸ਼ ਸਬੰਧੀ ਆ ਰਹੀ ਮੁਸ਼ਕਲ ਨੂੰ ਹਲ ਕਰਨ ਲਈ ਹੋਰ ਨਵੇਂ ਸਟਾਫ ਕੁਆਰਟਰ ਬਨਾਉਣ ਦੀ ਤਜਵੀਜ਼ ਹੈ। ਇਸ ਕਾਰਜ ਲਈ ਸਾਲ ੨੦੧੯-੨੦੨੦ ਦੇ ਬਜਟ ਵਿਚ ਇੱਕ ਕਰੋੜ ਪੰਜਾਹ ਲੱਖ ਰੁਪਏ ਰੱਖੇ ਗਏ ਹਨ।

ਸ੍ਰੀ ਦਰਬਾਰ ਸਾਹਿਬ ਦੇ ਕੰਪਲੈਕਸ ਲਈ ਇੱਕ ਨਵਾਂ ੬੬ ਕੇ.ਵੀ. ਬਿਜਲੀ ਗਰਿਡ ਲਗਾਇਆ ਜਾ ਰਿਹਾ ਹੈ। ਇਸ ਦੇ ਬਣਨ ਨਾਲ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲੇਗੀ। ਇਸ ਨਾਲ ਬਿਜਲੀ ਅਤੇ ਜਨਰੇਟਰ ਦੇ ਖ਼ਰਚ ਵਿੱਚ ਕਟੌਤੀ ਹੋਵੇਗੀ ਅਤੇ ਪ੍ਰਦੂਸ਼ਨ ਵੀ ਘਟੇਗਾ। ਇਸ ਸਾਲ ਦੇ ਬਜਟ ਵਿਚ ਇਸ ਗਰਿਡ ਦੀ ਇਮਾਰਤ ਦੇ ਰਹਿੰਦੇ ਕੰਮਾਂ ਲਈ ਸੱਤਰ ਲੱਖ ਰੁਪਏ ਰੱਖੇ ਗਏ ਹਨ।

ਗੁਰੂ ਘਰਾਂ ਦੇ ਪਾਰਦਰਸ਼ੀ ਪ੍ਰਬੰਧ ਕਰਨ ਅਤੇ ਗਲਤ ਅਨਸਰਾਂ ਉੱਪਰ ਨਜਰ ਰੱਖਣ ਲਈ ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਹਨ। ਇਨ੍ਹਾਂ ਦੇ ਚੰਗੇ ਸਿੱਟੇ ਸਾਹਮਣੇ ਆਏ ਹਨ। ਅੱਗੋਂ ਹੋਰ ਯੋਗ ਥਾਵਾਂ ਪੁਰ ਸੀ. ਸੀ. ਟੀ. ਵੀ. ਕੈਮਰੇ ਲਗਾਉਣ ਲਈ ਇਸ ਸਾਲ ਦੇ ਬਜਟ ਵਿਚ ਵੀਹ ਲੱਖ ਰੁਪਏ ਰੱਖੇ ਗਏ ਹਨ।

# ਵਿਦਿਅਕ ਅਦਾਰੇ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਮੁੱਖ ਕਾਰਜ ਤਾਂ ਇਤਿਹਾਸਿਕ ਗੁਰਦੁਆਰਾ ਸਹਿਬਾਨ ਦਾ ਪ੍ਰਬੰਧ ਸਚਾਰੂ ਢੰਗ ਨਾਲ ਚਲਾਉਣਾ ਹੈ। ਪ੍ਰੰਤੂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਬਾਣੀ ਦੇ ਫੁਰਮਾਣ "ਵਿਦਿਆ ਵੀਚਾਰੀ ਤਾ ਪਰਉਪਕਾਰੀ" ਦੇ ਸਿਧਾਂਤ ਨੂੰ ਲਾਗੂ ਕਰਨ ਲਈ ਬਹੁਤ ਸਾਰੇ ਵਿਦਿਆਕ ਅਦਾਰੇ ਵੀ ਚਲਾ ਰਹੀ ਹੈ। ਜਿੰਨ੍ਹਾਂ ਵਿਚ ਦੋ ਯੂਨੀਵਰਸਿਟੀਆਂ, ਦੋ ਮੈਡੀਕਲ ਕਾਲਜ, ਦੋ ਇੰਜਨੀਅਰਿੰਗ ਕਾਲਜ ਅਤੇ ਇਹਨਾਂ ਤੋਂ ਇਲਾਵਾ ਆਰਟਸ, ਸਾਇੰਸ, ਕਾਮਰਸ, ਪੋਲੀਟੈਕਨਿਕ ਸਿੱਖਿਆ ਦੀਆਂ ੪੦ ਉਚੇਰੀ ਵਿਦਿਅਕ ਸੰਸਥਾਵਾਂ, ਡੈਂਟਲ, ਨਰਸਿੰਗ ਅਤੇ ਪ੍ਰਾਇਮਰੀ ਅਤੇ ਸੈਕੰਡਰੀ ਵਿਦਿਆਂ ਦੀਆਂ ੭੫ ਸੰਸਥਾਵਾਂ ਪੰਜਾਬ, ਹਰਿਆਣਾ, ਹਿਮਾਚਲ, ਮਹਾਂਰਾਸ਼ਟਰ ਅਤੇ ਉਤਰ ਪ੍ਰਦੇਸ਼ ਪ੍ਰਾਂਤਾਂ ਵਿਚ ਚੱਲ ਰਹੀਆਂ ਹਨ। ਇਹਨਾਂ ਵਿਦਿਅਕ ਸੰਸਥਾਵਾਂ ਦਾ ਮੰਤਵ ਦੁਨਿਆਵੀ ਵਿਦਿਆ ਦੇ ਨਾਲ ਧਾਰਮਿਕ ਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਵਿਦਿਆਰਥੀ ਜੀਵਨ ਦੇ ਅਨਿਖੜਵੇਂ ਅੰਗ ਵਜੋਂ ਦ੍ਰਿੜ੍ਹ ਕਰਾਉਣਾ ਵੀ ਹੈ। ਇਹਨਾਂ ਅਦਾਰਿਆਂ ਵਿੱਚ ਸਿੱਖ ਸਭਿਆਚਾਰ ਦੇ ਵਿਸ਼ੇਸ਼ ਸਮਾਗਮ ਖ਼ਾਲਸਾਈ ਸਭਿਆਚਾਰ ਉਤਸਵ ਅਤੇ ਖ਼ਾਲਸਾਈ ਖੇਡਾਂ ਦੇ ਨਾਲ-ਨਾਲ ਸ਼ਬਦ ਗਾਇਨ, ਢਾਡੀ, ਕਵੀਸ਼ਰੀ ਅਤੇ ਗਤਕਾ ਆਦਿ ਦੇ ਮੁਕਾਬਲੇ ਕਰਵਾਏ ਜਾਂਦੇ ਹਨ। ਸਿੱਖ ਖਿਡਾਰੀਆਂ ਨੂੰ ਸ਼ਰੀਰਕ ਪੱਖੋਂ ਚੁਸਤ-ਦੁਰੱਸਤ ਕਰਨ ਦੇ ਮੰਤਵ ਨਾਲ ਲੜਕੀਆਂ ਅਤੇ ਲੜਕਿਆਂ ਦੇ ਫੁੱਟਬਾਲ, ਹਾਕੀ, ਕਬੱਡੀ, ਬੈਡਮਿੰਟਨ ਅਤੇ ਹੋਰ ਖੇਡਾਂ ਦੇ ਵਿੰਗ ਵੱਖ-ਵੱਖ ਕਾਲਜਾਂ ਵਿੱਚ ਚਲਾਏ ਜਾ ਰਹੇ ਹਨ। ਇਹਨਾਂ ਸਮੂਹ ਅਦਾਰਿਆਂ ਵਿਚ ਬਿਨਾ ਕਿਸੇ ਭੇਦ-ਭਾਵ ਲਗਭਗ ਅੱਸੀ ਹਜ਼ਾਰ ਵਿਦਿਆਰਥੀ ਵਿਦਿਆ ਪ੍ਰਾਪਤ ਕਰ ਰਹੇ ਹਨ। ਇਸ ਤੋਂ ਇਲਾਵਾ 'ਮਾਂ-ਬੋਲੀ ਪੰਜਾਬੀ ਭਾਸ਼ਾ' ਦੀ ਤਰੱਕੀ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਮਾਨਯੋਗ ਪ੍ਰਧਾਨ ਸਾਹਿਬ ਦੀ ਅਗਵਾਈ ਵਿਚ ਮਾਤਾ ਗੁਜਰੀ ਕਾਲਜ, ਸ੍ਰੀ ਫਤਹਿਗੜ੍ਹ ਸਾਹਿਬ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਖਾਲਸਾ ਕਾਲਜ ਆਨੰਦਪੁਰ ਸਾਹਿਬ, ਗੁਰੂ ਨਾਨਕ ਖਾਲਸਾ ਕਾਲਜ ਮੁੰਬਈ ਅਤੇ ਗੁਰੂ ਨਾਨਕ ਕਾਲਜ ਬੁਢਲਾਡਾ ਨੂੰ DBT ਵੱਲੋਂ ਸਟਾਰ ਕਾਲਜ ਸਟੇਟਸ ਦਿੱਤਾ ਗਿਆ ਹੈ। ਇਹਨਾਂ ਤੋਂ ਇਲਾਵਾ ਜਨਰਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿੰਘ ਖਾਲਸਾ ਕਾਲਜ ਪਟਿਆਲਾ, ਮਾਤਾ ਗੁਜਰੀ ਕਾਲਜ, ਸ੍ਰੀ ਫਤਹਿਗੜ੍ਹ ਸਾਹਿਬ ਅਤੇ ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਲੁਧਿਆਣਾ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਖੁਦਮੁਖਤਿਆਰ (Autonomous) ਅਦਾਰੇ ਵਜੋਂ ਕਾਰਜਸ਼ੀਲ ਹਨ। ਵਿਦਿਅਕ ਅਦਾਰਿਆਂ ਦਾ ਕੁੱਲ ਬਜਟ ਦੋ ਅਰਬ ਅਠੱਤੀ ਕਰੋੜ ਰੁਪਏ ਬਣਦਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵਿਦਿਅਕ ਖੇਤਰ ਵਿਚ ਵਿਸ਼ਵ-ਵਿਆਪੀ ਦ੍ਰਿਸ਼ਟੀ ਅਪਣਾ ਕੇ ਸਮੁਚੇ ਪੰਥ ਦਾ ਨਾਮ ਰੌਸ਼ਨ ਕਰ ਰਹੀ ਹੈ ਅਤੇ "ਸਰਬਤ ਦੇ ਭਲੇ" ਦੀ ਧਾਰਨਾ ਤਹਿਤ ਵਿਸ਼ਵੀਕਰਣ ਦੇ ਨਾਂਹ-ਪੱਖੀ ਕਾਰਜਾਂ ਅਤੇ ਪ੍ਰਭਾਵਾਂ ਨੂੰ ਚੁਣੌਤੀ ਦੇਣ ਵਿਚ ਮੋਹਰੀ ਭੂਮਿਕਾ ਅਦਾ ਕਰਦੀ ਰਹੇਗੀ।

ਗੁਰਦੁਆਰਾ ਸਹਿਬਾਨ ਦੇ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਇਨ੍ਹਾਂ ਦੀ ਸੇਵਾ ਸੰਭਾਲ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸਤਿਕਾਰਯੋਗ ਮੈਂਬਰ ਸਹਿਬਾਨ ਦਾ ਬਹੁਤ ਵੱਡਾ ਯੋਗਦਾਨ ਹੈ। ਅਖ਼ੀਰ ਵਿੱਚ ਮੈਂ ਆਪ ਜੀ ਦਾ ਬਹੁਤ ਧੰਨਵਾਦ ਕਰਦਾ ਹਾਂ ਕਿ ਆਪ ਨੇ ਬਜਟ ਸਬੰਧੀ ਪੇਸ਼ ਕੀਤੇ ਮੇਰੇ ਵਿਚਾਰਾਂ ਨੂੰ ਬੜੇ ਪਿਆਰ, ਧੀਰਜ ਅਤੇ ਗੌਰ ਨਾਲ ਸੁਣਿਆ ਹੈ। ਸਮੂਹ ਮੈਂਬਰ ਸਾਹਿਬਾਨ ਦੀ ਸੇਵਾ ਵਿੱਚ ਸਾਲ ੨੦੧੯-੨੦੨੦ ਦਾ ਬਜਟ ਅਤੇ ਸਪਲੀਮੈਂਟਰੀ ਬਜਟ ੨੦੧੭-੨੦੧੮ ਅਤੇ ੨੦੧੮-੨੦੧੯ ਵਿਚਾਰ ਤੇ ਪ੍ਰਵਾਨਗੀ ਹਿੱਤ ਪੇਸ਼ ਹੈ।

*ਚੱਲਦਾ....*

# ਸ਼੍ਰੋਮਣੀ ਕਮੇਟੀ ਖ਼ਬਰਨਾਮਾ

## 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਸਿਕਲੀਗਰ ਸਿੱਖਾਂ ਦੀ ਸ਼ਮੂਲੀਅਤ ਯਕੀਨੀ ਬਣਾਵਾਂਗੇ-ਭਾਈ ਲੌਂਗੋਵਾਲ

### ਮੱਧ ਪ੍ਰਦੇਸ਼ ਵਿਖੇ ਸਿਕਲੀਗਰ ਸਿੱਖਾਂ ਨੂੰ ਪੁਲਿਸ ਵੱਲੋਂ ਪ੍ਰੇਸ਼ਾਨ ਕਰਨਾ ਮੰਦਭਾਗਾ

ਅੰਮ੍ਰਿਤਸਰ - ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਦੇ ਇਤਿਹਾਸਕ ਮੌਕੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਵਿਚ ਸ਼ਮੂਲੀਅਤ ਲਈ ਸਿਕਲੀਗਰ ਸਿੱਖਾਂ ਨਾਲ ਵਿਸ਼ੇਸ਼ ਤੌਰ 'ਤੇ ਰਾਬਤਾ ਬਣਾਇਆ ਜਾਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤਾ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਸਿਕਲੀਗਰ ਤੇ ਵਣਜਾਰੇ ਸਿੱਖ ਸਾਡੇ ਸਮਾਜ ਦਾ ਅਹਿਮ ਅੰਗ ਹਨ ਅਤੇ ਇਨ੍ਹਾਂ ਦੀ ਸ਼ਤਾਬਦੀ ਸਮਾਗਮਾਂ ਵਿਚ ਭਰਵੀਂ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਨਾਲ ਸਿਕਲੀਗਰ ਸਿੱਖ ਭਾਈਚਾਰਾ ਜਿਥੇ ਇਸ ਯਾਦਗਾਰੀ ਮੌਕੇ 'ਤੇ ਗੁਰੂ ਸਾਹਿਬ ਨੂੰ ਆਪਣੀ ਸ਼ਰਧਾ ਭੇਟ ਕਰ ਸਕੇਗਾ, ਉਥੇ ਹੀ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਫਲਸਫੇ ਸਬੰਧੀ ਜਾਣਕਾਰੀ ਵੀ ਪ੍ਰਾਪਤ ਕਰੇਗਾ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਦਾ ਹਮੇਸ਼ਾ ਯਤਨ ਰਿਹਾ ਹੈ ਕਿ ਸਿਕਲੀਗਰ ਸਿੱਖਾਂ ਦੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇ। ਇਸੇ ਤਹਿਤ ਹੀ ਮੱਧ ਪ੍ਰਦੇਸ਼, ਮਹਾਰਾਸ਼ਟਰ ਅਤੇ ਆਂਧਰਾ ਪ੍ਰਦੇਸ਼ ਆਦਿ ਥਾਵਾਂ 'ਤੇ ਵੱਸਦੇ ਸਿਕਲੀਗਰ ਸਿੱਖਾਂ ਦੇ ਬੱਚਿਆਂ ਨੂੰ ਪੜ੍ਹਾਉਣ ਲਈ ਉਨ੍ਹਾਂ ਦੀਆਂ ਹਰ ਸਾਲ ਫੀਸਾਂ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੀਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਸਮੇਂ-ਸਮੇਂ 'ਤੇ ਸਿਕਲੀਗਰ ਸਿੱਖਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਤਖ਼ਤ ਸ੍ਰੀ ਅਨੰਦਪੁਰ ਸਾਹਿਬ ਸਮੇਤ ਵੱਖ-ਵੱਖ ਇਤਿਹਾਸਕ ਗੁਰ-ਅਸਥਾਨਾਂ ਦੇ ਦਰਸ਼ਨਾਂ ਲਈ ਵੀ ਪ੍ਰਬੰਧ ਕੀਤੇ ਜਾਂਦੇ ਹਨ। ਸ਼੍ਰੋਮਣੀ ਕਮੇਟੀ ਦੇ ਇੱਕ ਫੈਸਲੇ ਅਨੁਸਾਰ ਸਿਕਲੀਗਰ ਸਿੱਖਾਂ ਦੇ ਬੱਚਿਆਂ ਨੂੰ ਤਕਨੀਕੀ ਵਿੱਦਿਆ ਦੇਣ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਇਹ ਸੱਚ ਹੈ ਕਿ ਬਹੁ-ਗਿਣਤੀ ਸਿਕਲੀਗਰ ਸਿੱਖ ਆਪਣੇ ਬੱਚਿਆਂ ਨੂੰ ਵਿੱਦਿਆ ਲਈ ਪੰਜਾਬ ਨਹੀਂ ਭੇਜਣਾ ਚਾਹੁੰਦੇ, ਕਿਉਂਕਿ ਉਹ ਉਨ੍ਹਾਂ ਨੂੰ ਪਿਤਾ ਪੁਰਖੀ ਕੰਮ-ਕਾਜ ਦਾ ਹਿੱਸਾ ਬਣਾਉਣ ਨੂੰ ਹੀ ਤਰਜ਼ੀਹ ਦਿੰਦੇ ਹਨ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਆਪਣੇ ਰੁਜ਼ਗਾਰ ਲਈ ਕੰਮ ਕਰਨ ਵਾਲੇ ਸਿਕਲੀਗਰ ਸਿੱਖਾਂ ਨੂੰ ਮੱਧ ਪ੍ਰਦੇਸ਼ ਪੁਲਿਸ ਵੱਲੋਂ ਪ੍ਰੇਸ਼ਾਨ ਕੀਤਾ ਜਾਂਦਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਵੱਲੋਂ ਮੱਧ ਪ੍ਰਦੇਸ਼ ਤੇ ਮਹਾਰਾਸ਼ਟਰ ਦੀਆਂ ਸਰਕਾਰਾਂ ਨਾਲ ਸਮੇਂ-ਸਮੇਂ ਲਿਖਾ-ਪੜ੍ਹੀ ਵੀ ਕੀਤੀ ਗਈ ਹੈ, ਪਰ ਅਜੇ ਵੀ ਕਈ ਥਾਵਾਂ 'ਤੇ ਸਿਕਲੀਗਰ ਸਿੱਖਾਂ ਨੂੰ ਪ੍ਰੇਸ਼ਾਨੀਆਂ ਵਿੱਚੋਂ ਲੰਘਣਾ ਪੈ ਰਿਹਾ ਹੈ। ਉਨ੍ਹਾਂ ਸਥਾਨਕ ਸਰਕਾਰਾਂ ਨੂੰ ਅਪੀਲ ਕੀਤੀ ਕਿ ਇਸ ਕਿਰਤੀ ਸਿੱਖ ਭਾਈਚਾਰੇ ਨੂੰ ਬਿਨਾ ਵਜ੍ਹਾ ਤੰਗ-ਪ੍ਰੇਸ਼ਾਨ ਨਾ ਕੀਤਾ ਜਾਵੇ ਅਤੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵਿਸ਼ੇਸ਼ ਸਰਕਾਰੀ ਸਹੂਲਤਾਂ ਵੀ ਦਿੱਤੀਆਂ ਜਾਣ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸਬੰਧ ਵਿਚ ਦੁਬਾਰਾ ਫਿਰ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰਾਂ ਨੂੰ ਲਿਖਿਆ ਜਾਵੇਗਾ।

੬ ਮਾਰਚ

# ਸ੍ਰੀ ਦਰਬਾਰ ਸਾਹਿਬ ਦੇ ਚੌਗਿਰਦੇ ਨੂੰ ਹਰਿਆਵਲ ਭਰਪੂਰ ਬਣਾਉਣ ਲਈ ਸ਼੍ਰੋਮਣੀ ਕਮੇਟੀ ਦਾ ਇਕ ਹੋਰ ਉਪਰਾਲਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਚੌਗਿਰਦੇ ਨੂੰ ਹਰਿਆ ਭਰਿਆ ਬਣਾਉਣ ਲਈ ਹੁਣ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਕੰਪਲੈਕਸ ਦੀਆਂ ਛੱਤਾਂ ਉੱਪਰ ਵੀ ਬੂਟੇ ਨਜ਼ਰ ਆਉਣਗੇ। ਇਸ ਦੀ ਸ਼ੁਰੂਆਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਬਲਾਕ ਦੀ ਛੱਤ ਉਪਰ ਤਿਆਰ ਕੀਤੀਆਂ ਵਿਸ਼ੇਸ਼ ਕਿਆਰੀਆਂ ਵਿਚ ਬੂਟੇ ਲਗਾ ਕੇ ਕੀਤੀ ਗਈ ਹੈ। ਇਸ ਬਾਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਨਾਲ ਸ਼ੁਰੂ ਕੀਤੀ ਗਈ ਵਾਤਾਵਰਨ ਸ਼ੁੱਧਤਾ ਮੁਹਿੰਮ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਯੋਜਨਾਵਾਂ ਤਿਆਰ ਕੀਤੀਆਂ ਗਈਆਂ ਹਨ। ਇਸ ਦੇ ਪਹਿਲੇ ਪੜਾਅ ਤਹਿਤ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਨੂੰ ਆਉਂਦੇ ਰਸਤਿਆਂ ਦੀਆਂ ਦੀਵਾਰਾਂ 'ਤੇ ਵਰਟੀਕਲ ਗਾਰਡਨ ਤਿਆਰ ਕੀਤਾ ਜਾ ਚੁੱਕਾ ਹੈ ਅਤੇ ਹੁਣ ਅਗਲੇ ਪੜਾਅ ਤਹਿਤ ਛੱਤਾਂ ਉਪਰ ਬੂਟੇ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ ਦੁਆਲੇ ਦੇ ਵਾਤਾਵਰਨ ਨੂੰ ਸ਼ੁੱਧ, ਹਰਿਆ ਭਰਿਆ ਅਤੇ ਸੁਗੰਧੀ ਭਰਪੂਰ ਬਣਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ। ਇਸੇ ਤਹਿਤ ਹੀ ਛੱਤਾਂ ਉਪਰ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪ੍ਰਦੂਸ਼ਣ ਦੀ ਰੋਕਥਾਮ ਲਈ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਇਮਾਰਤਾਂ ਦੀਆਂ ਛੱਤਾਂ 'ਤੇ ਵਿਸ਼ੇਸ਼ ਵਡ-ਅਕਾਰੀ ਕਿਆਰੀਆਂ ਤਿਆਰ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿਚ ਹਰਿਆਵਲ ਭਰਪੂਰ ਬੂਟੇ ਲਗਾਏ ਜਾਣਗੇ। ਫਿਲਹਾਲ ਪ੍ਰਬੰਧਕੀ ਬਲਾਕ ਤੋਂ ਇਸ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿਚ ਇਸ ਦਾ ਵਿਸਥਾਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾਂ ਦੇ ਬਰਾਂਡਿਆਂ ਉੱਪਰ ਵੀ ਗਮਲਿਆਂ ਵਿਚ ਬੂਟੇ ਲਗਾਏ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਵਾਨਗੀ ਨਾਲ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਵੀ ਵਰਟੀਕਲ ਗਾਰਡਨ ਸਥਾਪਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਯਤਨ ਹੈ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਸੰਗਤਾਂ ਇਥੋਂ ਵਾਤਾਵਰਨ ਦੀ ਸਾਂਭ-ਸੰਭਾਲ ਦਾ ਸੁਨੇਹਾ ਲੈ ਕੇ ਜਾਣ। ਉਨ੍ਹਾਂ ਸੰਗਤ ਨੂੰ ਵਾਤਾਵਰਨ ਬਿਹਤਰ ਬਣਾਉਣ ਲਈ ਆਪੋ-ਆਪਣੇ ਘਰਾਂ ਵਿਚ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਕੇਵਲ ਸਿੰਘ ਗਿੱਲ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਤਿੰਦਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਕਰਮਬੀਰ ਸਿੰਘ ਕਿਆਮਪੁਰ, ਮੈਨੇਜਰ ਸ. ਗੁਰਿੰਦਰ ਸਿੰਘ ਮਥਰੇਵਾਲ ਤੇ ਸ. ਮੁਖਤਾਰ ਸਿੰਘ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ। ੦੪ ਮਾਰਚ

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਅੱਚਲ ਸਾਹਿਬ ਵਿਖੇ ਗੁਰਮਤਿ ਸਮਾਗਮ

ਬਟਾਲਾ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਅੰਦਰ ਜ਼ਿਲ੍ਹਾ ਪੱਧਰ 'ਤੇ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ ਸ੍ਰੀ ਅੱਚਲ ਸਾਹਿਬ ਸੱਲ੍ਹੋ ਚਾਹਲ (ਬਟਾਲਾ) ਵਿਖੇ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਹ ਅਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਛਰਨ-ਛੋਹ ਪ੍ਰਾਪਤ ਹੈ ਅਤੇ ਇਥੇ ਗੁਰੂ

ਸਾਹਿਬ ਨੇ ਸਿੱਧਾਂ ਨਾਲ ਵਿਚਾਰ ਚਰਚਾ ਕੀਤੀ ਸੀ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਪੁਰਬ ਸਾਡੇ ਸਮਿਆਂ ਵਿਚ ਆ ਰਿਹਾ ਇਤਿਹਾਸਕ ਮੌਕਾ ਹੈ ਅਤੇ ਸਾਡਾ ਫ਼ਰਜ਼ ਹੈ ਕਿ ਅਸੀਂ ਇਸ ਨੂੰ ਸਮਰਪਿਤ ਹੋ ਕੇ ਗੁਰੂ ਸਾਹਿਬ ਦੀ ਵਿਚਾਰਧਾਰਾ ਦੇ ਧਾਰਨੀ ਬਣੀਏ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਗੁਰਮਤਿ ਸਮਾਗਮਾਂ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸੰਗਤ ਨੂੰ ੫੫੦ ਸਾਲਾ ਪ੍ਰਕਾਸ਼ ਪੁਰਬ ਸਬੰਧੀ ਸਜਾਏ ਜਾਣ ਵਾਲੇ ਸਮਾਗਮਾਂ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਸਮਾਗਮ ਦੌਰਾਨ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਪਹਿਲੇ ਪਾਤਸ਼ਾਹ ਜੀ ਦਾ ਜੀਵਨ ਇਤਿਹਾਸ ਸਰਵਣ ਕਰਵਾਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਜਸਬੀਰ ਕੌਰ ਜੱਫਰਵਾਲ, ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਸ. ਸੱਜਣ ਸਿੰਘ ਬੱਜੂਮਾਨ, ਸ. ਰਤਨ ਸਿੰਘ ਜੱਫਰਵਾਲ ਤੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਨੇ ਵੀ ਸੰਬੋਧਨ ਕੀਤਾ। ਗੁਰਦੁਆਰਾ ਅੱਚਲ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ੬ ਮਾਰਚ

## 550ਵੇਂ ਪ੍ਰਕਾਸ਼ ਪੁਰਬ ਸਬੰਧੀ ਉੱਤਰ ਪ੍ਰਦੇਸ਼ 'ਚ ਗੁਰਦੁਆਰਾ ਨਾਨਕਸਰ ਸਾਹਿਬ ਉਚੋਲੀਆ ਵਿਖੇ ਵਿਸ਼ਾਲ ਗੁਰਮਤਿ ਸਮਾਗਮ

ਅੰਮ੍ਰਿਤਸਰ - ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਵਿਸ਼ਵ ਪੱਧਰ 'ਤੇ ਮਨਾਉਣ ਅਤੇ ਗੁਰੂ ਸਾਹਿਬ ਦੀ ਨਿਰਮਲ ਵਿਚਾਰਧਾਰਾ ਨੂੰ ਪ੍ਰਚਾਰਨ ਲਈ ਸਿੱਖ ਜਥੇਬੰਦੀਆਂ, ਸੰਤ ਮਹਾਂਪੁਰਸ਼ਾਂ, ਸੰਪਰਦਾਵਾਂ, ਨਿਹੰਗ ਸਿੰਘ ਦਲਾਂ, ਗੁਰਮਤਿ ਟਕਸਾਲਾਂ ਤੇ ਸਿੰਘ ਸਭਾਵਾਂ ਦੀ ਭੂਮਿਕਾ ਅਹਿਮ ਹੈ ਅਤੇ ਸਭ ਦੇ ਸਹਿਯੋਗ ਨਾਲ ਹੀ ਗੁਰੂ ਸਾਹਿਬ ਦੇ ਇਤਿਹਾਸਕ ਪੁਰਬ ਨੂੰ ਸਾਂਝੇ ਤੌਰ 'ਤੇ ਮਨਾਇਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਲਖੀਮਪੁਰ ਖੀਰੀ ਵਿਚ ਪੈਂਦੇ ਗੁਰਦੁਆਰਾ ਨਾਨਕਸਰ ਸਾਹਿਬ ਉਚੋਲੀਆ ਵਿਖੇ ਸ਼੍ਰੋਮਣੀ ਕਮੇਟੀ ਤੇ ਬਾਬਾ ਗੁਰਨਾਮ ਸਿੰਘ ਕਾਰਸੇਵਾ ਮਹਿੰਗਾਪੁਰ ਵਾਲਿਆਂ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਦਾ ਫਲਸਫਾ ਸਮੁੱਚੀ ਮਨੁੱਖਤਾ ਲਈ ਸਾਂਝਾ ਹੈ ਅਤੇ ਉਨ੍ਹਾਂ ਦੀ ਵਿਚਾਰਧਾਰਾ ਸਮਾਜ ਨੂੰ ਉੱਚਾ ਚੁੱਕਣ ਲਈ ਮਾਰਗ-ਦਰਸ਼ਨ ਹੈ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਮਹਾਂਪੁਰਖਾਂ ਵੱਲੋਂ ਕਰਵਾਇਆ ਗਿਆ ਇਹ ਗੁਰਮਤਿ ਸਮਾਗਮ ਯੂ. ਪੀ. ਦੀਆਂ ਸੰਗਤਾਂ ਨੂੰ ਗੁਰਮਤਿ ਨਾਲ ਜੋੜਨ ਲਈ ਇਕ ਚੰਗਾ ਯਤਨ ਹੈ ਅਤੇ ਅਜਿਹੇ ਸਮਾਗਮ ਵੱਧ ਤੋਂ ਵੱਧ ਹੋਣੇ ਚਾਹੀਦੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪਹੁੰਚੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ੫੫੦ਵੇਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਵੱਖ-ਵੱਖ ਸੂਬਿਆਂ ਅੰਦਰ ਗੁਰਮਤਿ ਸਮਾਗਮ ਕਰਵਾ ਰਹੀ ਹੈ ਜੋ ਪ੍ਰਕਾਸ਼ ਪੁਰਬ ਸਮਾਗਮਾਂ ਤੱਕ ਲਗਾਤਾਰ ਜਾਰੀ ਰਹਿਣਗੇ। ਉਨ੍ਹਾਂ ਸਮਾਗਮ ਲਈ ਦਿੱਤੇ ਵਿਸ਼ੇਸ਼ ਸਹਿਯੋਗ ਲਈ ਬਾਬਾ ਗੁਰਨਾਮ ਸਿੰਘ ਕਾਰਸੇਵਾ ਵਾਲਿਆਂ ਦਾ ਸ਼੍ਰੋਮਣੀ ਕਮੇਟੀ ਵੱਲੋਂ ਧੰਨਵਾਦ ਕੀਤਾ।

*(ਬਾਕੀ ਪੰਨਾ ੬੨ 'ਤੇ)*




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਲਾਨਾ ਬਜਟ ਇਜਲਾਸ ਸਮੇਂ ਮਤੇ ਪੇਸ਼ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਜਟ ਸਪੀਚ ਦਿੰਦੇ ਹੋਏ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸੰਬੋਧਨ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਤੋਤਾ ਸਿੰਘ ਤੇ ਬੀਬੀ ਕਿਰਨਜੋਤ ਕੌਰ। (30 ਮਾਰਚ)



ਕਲਗੀਧਰ ਨਿਵਾਸ ਚੰਡੀਗੜ੍ਹ ਵਿਖੇ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸਮੇਂ ਪ੍ਰਧਾਨਗੀ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਇਕੱਤਰਤਾ ਵਿਚ ਸ਼ਾਮਲ ਅਹੁਦੇਦਾਰ ਤੇ ਅਧਿਕਾਰੀ। (8 ਮਾਰਚ)




ਖ਼ਾਲਸਾ ਕਾਲਜ ਪਟਿਆਲਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਈ ਗਈ 'ਖ਼ਾਲਸਾ ਕਾਲਜ ਗਲੋਬਲ ਪੰਜਾਬੀ ਕਾਨਫਰੰਸ' ਦੌਰਾਨ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ। (7 ਮਾਰਚ)



ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਕਲਗੀਧਰ ਨਿਵਾਸ ਚੰਡੀਗੜ੍ਹ ਵਿਖੇ ਹੋਈ ਇਕੱਤਰਤਾ ਦੌਰਾਨ ਸੇਵਾ ਮੁਕਤ ਹੋਏ ਮੈਨੇਜਰ ਸ. ਕੁਲਵੰਤ ਸਿੰਘ ਚੌਧਰੀ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ ਤੇ ਹੋਰ। (2 ਮਾਰਚ)



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਕਰਵਾਏ ਜਾਣ ਵਾਲੇ ਸਮਾਗਮਾਂ ਦੀ ਰੂਪ ਰੇਖਾ ਲਈ ਬਣਾਈਆਂ ਸਬ-ਕਮੇਟੀਆਂ ਦੀ ਸੁਲਤਾਨਪੁਰ ਲੋਧੀ ਵਿਖੇ ਹੋਈ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਬੀਬੀ ਜਗੀਰ ਕੌਰ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਮੰਤਰੀ ਡਾ. ਉਪਿੰਦਰਜੀਤ ਕੌਰ ਅਤੇ ਹੋਰ। (27 ਮਾਰਚ)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਾਈ ਬਚਿੱਤਰ ਸਿੰਘ ਯਾਤਰੀ ਨਿਵਾਸ ਸੰਗਤ ਅਰਪਣ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰਜੀਤ ਸਿੰਘ ਚਾਵਲਾ, ਪ੍ਰਿੰਸੀਪਲ ਸ. ਸੁਰਿੰਦਰ ਸਿੰਘ, ਸ. ਦਲਜੀਤ ਸਿੰਘ ਭਿੰਡਰ ਤੇ ਹੋਰ।



ਪਿੰਡ ਬਦਸੂਈ, ਜ਼ਿਲ੍ਹਾ ਕੈਥਲ (ਹਰਿਆਣਾ) 'ਚ ਦੰਗਾਕਾਰੀਆਂ ਵੱਲੋਂ ਗੁਰਦੁਆਰਾ ਸਾਹਿਬ 'ਤੇ ਕੀਤੇ ਹਮਲੇ ਵਿਚ ਹੋਏ ਜ਼ਖਮੀਆਂ ਦਾ ਸਰਕਾਰੀ ਰਾਜਿੰਦਰਾ ਹਸਪਤਾਲ (ਪਟਿਆਲਾ) ਵਿਖੇ ਹਾਲ-ਚਾਲ ਪੁੱਛਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹੋਰ। (25 ਮਾਰਚ)




ਸੰਮਤ ਨਾਨਕਸ਼ਾਹੀ 551 ਦੀ ਆਮਦ ਸਬੰਧੀ ਗੁ: ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਸਟੇਜ 'ਤੇ ਬਿਰਾਜਮਾਨ ਪ੍ਰਮੁੱਖ ਸ਼ਖ਼ਸੀਅਤਾਂ। (13 ਮਾਰਚ)



ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਨਮਾਨਿਤ ਕਰਨ ਸਮੇਂ ਬੀਬੀ ਜਗੀਰ ਕੌਰ, ਜਥੇ. ਗੁਰਬਚਨ ਸਿੰਘ ਕਰਮੂੰਵਾਲਾ, ਬਾਬਾ ਸੇਵਾ ਸਿੰਘ, ਸ. ਅਲਵਿੰਦਰਪਾਲ ਸਿੰਘ ਪੱਖੋਕੇ ਅਤੇ ਹੋਰ। (9 ਮਾਰਚ)



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗੋਪੀਨਾਥ ਨਗਰ ਗੁਹਾਟੀ (ਅਸਾਮ) ਵਿਖੇ ਗੁਰਮਤਿ ਸਮਾਗਮ ਦੌਰਾਨ ਅਸਾਮ ਦੇ ਗਵਰਨਰ ਪ੍ਰੋ. ਜਗਦੀਸ਼ ਮੁਖੀ ਨੂੰ ਸਨਮਾਨਿਤ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ, ਡਾ. ਰੂਪ ਸਿੰਘ, ਸ. ਸੁਖਵਰਸ਼ ਸਿੰਘ ਪੰਨੂ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਹੋਰ। (7 ਅਪ੍ਰੈਲ)



ਗੁਹਾਟੀ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਅਸਾਮ ਦੇ ਗਵਰਨਰ ਪ੍ਰੋ. ਜਗਦੀਸ਼ ਮੁਖੀ, ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਗੁਰਿੰਦਰਪਾਲ ਸਿੰਘ ਗੋਰਾ, ਡਾ. ਰੂਪ ਸਿੰਘ ਅਤੇ ਹੋਰ। (7 ਅਪ੍ਰੈਲ)



ਅਸਾਮ ਦੇ ਗੁ: ਮਾਤਾ ਜੀ ਛਾਪਰਮੁਖ ਵਿਖੇ ਸਥਾਨਕ ਸਿੱਖ ਸੰਗਤ ਨਾਲ ਡਾ. ਰੂਪ ਸਿੰਘ, ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਸ. ਸੁਖਵਰਸ਼ ਸਿੰਘ ਪੰਨੂ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਹੋਰ। (੪ ਅਪ੍ਰੈਲ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਪੁੱਜੇ ਰੂਸ ਦੇ ਥਲ ਸੈਨਾ ਮੁਖੀ ਜਨਰਲ ਓਲਿਗ ਲਿਓਨੀਡੋਵਿਚ ਸੈਲਿਯੁਕੋਵ ਨੂੰ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਹੋਰ। (13 ਮਾਰਚ)




ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਕਾਲਜ ਬਟਾਲਾ ਵਿਖੇ 'ਵਿਸ਼ਵ ਦੀਆਂ ਵਰਤਮਾਨ ਪ੍ਰਸਥਿਤੀਆਂ ਅਤੇ ਗੁਰੂ ਨਾਨਕ ਬਾਣੀ ਦੀ ਪ੍ਰਸੰਗਿਕਤਾ' ਵਿਸ਼ੇ 'ਤੇ ਕਰਵਾਏ ਗਏ ਰਾਸ਼ਟਰੀ ਸੈਮੀਨਾਰ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਨਾਮ ਸਿੰਘ ਜੱਸਲ ਤੇ ਹੋਰ।



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜਸਥਾਨ ਯੂਨੀਵਰਸਿਟੀ ਜੈਪੁਰ ਵਿਖੇ ਕਰਵਾਏ ਗਏ ਸੈਮੀਨਾਰ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਵਾਈਸ ਚਾਂਸਲਰ ਪ੍ਰੋ. ਆਰ. ਕੇ. ਕੋਠਾਰੀ। ਇਸ ਮੌਕੇ ਹਾਜ਼ਰ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਡਾ. ਜਸਪਾਲ ਸਿੰਘ ਅਤੇ ਹੋਰ। (18 ਮਾਰਚ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੇ ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ ਤੇ ਜਨਰਲ ਸਕੱਤਰ ਸ. ਹਰਮੀਤ ਸਿੰਘ ਕਾਲਕਾ ਨੂੰ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਗੁਰਿੰਦਰ ਸਿੰਘ ਮਥਰੇਵਾਲ ਤੇ ਹੋਰ। (19 ਮਾਰਚ)



ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਬਲਾਕ ਦੀ ਛੱਤ 'ਤੇ ਬੂਟੇ ਲਗਾਉਣ ਦੀ ਸ਼ੁਰੂਆਤ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਕੇਵਲ ਸਿੰਘ ਗਿੱਲ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ ਅਤੇ ਹੋਰ ਅਧਿਕਾਰੀ। (4 ਮਾਰਚ)




ਉੱਤਰ ਪ੍ਰਦੇਸ਼ ਵਿਚ ਪੈਂਦੇ ਗੁਰਦੁਆਰਾ ਨਾਨਕਸਰ ਸਾਹਿਬ ਉਚੋਲੀਆ ਵਿਖੇ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਗੁਰਨਾਮ ਸਿੰਘ ਕਾਰਸੇਵਾ ਵਾਲੇ ਅਤੇ ਹੋਰ। (6 ਮਾਰਚ)




ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਪ੍ਰਚਾਰ ਸੇਵਾ ਸੁਸਾਇਟੀ ਪਿੰਡ ਭਬਾਤ-ਜੀਰਕਪੁਰ, ਚੰਡੀਗੜ੍ਹ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਕਰਵਾਏ ਗਏ 7 ਰੋਜ਼ਾ ਸਾਲਾਨਾ ਗੁਰਮਤਿ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਤੇ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ।




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਡਿੱਖ (ਬਠਿੰਡਾ) ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸਟੇਜ 'ਤੇ ਹਾਜ਼ਰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ। (27 ਮਾਰਚ)




ਗੁਰਦੁਆਰਾ ਸੂਲੀਸਰ ਸਾਹਿਬ ਕੋਟ ਧਰਮੂੰ ਵਿਖੇ ਕਰਵਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਸਮੇਂ ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣਾ ਨੂੰ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਜਥੇਦਾਰ ਅਮਰੀਕ ਸਿੰਘ ਕੋਟ ਸ਼ਮੀਰ, ਸ. ਮਿੱਠੂ ਸਿੰਘ ਕਾਹਨੇਕੇ, ਸ. ਮਨਜੀਤ ਸਿੰਘ ਬੱਪੀਆਣਾ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਤੇ ਹੋਰ। (15 ਮਾਰਚ)




ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ (ਕਰਨਾਟਕ) ਵਿਖੇ ਹੋਏ ਗੁਰਮਤਿ ਸਮਾਗਮ ਦੌਰਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਸ. ਸਰਵਣ ਸਿੰਘ ਕੁਲਾਰ, ਸ. ਕੁਲਵੰਤ ਸਿੰਘ ਮੰਨਣ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਮਨਜੀਤ ਸਿੰਘ ਬੱਪੀਆਣਾ ਤੇ ਹੋਰ। (22 ਮਾਰਚ)




ਗੁਰਦੁਆਰਾ ਸ੍ਰੀ ਅੱਚਲ ਸਾਹਿਬ (ਬਟਾਲਾ) ਵਿਖੇ ਗੁਰਮਤਿ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਨਾਮ ਸਿੰਘ ਜੱਸਲ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤੇ ਜਾਣ ਦਾ ਦ੍ਰਿਸ਼। (6 ਮਾਰਚ)

# ਸ਼ਬਦ ਗੁਰੂ ਯਾਤਰਾ ਦੇ ਵੱਖ-ਵੱਖ ਪੜਾਵਾਂ ਤੋਂ ਰਵਾਨਗੀ ਤੇ ਸਵਾਗਤ ਸਮੇਂ ਦੀਆਂ ਤਸਵੀਰਾਂ

















# ਸ਼ਬਦ ਗੁਰੂ ਯਾਤਰਾ ਦੇ ਵੱਖ-ਵੱਖ ਪੜਾਵਾਂ ਤੋਂ ਰਵਾਨਗੀ ਤੇ ਸਵਾਗਤ ਸਮੇਂ ਦੀਆਂ ਤਸਵੀਰਾਂ













ਜਥੇਦਾਰ ਤੋਤਾ ਸਿੰਘ ਦੀ ਅਗਵਾਈ ਵਿਚ ਹਲਕਾ ਧਰਮਕੋਟ ਦੀ ਸੰਗਤ ਨੂੰ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਸੇਵਾ ਮਗਰੋਂ ਸਨਮਾਨਿਤ ਕਰਦੇ ਹੋਏ ਮੈਨੇਜਰ ਸ. ਮੁਖਤਾਰ ਸਿੰਘ ਅਤੇ ਹੋਰ। (14 ਮਾਰਚ)



ਗੁਰਦੁਆਰਾ ਇੰਸਪੈਕਟਰ ਸ. ਜੱਸਾ ਸਿੰਘ ਮੰਡ ਨੂੰ ਸੇਵਾ-ਮੁਕਤ ਹੋਣ 'ਤੇ ਸਨਮਾਨਤ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਮੈਨੇਜਰ ਸ. ਮੁਖਤਾਰ ਸਿੰਘ ਤੇ ਸ. ਮਨਜਿੰਦਰ ਸਿੰਘ ਮੰਡ ਅਤੇ ਹੋਰ। (28 ਫਰਵਰੀ)



ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਕੇਵਲ ਸਿੰਘ ਗਿੱਲ ਨੂੰ ਸੇਵਾ ਮੁਕਤ ਹੋਣ 'ਤੇ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਸ. ਦਵਿੰਦਰ ਸਿੰਘ ਖਟੜਾ, ਸ. ਸਤਵਿੰਦਰ ਸਿੰਘ ਟੌਹੜਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਾਬਕਾ ਮੈਂਬਰ ਸ. ਸੁਖਵਿੰਦਰ ਸਿੰਘ ਝਬਾਲ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ। (31 ਮਾਰਚ)




ਬੀਬੀ ਬਲਬੀਰ ਕੌਰ ਨੂੰ ਸੇਵਾ-ਮੁਕਤ ਹੋਣ 'ਤੇ ਸਨਮਾਨਤ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਹੋਰ। (28 ਫਰਵਰੀ)

(ਪੰਨਾ ੫੦ ਦਾ ਬਾਕੀ)

ਇਸ ਮੌਕੇ ਸਿੱਖ ਮਿਸ਼ਨ ਯੂ.ਪੀ. ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ, ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਐਮ.ਏ., ਭਾਈ ਮਨਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਅਤੇ ਕਵੀਸ਼ਰ ਭਾਈ ਸਤਨਾਮ ਸਿੰਘ ਤੇ ਭਾਈ ਜੋਗਾ ਸਿੰਘ ਦੇ ਜਥੇ ਨੇ ਵੀ ਹਾਜ਼ਰੀ ਭਰੀ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਨੈਲ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਵੀ ਕੀਤਾ ਗਿਆ। ਇਸ ਮੌਕੇ ਬਾਬਾ ਗੁਰਨਾਮ ਸਿੰਘ ਨੇ ਗਿਆਨੀ ਹਰਪ੍ਰੀਤ ਸਿੰਘ, ਗਿਆਨੀ ਰਘਬੀਰ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਰਾਗੀ ਤੇ ਪ੍ਰਚਾਰਕ ਸਿੰਘਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਕਮਲੇਸ਼ ਕੌਰ ਪ੍ਰਧਾਨ ਸਿੰਘ ਸਭਾ ਸ਼ਾਹਜਹਾਨਪੁਰ ਸਮੇਤ ਭਰਵੀਂ ਗਿਣਤੀ ਵਿਚ ਸੰਗਤ ਮੌਜੂਦ ਸੀ। ੬ ਮਾਰਚ

## ਉੱਤਰ ਪ੍ਰਦੇਸ਼ 'ਚ ਗੁਰਦੁਆਰਾ ਨਾਨਕਪੁਰੀ ਸੁਨਾਸਰਘਾਟ ਵਿਖੇ ਵਿਸ਼ਾਲ ਗੁਰਮਤਿ ਸਮਾਗਮ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਸੂਬਿਆਂ 'ਚ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਤਹਿਤ ਉੱਤਰ ਪ੍ਰਦੇਸ਼ ਵਿਖੇ ਵੀ ਸਮਾਗਮਾਂ ਦੀ ਲੜੀ ਆਰੰਭੀ ਗਈ ਹੈ। ਇਸ ਤਹਿਤ ਜ਼ਿਲ੍ਹਾ ਸ਼ਾਹਜਹਾਨਪੁਰ 'ਚ ਪੈਂਦੇ ਗੁਰਦੁਆਰਾ ਨਾਨਕਪੁਰੀ ਸੁਨਾਸਰਘਾਟ ਵਿਖੇ ਗੁਰਮਤਿ ਸਮਾਗਮ ਆਯੋਜਤ ਕੀਤਾ ਗਿਆ। ਇਹ ਸਮਾਗਮ ਬਾਬਾ ਨਿਰਮਲ ਸਿੰਘ ਭੂਰੀ ਸਾਹਿਬ ਦੇ ਸਹਿਯੋਗ ਨਾਲ ਹੋਇਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਗੁਰਮਤਿ ਵਿਚਾਰਧਾਰਾ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਸਮੇਂ ਗਿਆਨੀ ਰਘਬੀਰ ਸਿੰਘ ਨੇ ਵੀ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ 'ਤੇ ਚੱਲਣ ਲਈ ਕਿਹਾ ਅਤੇ ਬਾਬਾ ਨਿਰਮਲ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਕਰਵਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਦੀ ਸ਼ਲਾਘਾ ਕੀਤੀ। ਸਮਾਗਮ ਵਿਚ ਪਹੁੰਚੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਪ੍ਰਮੁੱਖ ਸ਼ਖ਼ਸ਼ੀਅਤਾਂ ਅਤੇ ਸਮਾਗਮ ਵਿਚ ਪੁੱਜੀ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਹੋਏ ਅੰਮ੍ਰਿਤ ਸੰਚਾਰ ਦੌਰਾਨ ੬੦ ਪ੍ਰਾਣੀਆਂ ਨੇ ਅੰਮ੍ਰਿਤ-ਪਾਨ ਕੀਤਾ, ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਕਕਾਰ ਦਿੱਤੇ ਗਏ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਵਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸ਼੍ਰੋਮਣੀ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਤੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਸਿੱਖ ਮਿਸ਼ਨ ਹਾਪੜ (ਯੂ.ਪੀ.) ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ, ਸਿੱਖ ਮਿਸ਼ਨ ਕਾਂਸੀਪੁਰ ਦੇ ਇੰਚਾਰਜ ਭਾਈ ਹਰਜਿੰਦਰ ਸਿੰਘ, ਬਾਬਾ ਨਿਰਮਲ ਸਿੰਘ ਭੂਰੀ ਸਾਹਿਬ ਆਦਿ ਮੌਜੂਦ ਸਨ। ੭ ਮਾਰਚ

## ਭਾਈ ਲੌਂਗੋਵਾਲ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ

ਚੰਡੀਗੜ੍ਹ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿਗ ਕਮੇਟੀ ਦੀ ਇਕੱਤਰਤਾ ਚੰਡੀਗੜ੍ਹ ਵਿਖੇ ਸੈਕਟਰ ੨੭ ਵਿਚ ਸਥਿਤ ਕਲਗੀਧਰ ਨਿਵਾਸ ਵਿਖੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਜਿਸ ਵਿਚ ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ ਬਲਾਉਣ ਸਮੇਤ ਅਹਿਮ ਫੈਸਲੇ

ਲਏ ਗਏ। ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਵਿਦਿਅਕ ਅਦਾਰਿਆਂ ਵਿਚ ਪੜ੍ਹਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਸੈਸ਼ਨ ੨੦੧੯-੨੦ ਲਈ ਵਜੀਫੇ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਹ ਵਜੀਫੇ ਉਨ੍ਹਾਂ ਵਿਦਿਆਰਥੀਆਂ ਨੂੰ ਦਿੱਤੇ ਜਾਣਗੇ ਜਿਨ੍ਹਾਂ ਦੇ ਮਾਤਾ ਪਿਤਾ ਵੀ ਅੰਮ੍ਰਿਤਧਾਰੀ ਹੋਣਗੇ। ਵਜੀਫਾ ਰਾਸ਼ੀ ਛੇਵੀਂ ਤੋਂ ਦੱਸਵੀਂ ਤੀਕ ੩੫੦੦ ਰੁਪਏ, ਗਿਆਰ੍ਹਵੀਂ ਤੋਂ ਬਾਰ੍ਹਵੀਂ ਤੀਕ ੫੦੦੦ ਰੁਪਏ, ਗ੍ਰੈਜੂਏਟ ਲਈ ੮੦੦੦ ਰੁਪਏ ਤੇ ਪੋਸਟ ਗ੍ਰੈਜੂਏਟ ਪੱਧਰ ਲਈ ੧੦੦੦੦ ਰੁਪਏ ਸਾਲਾਨਾ ਰੱਖੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਵੱਖ ਵੱਖ ਖੇਡਾਂ ਵਿਚ ਪ੍ਰਾਪਤੀ ਕਰਨ ਵਾਲੇ ਗੁਰਸਿੱਖ ਖਿਡਾਰੀਆਂ ਨੂੰ ਵਿਸ਼ੇਸ਼ ਸਨਮਾਨ ਵੀ ਦਿੱਤੇ ਜਾਣਗੇ। ਇਸ ਤਹਿਤ ਓਲੰਪਿਕ, ਏਸ਼ੀਅਨ, ਕਾਮਨਵੈਲਥ, ਸੈਫ ਤੇ ਨੈਸ਼ਨਲ ਖੇਡਾਂ ਵਿਚ ਤਗਮੇ ਹਾਸਲ ਕਰਨ ਵਾਲਿਆਂ ਨੂੰ ਵਿਸ਼ੇਸ਼ ਇਨਾਮੀ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਕੱਤਰਤਾ ਦੌਰਾਨ ਪ੍ਰਸਿੱਧ ਸਿੱਖ ਇਤਿਹਾਸਕਾਰ ਗਿਆਨੀ ਬਲਵੰਤ ਸਿੰਘ ਕੋਠਾਗੁਰੂ ਦੇ ਅਕਾਲ ਚਲਾਣੇ 'ਤੇ ਸ਼ੋਕ ਮਤਾ ਵੀ ਪਾਸ ਕੀਤਾ ਗਿਆ।

ਭਾਈ ਲੌਂਗੋਵਾਲ ਨੇ ਕਿਹਾ ਕਿ ਗਿਆਨੀ ਕੋਠਾਗੁਰੂ ਨੇ ਸਿੱਖ ਇਤਿਹਾਸ ਸਬੰਧੀ ਅਨੇਕਾਂ ਮੌਲਿਕ ਖੋਜ ਕਾਰਜ ਕੀਤੇ ਹਨ, ਜੋ ਕੌਮ ਦੇ ਨਵੇਂ ਖੋਜਾਰਥੀਆਂ ਲਈ ਸਦਾ ਅਗਵਾਈ ਕਰਦੇ ਰਹਿਣਗੇ। ਭਾਈ ਲੌਂਗੋਵਾਲ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਤਿੰਨ ਪ੍ਰੈੱਸਾਂ ਨੂੰ ਇਕ ਥਾਂ ਕਰਨ ਦੀ ਪ੍ਰਵਾਨਗੀ ਦਿੰਦਿਆਂ ਇਥੇ ਲੋੜ ਅਨੁਸਾਰ ਕਾਗਜ ਅਤੇ ਹੋਰ ਸਮੱਗਰੀ ਲਈ ਇਕ ਕੇਂਦਰੀ ਸਟੋਰ ਸਥਾਪਤ ਕਰਨ ਦਾ ਵੀ ਫੈਸਲਾ ਕੀਤਾ ਹੈ। ਇਸ ਦੇ ਨਾਲ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾਲੂਆਂ ਵੱਲੋਂ ਭੇਟ ਕੀਤੇ ਜਾਂਦੇ ਰਾਸ਼ਨ ਲਈ ਦੋ ਸਟੋਰ ਕਾਇਮ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਰਸਤਿਆਂ ਦੀ ਸਮੱਸਿਆ ਹੋਣ ਕਾਰਨ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਰਾਮਦਾਸ ਲੰਗਰ ਤੱਕ ਰਸਦਾਂ ਪਹੁੰਚਾਉਣ ਲਈ ਦਿਕਤ ਆ ਰਹੀ ਹੈ, ਜਿਸ ਦੇ ਮੱਦੇਨਜ਼ਰ ਸ੍ਰੀ ਅੰਮ੍ਰਿਤਸਰ ਵਿਖੇ ਸੁਲਤਾਨਵਿੰਡ ਅਤੇ ਮਾਤਾ ਭਾਗ ਕੌਰ ਨਿਵਾਸ ਰਾਮ ਤਲਾਈ ਵਿਖੇ ਇਹ ਸਟੋਰ ਬਣਾਏ ਜਾਣਗੇ। ਇਕੱਤਰਤਾ ਵਿਚ ਜੰਮੂ ਕਸ਼ਮੀਰ ਅੰਦਰ ਪੈਂਦੇ ਤਿੰਨ ਗੁਰਦੁਆਰਿਆਂ ਗੁਰਦੁਆਰਾ ਸਿੰਘ ਸਭਾ ਪੰਗਧੋਰ ਸਾਂਬਾ, ਸ੍ਰੀ ਗੁਰੂ ਸਿੰਘ ਸਭਾ ਖਾਲਸਾ ਕਲੋਨੀ ਕਰਥੋਲੀ ਬੜੀ ਬ੍ਰਾਹਮਣਾਂ ਜੰਮੂ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਗੋਵਾਲੀ ਆਰ.ਐਸ. ਪੁਰਾ ਜੰਮੂ ਦੀਆਂ ਇਮਾਰਤਾਂ ਲਈ ਇਕ-ਇਕ ਲੱਖ ਰੁਪਏ ਦੀ ਸਹਾਇਤਾ ਨੂੰ ਪ੍ਰਵਾਨਗੀ ਦਿੱਤੀ ਗਈ। ਵੱਖ-ਵੱਖ ਗੁਰਦੁਆਰਾ ਸਾਹਿਬਾਨ, ਅਮਲਾ ਅਤੇ ਟਰੱਸਟ ਵਿਭਾਗ ਦੇ ਮਾਮਲੇ ਵੀ ਵਿਚਾਰੇ ਗਏ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਭਾਈ ਮਨਜੀਤ ਸਿੰਘ, ਸ. ਅਮਰੀਕ ਸਿੰਘ ਕੋਟ ਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਤਾਰਾ ਸਿੰਘ ਸੱਲਾ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਜਗਜੀਤ ਸਿੰਘ ਤਲਵੰਡੀ, ਬੀਬੀ ਜਸਬੀਰ ਕੌਰ ਜੱਫਰਵਾਲ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਕੇਵਲ ਸਿੰਘ ਗਿੱਲ, ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ. ਏ. ਆਦਿ ਮੌਜੂਦ ਸਨ।

੮ ਮਾਰਚ

# ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਨਾਨਕਸ਼ਾਹੀ ਕੈਲੰਡਰ ਜਾਰੀ ਕੀਤਾ

## ਸੰਗਤਾਂ ਗੁਰਪੁਰਬ ਅਤੇ ਹੋਰ ਇਤਿਹਾਸਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਹੀ ਮਨਾਉਣ- ਗਿਆਨੀ ਹਰਪ੍ਰੀਤ ਸਿੰਘ

ਅੰਮ੍ਰਿਤਸਰ - ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਫ਼ਤਰ ਸਕੱਤਰੇਤ ਵਿਖੇ ਸੰਮਤ ਨਾਨਕਸ਼ਾਹੀ ੫੫੧ (੨੦੧੯-੨੦) ਦਾ ਕੈਲੰਡਰ ਜਾਰੀ ਕੀਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਗਿਆਨੀ ਰਾਜਿੰਦਰ ਸਿੰਘ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਨਾਨਕਸ਼ਾਹੀ ਕੈਲੰਡਰ ਜਾਰੀ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਇਸ ਨਾਨਕਸ਼ਾਹੀ ਕੈਲੰਡਰ ਅਨੁਸਾਰ ਹੀ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ ਮਨਾਉਣ ਲਈ ਕਿਹਾ। ਉਨ੍ਹਾਂ ਆਖਿਆ ਕਿ ਇਹ ਨਾਨਕਸ਼ਾਹੀ ਕੈਲੰਡਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤਾ ਗਿਆ ਹੈ ਅਤੇ ਸਮੁੱਚੇ ਸਿੱਖ ਜਗਤ ਦਾ ਫਰਜ ਹੈ ਕਿ ਇਸ ਇਤਿਹਾਸਕ ਮੌਕੇ ਨੂੰ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਉਣ ਲਈ ਸਾਂਝੇ ਯਤਨ ਕਰਦਿਆਂ ਗੁਰੂ ਸਾਹਿਬ ਦੇ ਫਲਸਫੇ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਨੂੰ ਵੱਧ ਤੋਂ ਵੱਧ ਪ੍ਰਚਾਰਨ ਲਈ ਯਤਨ ਕੀਤੇ ਜਾਣ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਕੀਤੇ ਗਏ ਅਗਲੇ ਵਰ੍ਹੇ ਦੇ ਨਾਨਕਸ਼ਾਹੀ ਕੈਲੰਡਰ ਲਈ ਸੰਗਤ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਨਾਨਕਸ਼ਾਹੀ ਕੈਲੰਡਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਨਾਨਕਸ਼ਾਹੀ ਕੈਲੰਡਰ ਦੇ ਅਧਾਰਿਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ੇਸ਼ ਡਾਇਰੀ ਵੀ ਤਿਆਰ ਕੀਤੀ ਜਾ ਰਹੀ ਹੈ। ਇਸ ਮੌਕੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਖਵਰਸ਼ ਸਿੰਘ ਪੰਨੂ, ਭਾਈ ਦਿਲਬਾਗ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪਰਮਜੀਤ ਸਿੰਘ ਸਰੋਆ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਕੰਗ, ਸ. ਗੁਰਬਚਨ ਸਿੰਘ ਲੇਹਲ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਰਾਜਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ ਆਦਿ ਹਾਜ਼ਰ ਸਨ। ੯ ਮਾਰਚ

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ

ਅੰਮ੍ਰਿਤਸਰ - ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਤੇ ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਦਿਹਾੜੇ ਦੇ ਸਬੰਧ ਵਿਚ ਸਥਾਨਕ ਸੰਤ ਚੰਨਣ ਸਿੰਘ ਕਲੋਨੀ ਦੇ ਗੁਰਦੁਆਰਾ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਤੇ ਭਾਈ ਸਿਮਰਨਜੀਤ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਰਵੇਲ ਸਿੰਘ ਨੇ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ

ਇਤਿਹਾਸ ਅਤੇ ਉਨ੍ਹਾਂ ਦੇ ਉਪਦੇਸ਼ਾਂ ਤੋਂ ਜਾਣੂ ਕਰਵਾਇਆ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਮਨੁੱਖ ਦੇ ਜੀਵਨ ਨੂੰ ਸਵਾਰਨ ਵਾਲੀ ਹੈ ਅਤੇ ਸਾਡਾ ਫਰਜ ਹੈ ਕਿ ਅਸੀਂ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਜੀਵਨ ਬਤੀਤ ਕਰੀਏ। ਇਸ ਮੌਕੇ ਮੁਹੱਲਾ ਨਿਵਾਸੀਆਂ ਵੱਲੋਂ ਗੁਰੂ ਕਾ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਸ. ਨਿਸ਼ਾਨ ਸਿੰਘ ਵਧੀਕ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਸ਼੍ਰੋਮਣੀ ਕਮੇਟੀ, ਸ. ਹਰਿੰਦਰਪਾਲ ਸਿੰਘ, ਸ. ਰੋਬਿਨ ਸਿੰਘ, ਸ. ਰਘਬੀਰ ਸਿੰਘ ਸ. ਤੇਜਿੰਦਰ ਸਿੰਘ ਅਤੇ ਸ. ਇੰਦਰਜੀਤ ਸਿੰਘ ਅਤੇ ਸੰਗਤ ਹਾਜ਼ਰ ਸੀ। ੯ ਮਾਰਚ

## ਸ਼੍ਰੋਮਣੀ ਕਮੇਟੀ ਨੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਪੱਧਰ 'ਤੇ ਸਮਾਗਮ ਉਲੀਕੇ-ਭਾਈ ਲੌਂਗੋਵਾਲ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਪੁਰਬ ਕੌਮ ਦੀਆਂ ਸਮੂਹ ਜਥੇਬੰਦੀਆਂ, ਸਭਾ-ਸੁਸਾਇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਕੌਮਾਂਤਰੀ ਪੱਧਰ 'ਤੇ ਮਨਾਇਆ ਜਾਵੇਗਾ। ਇਹ ਇਕ ਇਤਿਹਾਸਕ ਮੌਕਾ ਹੈ ਜਿਸ ਨੂੰ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਵਰਤਣ ਵਿਚ ਕਿਸੇ ਕਿਸਮ ਦੀ ਕਸਰ ਨਹੀਂ ਛੱਡੀ ਜਾਵੇਗੀ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਹਿਲੇ ਪਾਤਸ਼ਾਹ ਸਮੁੱਚੇ ਵਿਸ਼ਵ ਦੇ ਸਰਬਸਾਂਝੇ ਗੁਰੂ ਹਨ ਅਤੇ ਉਨ੍ਹਾਂ ਦੇ ਫਸਲਫੇ ਨੂੰ ਪ੍ਰਚਾਰਨ ਲਈ ਵੱਖ-ਵੱਖ ਸਮਾਗਮ ਉਲੀਕੇ ਗਏ ਹਨ। ਇਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਸਾਹਿਬ ਦੇ ਚਰਨ-ਛੋਹ ਪ੍ਰਾਪਤ ਅਸਥਾਨਾਂ ਵਿਖੇ ਗੁਰਮਤਿ ਸਮਾਗਮਾਂ ਦੀ ਇਕ ਲੜੀ ਆਰੰਭੀ ਗਈ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੇ ਦਿਹਾੜੇ ਨੂੰ ਸਮਰਪਿਤ ਹੋ ਆਪਣੇ ਬੱਚਿਆਂ ਨੂੰ ਗੁਰਮਤਿ ਦੇ ਧਾਰਨੀ ਬਣਾਉਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਆਪਣੇ ਸੰਬੋਧਨ ਵਿਚ ਜਿਥੇ ਪਹਿਲੇ ਪਾਤਸ਼ਾਹ ਜੀ ਦੇ ਇਤਿਹਾਸ ਤੋਂ ਸੇਧ ਲੈਣ ਦੀ ਸੰਗਤ ਨੂੰ ਪ੍ਰੇਰਣਾ ਕੀਤੀ, ਉਥੇ ਹੀ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਸਾਬਕਾ ਪ੍ਰਧਾਨ ਜਥੇਦਾਰ ਅਲਵਿੰਦਰਪਾਲ ਸਿੰਘ ਪੱਖੋਕੇ ਅਤੇ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਭਾਈ ਹਰਨਾਮ ਸਿੰਘ ਸ੍ਰੀਨਗਰ ਵਾਲੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੰਦੀਪ ਸਿੰਘ, ਭਾਈ ਗੁਰਦੇਵ ਸਿੰਘ ਕੁਹਾੜਕਾ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਗਿਆਨੀ ਜਸਵੰਤ ਸਿੰਘ ਪਰਵਾਨਾ ਨੇ ਕਥਾ ਵਿਚਾਰਾਂ ਕੀਤੀਆਂ। ਇਸ ਤੋਂ ਇਲਾਵਾ ਢਾਡੀ ਭਾਈ ਸਵਿੰਦਰ ਸਿੰਘ ਭੰਗੂ ਤੇ ਕਵੀਸ਼ਰ ਭਾਈ ਗੁਰਿੰਦਰਪਾਲ ਸਿੰਘ ਬੈਂਕਾ ਨੇ ਸੰਗਤ ਨੂੰ ਗੁਰ-ਇਤਿਹਾਸ ਸਰਵਣ ਕਰਵਾਇਆ। ਸਮਾਗਮ ਦੌਰਾਨ ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਰੋਡੇ ਨੇ ਭਾਈ ਲੌਂਗੋਵਾਲ, ਬੀਬੀ ਜਗੀਰ ਕੌਰ, ਜਥੇਦਾਰ ਪੱਖੋਕੇ, ਬਾਬਾ ਸੇਵਾ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਬਾਬਾ ਸ਼ਿੰਦਰ ਸਿੰਘ ਸਭਰਾਵਾਂ ਵਾਲੇ, ਬਾਬਾ

ਘੋਲਾ ਸਿੰਘ ਸਰਹਾਲੀ ਵਾਲੇ, ਬਾਬਾ ਗਿਆਨ ਸਿੰਘ ਮਿਨਹਾਲਾ, ਬਾਬਾ ਹਰਸ਼ਰਨ ਸਿੰਘ ਮਲੋਟ, ਬਾਬਾ ਗੁਰਭੇਜ ਸਿੰਘ ਲੂਆਂਵਾਲੇ, ਬਾਬਾ ਸੁੱਖਾ ਸਿੰਘ ਸਰਹਾਲੀ, ਬਾਬਾ ਗੁਰਨਾਮ ਸਿੰਘ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਨੰਦ ਸਿੰਘ ਮੁੰਡਾਪਿੰਡ, ਸ. ਪ੍ਰੇਮ ਸਿੰਘ, ਸ. ਜਸਬੀਰ ਸਿੰਘ ਜੱਸ, ਸ. ਇੰਦਰਜੀਤ ਸਿੰਘ ਸਰਪੰਚ ਕਰਮੂੰਵਾਲਾ, ਸ. ਕੁਲਦੀਪ ਸਿੰਘ ਔਲਖ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ੯ ਮਾਰਚ

## 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਲੱਖੀ ਜੰਗਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ

ਬਠਿੰਡਾ - ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਲੱਖੀ ਜੰਗਲ ਬਠਿੰਡਾ ਵਿਖੇ ਬੀਤੀ ਰਾਤ ਇਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਸਮੁੱਚੇ ਵਿਸ਼ਵ ਦੇ ਸਰਬਸਾਂਝੇ ਗੁਰੂ ਹਨ ਅਤੇ ਉਨ੍ਹਾਂ ਦੀ ਵਿਚਾਰਧਾਰਾ ਮਨੁੱਖਤਾ ਨੂੰ ਨਵੀਂ ਦਿਸ਼ਾ ਦਿੰਦੀ ਹੈ। ਉਨ੍ਹਾਂ ਆਖਿਆ ਕਿ ਸਾਡੀ ਖੁਸ਼ਕਿਸਮਤੀ ਹੈ ਕਿ ਗੁਰੂ ਸਾਹਿਬ ਜੀ ਦਾ ੫੫੦ ਸਾਲਾ ਪ੍ਰਕਾਸ਼ ਪੁਰਬ ਸਾਡੇ ਜੀਵਨ ਅੰਦਰ ਆ ਰਿਹਾ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਪਹਿਲੇ ਪਾਤਸ਼ਾਹ ਜੀ ਦੇ ਇਸ ਇਤਿਹਾਸਕ ਪੁਰਬ ਨੂੰ ਸਮਰਪਿਤ ਹੋ ਕੇ ਗੁਰਮਤਿ ਵਿਚਾਰਧਾਰਾ ਨਾਲ ਜੁੜੀਏ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਨੂੰ ਸ਼ਲਾਘਾਯੋਗ ਕਾਰਜ ਦੱਸਿਆ। ਇਸ ਤੋਂ ਪਹਿਲਾਂ ਸਮਾਗਮ ਦੌਰਾਨ ਕਥਾਵਾਚਕ ਭਾਈ ਰਣਜੀਤ ਸਿੰਘ ਗੌਹਰ ਨੇ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜਿਆ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਸਮੇਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਜਥੇਦਾਰ ਅਵਤਾਰ ਸਿੰਘ ਵਣਵਾਲਾ, ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਕਾਹਨ ਸਿੰਘ ਮੁੱਖੀ ਸੇਵਾ ਪੰਥੀ, ਬਾਬਾ ਜੱਸਾ ਸਿੰਘ ਸ਼੍ਰੋਮਣੀ ਬੁੱਢਾ ਦਲ, ਸ. ਕਰਨ ਸਿੰਘ ਮੈਨੇਜਰ ਸ੍ਰੀ ਦਮਦਮਾ ਸਾਹਿਬ, ਮੈਨੇਜਰ ਸ. ਗੁਰਬਖ਼ਸ਼ ਸਿੰਘ, ਸ. ਭੋਲਾ ਸਿੰਘ ਇੰਚਾਰਜ ਉਪ-ਦਫ਼ਤਰ ਤਲਵੰਡੀ ਸਾਬੋ ਆਦਿ ਮੌਜੂਦ ਸਨ। ਇਸ ਸਮਾਗਮ ਦੌਰਾਨ ਸਟੇਜ ਦੀ ਸੇਵਾ ਪ੍ਰਚਾਰਕ ਭਾਈ ਗੁਰਮੀਤ ਸਿੰਘ ਵੱਲੋਂ ਨਿਭਾਈ ਗਈ। ੧੨ ਮਾਰਚ

## ਰੂਸ ਦੇ ਥਲ ਸੈਨਾ ਮੁਖੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਅੰਮ੍ਰਿਤਸਰ - ਰੂਸ ਦੇ ਥਲ ਸੈਨਾ ਮੁਖੀ ਜਨਰਲ ਓਲਿਗ ਲਿਉਨੀਡੋਵਿਚ ਸੈਲਿਯੁਕੋਵ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਦਾ ਇਥੇ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਬਲਵਿੰਦਰ

ਸਿੰਘ ਜੌੜਾਸਿੰਘਾ ਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਵਾਗਤ ਕੀਤਾ। ਇਹ ਪਹਿਲੀ ਵਾਰ ਹੈ ਕਿ ਰੂਸ ਦੇ ਆਰਮੀ ਚੀਫ ਸਿੱਖ ਕੌਮ ਦੇ ਕੇਂਦਰੀ ਧਾਰਮਿਕ ਅਸਥਾਨ ਅਤੇ ਸਮੁੱਚੀ ਮਾਨਵਤਾ ਦੇ ਸਰਬਸਾਂਝੇ ਅਧਿਆਤਮਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਲਈ ਪੁੱਜੇ ਹਨ। ਰੂਸ ਥਲ ਸੈਨਾ ਮੁਖੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾਂ ਕਰਦਿਆਂ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਸੂਚਨਾ ਅਧਿਕਾਰੀ ਨੇ ਸ੍ਰੀ ਦਰਬਾਰ ਸਾਹਿਬ ਦੇ ਇਤਿਹਾਸ, ਰਵਾਇਤਾਂ ਅਤੇ ਲੰਗਰ ਪਰੰਪਰਾ ਸਬੰਧੀ ਜਾਣਕਾਰੀ ਦਿੱਤੀ, ਜਿਸ ਵਿਚ ਉਨ੍ਹਾਂ ਨੇ ਵਿਸ਼ੇਸ਼ ਰੁਚੀ ਦਿਖਾਈ। ਉਹ ਸ੍ਰੀ ਗੁਰੂ ਰਾਮਦਾਸ ਲੰਗਰ ਵਿਚ ਰੋਜ਼ਾਨਾ ਵੱਡੀ ਗਿਣਤੀ ਵਿਚ ਬਿਨਾ ਭੇਦ-ਭਾਵ ਦੇ ਪ੍ਰਸ਼ਾਦਾ ਛਕਣ ਲਈ ਪੁੱਜਦੀ ਸੰਗਤ ਬਾਰੇ ਜਾਣ ਕੇ ਬਹੁਤ ਪ੍ਰਭਾਵਤ ਹੋਏ। ਉਨ੍ਹਾਂ ਕੜਾਹ ਪ੍ਰਸ਼ਾਦ ਦੀ ਦੇਗ ਵੀ ਕਰਵਾਈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਮਗਰੋਂ ਜਨਰਲ ਓਲਿਗ ਐਲ ਸੈਲਿਯੁਕੋਵ ਨੂੰ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਆਹੁਦੇਦਾਰਾਂ ਅਤੇ ਅਧਿਕਾਰੀਆਂ ਵੱਲੋਂ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਯਾਤਰੂ ਕਿਤਾਬ ਵਿਚ ਆਪਣੀਆਂ ਭਾਵਨਾਵਾਂ ਵੀ ਦਰਜ਼ ਕੀਤੀਆਂ। ਸੂਚਨਾ ਕੇਂਦਰ ਵਿਖੇ ਗੱਲਬਾਤ ਕਰਦਿਆਂ ਜਨਰਲ ਓਲਿਗ ਲਿਉਨੀਡੋਵਿਚ ਸੈਲਿਯੁਕੋਵ ਨੇ ਕਿਹਾ ਕਿ ਉਨ੍ਹਾਂ ਨੂੰ ਇਥੇ ਆ ਕੇ ਬੇਹੱਦ ਪ੍ਰਸੰਨਤਾ ਹੋਈ ਹੈ ਅਤੇ ਇਥੇ ਦਾ ਵਾਤਾਵਰਨ ਬੇਹੱਦ ਸ਼ਾਂਤੀਪੂਰਨ ਹੈ। ਇਥੇ ਦਾ ਸਾਂਝੀਵਾਲਤਾ ਵਾਲਾ ਸਿਧਾਂਤ ਸਮੁੱਚੀ ਮਾਨਵਤਾ ਨੂੰ ਜੋੜਨ ਵਾਲਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਗਏ ਸਵਾਗਤ ਅਤੇ ਸਨਮਾਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਹੋਰ ਮੌਜੂਦ ਸਨ। ੧੩ ਮਾਰਚ

## ਹਲਕਾ ਧਰਮਕੋਟ ਦੀ ਸੰਗਤ ਨੇ ਜਥੇਦਾਰ ਤੋਤਾ ਸਿੰਘ ਦੀ ਅਗਵਾਈ 'ਚ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਕੀਤੀ ਸੇਵਾ

ਅੰਮ੍ਰਿਤਸਰ - ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸਾਬਕਾ ਮੰਤਰੀ ਪੰਜਾਬ ਜਥੇਦਾਰ ਤੋਤਾ ਸਿੰਘ ਦੀ ਅਗਵਾਈ ਵਿਚ ਹਲਕਾ ਧਰਮਕੋਟ (ਮੋਗਾ) ਦੀ ਸੰਗਤ ਨੇ ਲੰਗਰ ਸੇਵਾ ਕੀਤੀ। ਇਸ ਮੌਕੇ ਗੱਲਬਾਤ ਦੌਰਾਨ ਜਥੇਦਾਰ ਤੋਤਾ ਸਿੰਘ ਨੇ ਕਿਹਾ ਕਿ ਉਹ ਹਰ ਸਾਲ ਨਾਨਕਸ਼ਾਹੀ ਵਰ੍ਹੇ ਦੀ ਆਰੰਭਤਾ ਮੌਕੇ ੧ ਚੇਤ ਨੂੰ ਸ੍ਰੀ ਗੁਰੂ ਰਾਮਦਾਸ ਲੰਗਰ ਵਿਖੇ ਸੇਵਾ ਕਰਨ ਲਈ ਹਲਕੇ ਦੀ ਸੰਗਤ ਸਮੇਤ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰ ਵਿਚੋਂ ਰੋਜ਼ਾਨਾਂ ਲੱਖਾਂ ਸੰਗਤਾਂ ਪ੍ਰਸ਼ਾਦਾ ਛਕ ਕੇ ਤ੍ਰਿਪਤ ਹੁੰਦੀਆਂ ਹਨ ਅਤੇ ਇਥੇ ਸੇਵਾ ਕਰਕੇ ਸੰਗਤ ਨੂੰ ਸਕੂਨ ਪ੍ਰਾਪਤ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਹਲਕਾ ਧਰਮਕੋਟ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਸੇਵਾ ਕਰਨ ਪਹੁੰਚੀਆਂ ਹਨ। ਉਨ੍ਹਾਂ ਦੱਸਿਆ ਕਿ ਲੰਗਰ ਸੇਵਾ ਲਈ ਸੰਗਤ ਵੱਲੋਂ ਖੰਡ, ਚਾਹ ਪੱਤੀ, ਡਾਲਡਾ ਘਿਉ, ਦੇਸੀ ਘਿਉ, ਮਸਾਲੇ, ਵੇਸਣ, ਦਾਲਾਂ, ਆਟਾ, ਕਣਕ, ਚਾਵਲ, ਸਬਜ਼ੀਆਂ ਆਦਿ ਰਸਦਾਂ ਲਿਆਂਦੀਆਂ ਗਈਆਂ ਹਨ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਲੰਗਰ ਦੇ ਮੈਨੇਜਰ ਸ. ਮੁਖਤਾਰ ਸਿੰਘ ਨੇ ਲੰਗਰ ਸੇਵਾ ਲਈ ਆਈਆਂ ਸੰਗਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਜਥੇਦਾਰ ਤੋਤਾ ਸਿੰਘ ਦੀ ਪਤਨੀ ਬੀਬੀ ਮੁਖਤਿਆਰ ਕੌਰ, ਸ. ਕੁਲਵੰਤ ਸਿੰਘ ਰਿਚੀ ਮੋਗਾ, ਸ. ਸੁਖਵਿੰਦਰ ਸਿੰਘ, ਸ. ਗੁਰਮੀਤ ਸਿੰਘ, ਸ. ਰਜਿੰਦਰ ਸਿੰਘ ਡੱਲਾ, ਡਾ. ਜਸਵਿੰਦਰ ਸਿੰਘ ਸਮੇਤ ਸੰਗਤਾਂ ਮੌਜੂਦ ਸਨ। ੧੪ ਮਾਰਚ

# ਸੰਮਤ ਨਾਨਕਸ਼ਾਹੀ 551 ਦੀ ਆਮਦ 'ਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ

ਅੰਮ੍ਰਿਤਸਰ - ਸੰਮਤ ਨਾਨਕਸ਼ਾਹੀ ੫੫੧ ਦੀ ਆਮਦ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਜੀਤ ਸਿੰਘ, ਭਾਈ ਸਤਨਾਮ ਸਿੰਘ, ਭਾਈ ਰਵਿੰਦਰ ਸਿੰਘ, ਭਾਈ ਕੁਲਦੀਪ ਸਿੰਘ ਤੇ ਭਾਈ ਕਰਨੈਲ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਗਿਆਨੀ ਹਰਪ੍ਰੀਤ ਨੇ ਆਪਣੇ ਸੰਬੋਧਨ ਦੌਰਾਨ ਜਿੱਥੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਨਵੇਂ ਨਾਨਕਸ਼ਾਹੀ ਵਰ੍ਹੇ ਦੀ ਵਧਾਈ ਦਿੱਤੀ, ਉੱਥੇ ਹੀ ਉਨ੍ਹਾਂ ਸੰਗਤਾਂ ਨੂੰ ਗੁਰਪੁਰਬ ਅਤੇ ਹੋਰ ਇਤਿਹਾਸਿਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਮਨਾਉਣ ਦੀ ਅਪੀਲ ਕੀਤੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੰਗਤਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦੇ ਧਾਰਨੀ ਬਣਨਾ ਚਾਹੀਦਾ ਹੈ। ਸਮਾਗਮ ਦੌਰਾਨ ਸਟੇਜ ਦੀ ਸੇਵਾ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਤੇ ਪ੍ਰਚਾਰਕ ਭਾਈ ਤਰਸੇਮ ਸਿੰਘ ਨੇ ਨਿਭਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਤੇ ਸਾਬਕਾ ਮੰਤਰੀ ਜਥੇਦਾਰ ਤੋਤਾ ਸਿੰਘ, ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਸਿੰਘ ਸਾਹਿਬ ਗਿਆਨੀ ਮੋਹਨ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪਰਮਜੀਤ ਸਿੰਘ ਸਰੋਆ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਗੁਰਿੰਦਰ ਸਿੰਘ ਮਥਰੇਵਾਲ ਤੇ ਸ. ਮੁਖਤਾਰ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਤੇਜਿੰਦਰ ਸਿੰਘ ਪੱਡਾ, ਸ. ਸੁਲੱਖਣ ਸਿੰਘ ਭੰਗਾਲੀ, ਸ. ਹਰਜੀਤ ਸਿੰਘ ਲਾਲੂਘੁੰਮਣ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਸ. ਜਗਤਾਰ ਸਿੰਘ ਸ਼ਹੂਰਾ, ਸ. ਨਰਿੰਦਰ ਸਿੰਘ, ਮੀਤ ਮੈਨੇਜਰ ਸ. ਗੁਰਪ੍ਰੀਤ ਸਿੰਘ ਤੇ ਸ. ਜਸਪਾਲ ਸਿੰਘ ਢੱਡੇ ਤੇ ਹੋਰਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

੧੪ ਮਾਰਚ

# ਭਾਰਤ ਵੱਲੋਂ ਪਾਕਿਸਤਾਨ ਨੂੰ ਵੀਜ਼ਾ ਮੁਕਤ ਲਾਂਘਾ ਮੁਹੱਈਆ ਕਰਵਾਉਣ ਦੀ ਮੰਗ ਦਾ ਭਾਈ ਲੌਂਗੋਵਾਲ ਨੇ ਕੀਤਾ ਸਵਾਗਤ

## ਸ਼੍ਰੋਮਣੀ ਕਮੇਟੀ ਕਰਤਾਰਪੁਰ ਸਾਹਿਬ ਵਿਖੇ ਸਰਾਂ, ਲੰਗਰ ਤੇ ਹੋਰ ਪ੍ਰਬੰਧ ਕਰਨ ਲਈ ਤਿਆਰ- ਭਾਈ ਲੌਂਗੋਵਾਲ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਲਾਂਘੇ ਸਬੰਧੀ ਭਾਰਤ-ਪਾਕਿਸਤਾਨ ਸਰਕਾਰਾਂ ਦਰਮਿਆਨ ਹੋਈ ਸਾਂਝੀ ਇਕੱਤਰਤਾ ਦੌਰਾਨ ਸ਼ਰਧਾਲੂਆਂ ਨੂੰ ਵੀਜ਼ਾ ਮੁਕਤ ਲਾਂਘਾ ਮੁਹੱਈਆ ਕਰਵਾਉਣ

ਲਈ ਭਾਰਤ ਵੱਲੋਂ ਰੱਖੀ ਗਈ ਮੰਗ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਨੂੰ ਭਾਰਤ ਦੀ ਇਸ ਮੰਗ 'ਤੇ ਸੰਜੀਦਗੀ ਨਾਲ ਵਿਚਾਰ ਕਰਨੀ ਚਾਹੀਦੀ ਹੈ, ਤਾਂ ਜੋ ਵੱਧ ਤੋਂ ਵੱਧ ਸ਼ਰਧਾਲੂ ਇਸ ਪਾਵਨ ਅਸਥਾਨ ਦੇ ਦਰਸ਼ਨ ਦੀਦਾਰੇ ਕਰ ਸਕਣ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪਹਿਲਾਂ ਹੀ ਇਹ ਮੰਗ ਕਰ ਚੁੱਕੀ ਹੈ ਅਤੇ ਇਸ ਸਬੰਧ ਵਿਚ ਭਾਰਤ ਸਰਕਾਰ ਤੱਕ ਵੀ ਪਹੁੰਚ ਕੀਤੀ ਗਈ ਸੀ। ਸ਼੍ਰੋਮਣੀ ਕਮੇਟੀ ਵੱਲੋਂ ਕੀਤੀ ਵੀਜ਼ਾ ਮੁਕਤ ਲਾਂਘੇ ਦੀ ਮੰਗ ਨੂੰ ਹੁਣ ਭਾਰਤ ਵੱਲੋਂ ਪਾਕਿਸਤਾਨ ਦੇ ਸਰਕਾਰੀ ਅਧਿਕਾਰੀਆਂ ਅੱਗੇ ਰੱਖਣਾ ਚੰਗਾ ਯਤਨ ਹੈ ਜਿਸ ਦਾ ਸ਼੍ਰੋਮਣੀ ਕਮੇਟੀ ਸਵਾਗਤ ਕਰਦੀ ਹੈ। ਭਾਈ ਲੌਂਗੋਵਾਲ ਨੇ ਆਸ ਪ੍ਰਗਟਾਈ ਕਿ ਦੋਹਾਂ ਦੇਸ਼ਾਂ ਦੇ ਨੁਮਾਇੰਦਿਆਂ ਦੀ ਪਹਿਲੀ ਇਕੱਤਰਤਾ ਦੌਰਾਨ ਸਦਭਾਵਨਾ ਵਾਲੇ ਮਾਹੌਲ ਵਿਚ ਹੋਈ ਗੱਲਬਾਤ ਨਾਲ ਲਾਂਘੇ ਦੇ ਜਲਦ ਮੁਕੰਮਲ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੁੱਲ੍ਹਣ ਸਬੰਧੀ ਦੋਹਾਂ ਦੇਸ਼ਾਂ ਦੇ ਯਤਨ ਸ਼ਲਾਘਾਯੋਗ ਹਨ ਅਤੇ ਸਿੱਖ ਜਗਤ ਇਸ ਦੇ ਜਲਦ ਖੁੱਲ੍ਹਣ ਦੀ ਉਡੀਕ ਕਰ ਰਿਹਾ ਹੈ।

ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਇਹ ਵੀ ਆਖਿਆ ਕਿ ਜੇਕਰ ਪਾਕਿਸਤਾਨ ਸਰਕਾਰ ਇਜਾਜ਼ਤ ਦਿੰਦੀ ਹੈ ਤਾਂ ਸ਼੍ਰੋਮਣੀ ਕਮੇਟੀ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਸ਼ਰਧਾਲੂਆਂ ਦੀ ਰਿਹਾਇਸ਼ ਲਈ ਸਰਾਂ, ਲੰਗਰ ਅਤੇ ਹੋਰ ਪ੍ਰਬੰਧ ਕਰਨ ਲਈ ਤਿਆਰ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਚਾਹੁੰਦੀ ਹੈ ਕਿ ਉਸ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਵੀ ਸੰਗਤ ਦੀ ਸੇਵਾ ਦਾ ਮੌਕਾ ਮਿਲੇ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਰਤ ਵਾਲੇ ਪਾਸੇ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਵੀ ਵਿਸ਼ੇਸ਼ ਤੌਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਅਤੇ ਇਥੇ ਵੀ ਸੰਗਤ ਲਈ ਨਿਵਾਸ ਘਰ, ਲੰਗਰ ਆਦਿ ਦੇ ਵੀ ਵਿਸ਼ਾਲ ਪ੍ਰਬੰਧ ਕੀਤੇ ਜਾਣਗੇ।

੧੫ ਮਾਰਚ

## 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸੂਲੀਸਰ ਸਾਹਿਬ ਕੋਟ ਧਰਮੂੰ ਵਿਖੇ ਗੁਰਮਤਿ ਸਮਾਗਮ

ਅੰਮ੍ਰਿਤਸਰ - ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਸੂਲੀਸਰ ਸਾਹਿਬ ਕੋਟ ਧਰਮੂੰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਇਲਾਕੇ ਦੀ ਵੱਡੀ ਗਿਣਤੀ ਸੰਗਤ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਕੁਹਾੜਕਾ, ਭਾਈ ਕਰਨੈਲ ਸਿੰਘ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦਿੱਤ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਥ ਪ੍ਰਸਿੱਧ ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣਾ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਸਬੰਧੀ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਜਥੇਦਾਰ ਅਮਰੀਕ ਸਿੰਘ ਕੋਟ ਸ਼ਮੀਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦਾ ਮੰਤਵ ਸੰਗਤ ਅੰਦਰ ਸ਼ਤਾਬਦੀ ਸਮਾਗਮਾਂ ਸਬੰਧੀ ਉਤਸ਼ਾਹ ਪੈਦਾ ਕਰਨਾ ਅਤੇ ਗੁਰੂ ਸਾਹਿਬ ਦੀ ਵਿਚਾਰਧਾਰਾ ਦਾ ਪ੍ਰਚਾਰ ਕਰਨਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਧਰਮ ਪ੍ਰਚਾਰ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਨੌਜੁਆਨੀ ਨੂੰ ਗੁਰਸਿੱਖੀ ਜੀਵਨ ਧਾਰਨ ਕਰਨ ਦੀ ਅਪੀਲ ਕੀਤੀ। ਇਸ ਮੌਕੇ ਜਥੇਦਾਰ ਅਮਰੀਕ ਸਿੰਘ

ਕੋਟ ਸ਼ਮੀਰ ਤੋਂ ਇਲਾਵਾ ਮੈਂਬਰ ਜਥੇਦਾਰ ਮਨਜੀਤ ਸਿੰਘ ਬੱਪੀਆਣਾ, ਸ. ਸੁਰਜੀਤ ਸਿੰਘ ਰਾਏਪੁਰ, ਸ. ਮਿੱਠੂ ਸਿੰਘ ਕਾਹਨੇਕੇ, ਸ. ਗੁਰਤੇਜ ਸਿੰਘ ਢੱਡੇ, ਸ. ਦਿਲਰਾਜ ਸਿੰਘ ਭੂੰਦੜ ਵਿਧਾਇਕ, ਡਾ. ਨਿਸ਼ਾਨ ਸਿੰਘ ਬੁਢਲਾਡਾ, ਸ. ਜਗਦੀਪ ਸਿੰਘ ਨਕਈ, ਸ. ਗੁਰਮੇਲ ਸਿੰਘ ਫਫੜੇ ਜ਼ਿਲ੍ਹਾ ਪ੍ਰਧਾਨ, ਸ. ਸੁਖਦੇਵ ਸਿੰਘ ਚੈਨੇਵਾਲਾ, ਸ੍ਰੀ ਪ੍ਰੇਮ ਕੁਮਾਰ ਅਰੋੜਾ, ਪ੍ਰਿੰਸੀਪਲ ਸਤਵਿੰਦਰ ਕੌਰ, ਸ. ਪਰਮਜੀਤ ਸਿੰਘ ਸਰੋਆ ਐਡੀਸ਼ਨਲ ਸਕੱਤਰ, ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਮੇਜਰ ਸਿੰਘ ਸੁਪਰਵਾਈਜ਼ਰ, ਸ. ਮਨਿੰਦਰ ਸਿੰਘ ਮੈਨੇਜਰ, ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਕਰਨ ਸਿੰਘ ਮੈਨੇਜਰ, ਸ. ਗੁਰਬਖ਼ਸ਼ ਸਿੰਘ ਮੈਨੇਜਰ, ਸ. ਭੋਲਾ ਸਿੰਘ ਇੰਚਾਰਜ, ਸ. ਗੁਰਮੀਤ ਸਿੰਘ ਇੰਚਾਰਜ ਗੁਰਦੁਆਰਾ ਸੂਲੀਸਰ ਸਾਹਿਬ, ਭਾਈ ਗੁਰਮੀਤ ਸਿੰਘ ਮਲਕੋ, ਭਾਈ ਲੱਖਾ ਸਿੰਘ ਦਾਤੇਵਾਸ, ਭਾਈ ਨਿਰਭੈ ਸਿੰਘ ਜਿਉਂਦ, ਭਾਈ ਤਰਲੋਚਨ ਸਿੰਘ, ਭਾਈ ਹਰਦੀਪ ਸਿੰਘ ਬੱਲੋ, ਭਾਈ ਅਮਰਦੀਪ ਸਿੰਘ, ਭਾਈ ਮੱਘਰ ਸਿੰਘ ਭੋਰਾ, ਭਾਈ ਹਰਵਿੰਦਰ ਸਿੰਘ ਬੱਗਾ, ਭਾਈ ਮੱਸਾ ਸਿੰਘ ਕਵੀਸ਼ਰ, ਭਾਈ ਬਲਵੀਰ ਸਿੰਘ ਰਾਏਪੁਰ, ਭਾਈ ਅਮਨਦੀਪ ਸਿੰਘ ਫੱਤਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ੧੫ ਮਾਰਚ

## ਸ਼੍ਰੋਮਣੀ ਕਮੇਟੀ ਵੱਲੋਂ ਉਤਰਾਖੰਡ ਦੇ ਸਿਤਾਰਗੰਜ ਵਿਚ ਵਿਸ਼ਾਲ ਗੁਰਮਤਿ ਸਮਾਗਮ

### 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਸੰਗਤਾਂ ਗੁਰਸਿੱਖੀ ਜੀਵਨ ਜਾਚ ਅਪਨਾਉਣ- ਗਿਆਨੀ ਹਰਪ੍ਰੀਤ ਸਿੰਘ

ਅੰਮ੍ਰਿਤਸਰ - ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਤਰਾਖੰਡ ਦੇ ਜ਼ਿਲ੍ਹਾ ਊਧਮ ਸਿੰਘ ਨਗਰ ਵਿਚ ਪੈਂਦੇ ਸਿਤਾਰਗੰਜ ਵਿਖੇ ਗੁਰਦੁਆਰਾ ਦਲ ਪੰਥ ਬਾਬਾ ਬਿਧੀ ਚੰਦ ਵਿਚ ਹੋਏ ਗੁਰਮਤਿ ਸਮਾਗਮ ਦੌਰਾਨ ਸੰਗਤ ਨੇ ਭਰਵੀਂ ਸ਼ਮੂਲੀਅਤ ਕੀਤੀ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਉਤਰ ਪ੍ਰਦੇਸ਼ ਅਤੇ ਉਤਰਾਖੰਡ ਵਿਖੇ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਸਬੰਧੀ ਸੰਗਤ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਨ੍ਹਾਂ ਦੋਹਾਂ ਸੂਬਿਆਂ ਅੰਦਰ ਮਾਰਚ ਮਹੀਨੇ ਵਿਚ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵੀਹ ਦੇ ਕਰੀਬ ਸਮਾਗਮ ਉਲੀਕੇ ਗਏ ਸਨ। ਇਸੇ ਤਹਿਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਦੇ ਸਹਿਯੋਗ ਨਾਲ ਸਿਤਾਰਗੰਜ ਵਿਖੇ ਹੋਏ ਗੁਰਮਤਿ ਸਮਾਗਮ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਸੰਗਤ ਨੂੰ ਸੰਬੋਧਨ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰਬਕਾਲੀ ਤੇ ਸਰਬਹਿਤਕਾਰੀ ਉਪਦੇਸ਼ਾਂ ਅਨੁਸਾਰ ਚੱਲਣ ਦੀ ਅਪੀਲ ਕੀਤੀ ਅਤੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਗੁਰਸਿੱਖੀ ਜੀਵਨ ਜਾਚ ਅਪਨਾਉਣ ਲਈ ਕਿਹਾ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ, ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਸਿੱਖ ਮਿਸ਼ਨ ਉਤਰਾਖੰਡ ਦੇ ਇੰਚਾਰਜ ਭਾਈ ਹਰਜਿੰਦਰ ਸਿੰਘ ਨੇ ਵੀ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਲਖਵਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ ਅਤੇ ਢਾਡੀ ਕਵੀਸ਼ਰ ਜਥਿਆਂ ਨੇ ਗੁਰ-ਇਤਿਹਾਸ ਸਰਵਣ ਕਰਵਾਇਆ। ਸਮਾਗਮ ਦੌਰਾਨ ਬਾਬਾ ਅਵਤਾਰ ਸਿੰਘ ਸੁਰਸਿੰਘ ਅਤੇ ਭਾਈ ਅਜਾਇਬ ਸਿੰਘ ਅਭਿਆਸੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਰਾਗੀ ਜਥਿਆਂ

ਨੂੰ ਸਨਮਾਨਿਤ ਕੀਤਾ। ਇਸ ਸਮੇਂ ਹੋਏ ਅੰਮ੍ਰਿਤ ਸੰਚਾਰ ਵਿਚ ੩੮ ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਇਸ ਮੌਕੇ ਭਾਈ ਸੁਖਦੇਵ ਸਿੰਘ ਕਥਾਵਾਚਕ ਦਲ ਬਾਬਾ ਬਿਧੀ ਚੰਦ, ਬਾਬਾ ਤਰਸੇਮ ਸਿੰਘ ਨਾਨਕ ਮਤਾ ਸਾਹਿਬ, ਬਾਬਾ ਪਾਲ ਸਿੰਘ ਸਿਤਾਰਗੰਜ, ਸ. ਤਰਲੋਕ ਸਿੰਘ, ਸ. ਜਰਨੈਲ ਸਿੰਘ ਲਹਿਰੀ, ਸ. ਸੇਵਾ ਸਿੰਘ ਪ੍ਰਧਾਨ ਨਾਨਕ ਮਤਾ ਸਾਹਿਬ, ਕਵੀਸ਼ਰ ਭਾਈ ਬਲਦੇਵ ਸਿੰਘ, ਪ੍ਰਚਾਰਕ ਭਾਈ ਸਤਵੰਤ ਸਿੰਘ ਆਦਿ ਮੌਜੂਦ ਸਨ। ੧੬ ਮਾਰਚ

## ਗਤਕਾ ਪੇਟੈਂਟ ਕਰਵਾਉਣ ਵਿਰੁੱਧ ਕਨੂੰਨੀ ਕਾਰਵਾਈ ਕਰੇਗੀ ਸ਼੍ਰੋਮਣੀ ਕਮੇਟੀ -ਭਾਈ ਲੌਂਗੋਵਾਲ

ਅੰਮ੍ਰਿਤਸਰ - ਬਾਣੀ ਅਤੇ ਬਾਣੇ ਅਧਾਰਤ ਸਿੱਖ ਸ਼ਸ਼ਤਰ ਕਲਾ ਗਤਕਾ ਨੂੰ ਦਿੱਲੀ ਦੀ ਇਕ ਫ਼ਰਮ ਵੱਲੋਂ ਸਿੱਖ ਸ਼ਸ਼ਤਰ ਵਿਦਿਆ ਅਤੇ ਗਤਕੇ ਦੇ ਨਾਂ ਨੂੰ ਟਰੇਡ ਮਾਰਕ ਕਨੂੰਨ ਤਹਿਤ ਪੇਟੈਂਟ ਕਰਵਾਉਣ ਦੀ ਸਖ਼ਤ ਨਿੰਦਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਬੰਧਤ ਫ਼ਰਮ ਨੂੰ ਤਾੜਨਾ ਕਰਦਿਆਂ ਕਿਹਾ ਕਿ ਸਿੱਖ ਕੌਮ ਆਪਣੇ ਇਤਿਹਾਸ ਅਤੇ ਵਿਰਾਸਤ ਨਾਲ ਜੁੜੀ ਗੁਰੂ ਬਖ਼ਸ਼ਿਸ਼ ਪੁਰਾਤਨ ਵਿਰਾਸਤੀ ਯੁੱਧ ਕਲਾ ਨਾਲ ਛੇੜ-ਛਾੜ ਕਰਨ ਦੀ ਇਜਾਜ਼ਤ ਨਹੀਂ ਦੇਵੇਗੀ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਿਚਾਰ ਅਧੀਨ ਹੈ। ਇਸ ਸਾਰੀ ਅਵੱਗਿਆ ਲਈ ਕੌਣ-ਕੌਣ ਜ਼ਿੰਮੇਵਾਰ ਹੈ, ਇਸ ਦੀ ਤਹਿ ਤੱਕ ਪੜਤਾਲ ਕੀਤੀ ਜਾਵੇਗੀ। ਉਨ੍ਹਾਂ ਸਬੰਧਤ ਫ਼ਰਮ ਨੂੰ ਤੁਰੰਤ ਆਪਣੀ ਗਲਤੀ ਲਈ ਸਿੱਖ ਕੌਮ ਪਾਸੋਂ ਮਾਫ਼ੀ ਮੰਗਣ ਲਈ ਕਿਹਾ। ਭਾਰਤੀ ਟਰੇਡ ਮਾਰਕ ਕਨੂੰਨ ਅਨੁਸਾਰ ਨਵੀਂ ਕਾਢ ਨੂੰ ਹੀ ਪੇਟੈਂਟ ਕਰਵਾਇਆ ਜਾ ਸਕਦਾ ਹੈ ਪਰੰਤੂ ਗਤਕਾ ਅਤੇ ਸਿੱਖ ਸ਼ਸਤਰ ਵਿਦਿਆ ਸਾਡੇ ਧਰਮ, ਵਿਰਸੇ ਅਤੇ ਗੁਰ-ਇਤਿਹਾਸ ਦਾ ਅਟੁੱਟ ਅੰਗ ਅਤੇ ਸਮੁੱਚੀ ਕੌਮ ਦੀ ਵਿਰਾਸਤ ਹੈ। ਇਹ ਕਿਸੇ ਦੀ ਨਿੱਜੀ ਜਗੀਰ ਨਹੀਂ ਹਨ। ਉਨ੍ਹਾਂ ਕਿਹਾ ਕਿ ਫਰਮ ਦੀ ਇਸ ਕੋਝੀ ਹਰਕਤ ਨਾਲ ਸਿੱਖ ਕੌਮ ਵਿਚ ਰੋਸ ਹੈ, ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਹਰਕਤ ਦੀ ਸਖ਼ਤ ਨਿੰਦਾ ਕਰਦਿਆਂ ਸਬੰਧਤ ਫਰਮ ਨੂੰ ਤਾੜਨਾ ਕਰਦੀ ਹੈ ਕਿ ਉਹ ਤੁਰੰਤ ਆਪਣੀ ਗਲਤੀ ਦੀ ਸਿੱਖ ਕੌਮ ਪਾਸੋਂ ਮੁਆਫ਼ੀ ਮੰਗ ਕੇ ਇਸ ਨੂੰ ਵਾਪਸ ਲਏ ਨਹੀਂ ਤਾਂ ਸਖ਼ਤ ਕਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਨੂੰਨੀ ਕਾਰਵਾਈ ਲਈ ਵਕੀਲਾਂ ਨਾਲ ਸਲਾਹ ਮਸ਼ਵਰਾ ਕੀਤਾ ਜਾ ਰਿਹਾ ਹੈ। ੧੮ ਮਾਰਚ

## ਰਾਜਸਥਾਨ ਯੂਨੀਵਰਸਿਟੀ ਜੈਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਬੰਧੀ ਵਿਸ਼ੇਸ ਸੈਮੀਨਾਰ ਕਰਵਾਇਆ

ਅੰਮ੍ਰਿਤਸਰ - ਜੈਪੁਰ ਵਿਖੇ ਸਥਿਤ ਯੂਨੀਵਰਸਿਟੀ ਆਫ਼ ਰਾਜਸਥਾਨ 'ਚ ਸਥਾਪਤ ਸ੍ਰੀ ਗੁਰੂ ਗੋਬਿੰਦ ਸਿੰਘ ਰਾਸ਼ਟਰੀ ਏਕਤਾ ਅਤੇ ਸਿੱਖ ਅਧਿਐਨ ਕੇਂਦਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਕ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੇ ਦੋ ਸੈਸ਼ਨਾਂ ਦੌਰਾਨ ਦੇਸ਼ ਭਰ ਵਿੱਚੋਂ ਪਹੁੰਚੇ ਬੁਲਾਰਿਆਂ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਫਲਸਫੇ 'ਤੇ ਵਿਚਾਰ ਪੇਸ਼ ਕੀਤੇ। ਸੈਮੀਨਾਰ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਹਾਜ਼ਰੀਨ ਨੂੰ ਸੰਬੋਧਨ ਕੀਤਾ। ਗਿਆਨੀ ਹਰਪ੍ਰੀਤ ਸਿੰਘ ਨੇ ਆਖਿਆ ਕਿ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਥਾਨ ਪ੍ਰਥਮ ਹੈ ਅਤੇ ਉਨ੍ਹਾਂ ਦੀ ਵਿਚਾਰਧਾਰਾ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ। ਉਨ੍ਹਾਂ ਸੈਮੀਨਾਰ ਪ੍ਰਬੰਧਕਾਂ ਦੇ ਉੱਦਮ ਦੀ ਸ਼ਲਾਘਾ ਕੀਤੀ

ਅਤੇ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਸੈਮੀਨਾਰਾਂ ਵਿਚ ਸਹਿਯੋਗ ਦੇਣ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਸਬੰਧੀ ਪਹਿਲਕਦਮੀ ਕਰਾਰ ਦਿੱਤਾ।

ਸੈਮੀਨਾਰ ਦੌਰਾਨ ਰਾਜਸਥਾਨ ਯੂਨੀਵਰਸਿਟੀ ਦੇ ਉੱਪ ਕੁਲਪਤੀ ਪ੍ਰੋ. ਆਰ. ਕੇ. ਕੋਠਾਰੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਪਰਚੇ ਪੜ੍ਹਨ ਵਾਲੇ ਵਿਦਵਾਨਾਂ ਵਿਚ ਪ੍ਰਸਿੱਧ ਵਿਦਵਾਨ ਡਾ. ਜਸਪਾਲ ਸਿੰਘ ਸਾਬਕਾ ਵੀ. ਸੀ., ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ, ਡਾ. ਬਲਵੰਤ ਸਿੰਘ ਢਿੱਲੋਂ, ਡਾ. ਸਰਬਜਿੰਦਰ ਸਿੰਘ, ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਸਕੱਤਰ ਧਰਮ ਪ੍ਰਚਾਰ ਕਮੇਟੀ, ਪ੍ਰੋਫੈਸਰ ਮਹਿੰਦਰ ਸਿੰਘ, ਡਾ. ਮਨਜੀਤ ਸਿੰਘ ਦਿੱਲੀ ਯੂਨੀਵਰਸਿਟੀ, ਸ. ਅਜੈਪਾਲ ਸਿੰਘ ਜੈਪੁਰ, ਐਸ.ਕੇ.ਐਸ. ਬੈਂਸ, ਸ. ਅੰਗਰੇਜ਼ ਸਿੰਘ ਤੇ ਡਾ. ਮਨਜੀਤ ਕੌਰ ਸ਼ਾਮਲ ਸਨ। ਸੈਮੀਨਾਰ ਦੌਰਾਨ ਬੁਲਾਰਿਆਂ ਨੇ ਸਮਾਜਿਕ ਵਿਕਾਸ ਲਈ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਬਾਣੀ ਅਤੇ ਉਨ੍ਹਾਂ ਦੇ ਸਿਧਾਂਤਾਂ ਨੂੰ ਅਮਲ ਵਿਚ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ। ੧੮ ਮਾਰਚ

## 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਸਟੇਟ ਗੁਰਦੁਆਰਾ ਸਾਹਿਬ ਕਪੂਰਥਲਾ ਵਿਖੇ ਗੁਰਮਤਿ ਸਮਾਗਮ

ਕਪੂਰਥਲਾ - ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਟੇਟ ਗੁਰਦੁਆਰਾ ਸਾਹਿਬ ਕਪੂਰਥਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਇਲਾਕੇ ਦੀ ਵੱਡੀ ਗਿਣਤੀ ਸੰਗਤ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਕੀਰਤ ਸਿੰਘ, ਭਾਈ ਜੁਝਾਰ ਸਿੰਘ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦਿੱਤ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਪੰਥ ਪ੍ਰਸਿੱਧ ਕਥਾਵਾਚਕ ਭਾਈ ਬਲਦੇਵ ਸਿੰਘ ਪਾਉਂਟਾ ਸਾਹਿਬ, ਢਾਡੀ ਜਥਾ ਭਾਈ ਜਗਦੀਸ਼ ਸਿੰਘ ਵਡਾਲਾ ਤੇ ਭਾਈ ਸੁਰਜੀਤ ਸਿੰਘ ਸਭਰਾ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਸਬੰਧੀ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ ਤੇ ਕਰਵਾਏ ਜਾ ਰਹੇ ਗੁਰਮਤਿ ਸਮਾਗਮ ਸ਼ਲਾਘਾਯੋਗ ਕਾਰਜ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਪੁਰਬ ਸਿੱਖ ਜਗਤ ਲਈ ਇਕ ਇਤਿਹਾਸਕ ਮੌਕਾ ਹੈ, ਜਿਸ ਨੂੰ ਸਮਰਪਿਤ ਹੋ ਕੇ ਪ੍ਰਚਾਰ ਤੇ ਪ੍ਰਸਾਰ ਲਈ ਸਮੂਹਕ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਮੈਨੇਜਰ ਸ. ਜਰਨੈਲ ਸਿੰਘ, ਸ. ਪ੍ਰੇਮਜੀਤ ਸਿੰਘ ਢੱਡੇ ਪ੍ਰਚਾਰਕ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। ੧੮ ਮਾਰਚ

## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉੱਤਰ ਪ੍ਰਦੇਸ਼ ਦੇ ਗੁਰਦੁਆਰਾ ਨਾਨਕ ਪਿਆਓ ਵਿਖੇ ਗੁਰਮਤਿ ਸਮਾਗਮ ਦੌਰਾਨ ਸੰਗਤ ਨੇ ਕੀਤੀ ਭਰਵੀਂ ਸ਼ਿਰਕਤ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਸਬੰਧੀ ਉੱਤਰ ਪ੍ਰਦੇਸ਼ ਵਿਖੇ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਨਿਰੰਤਰਤਾ ਵਿਚ

ਜਿਲ੍ਹਾ ਲਖੀਮਪੁਰ ਖੀਰੀ ਵਿਚ ਪੈਂਦੇ ਗੁਰਦੁਆਰਾ ਨਾਨਕ ਪਿਆਓ ਮਹਿੰਗਾਪੁਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਏ ਗਏ। ਬਾਬਾ ਗੁਰਨਾਮ ਸਿੰਘ ਮਹਿੰਗਾਪੁਰ ਕਾਰ ਸੇਵਾ ਸਰਹਾਲੀ ਵਾਲਿਆਂ ਦੇ ਸਹਿਯੋਗ ਨਾਲ ਹੋਏ ਇਨ੍ਹਾਂ ਸਮਾਗਮਾਂ ਦੌਰਾਨ ਸੰਗਤ ਨੇ ਭਰਵੀਂ ਸ਼ਮੂਲੀਅਤ ਕੀਤੀ ਅਤੇ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦਾ ਅਨੰਦ ਮਾਣਿਆ। ਸਮਾਗਮ ਵਿਚ ਸ਼ਾਮਲ ਹੋਏ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉੱਤਰ ਪ੍ਰਦੇਸ਼ ਤੇ ਉਤਰਾਖੰਡ ਵਿਚ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਪ੍ਰਤੀ ਸੰਗਤ ਵਿਚ ਭਾਰੀ ਉਤਸ਼ਾਹ ਹੈ। ਉਨ੍ਹਾਂ ਦੱਸਿਆ ਹੈ ਕਿ ਯੂ.ਪੀ. ਦੇ ਮਹਿੰਗਾਪੁਰ ਵਿਖੇ ਆਯੋਜਿਤ ਸਮਗਮਾਂ ਦੇ ਪਹਿਲੇ ਦਿਨ ੧੮ ਮਾਰਚ ਨੂੰ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿਚ ਸੰਗਤ ਨੇ ਵੱਡੀ ਪੱਧਰ 'ਤੇ ਸ਼ਿਰਕਤ ਕੀਤੀ। ਇਨ੍ਹਾਂ ਗੁਰਮਤਿ ਸਮਗਾਮਾਂ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਤੇ ਭਾਈ ਸੁਖਜਿੰਦਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਸ਼੍ਰੋਮਣੀ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਸਰਬਜੀਤ ਸਿੰਘ ਲੁਧਿਆਣਾ ਤੇ ਗਿਆਨੀ ਰਤਨ ਸਿੰਘ ਕਥਾਵਾਚਕ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਤੋਂ ਇਲਾਵਾ ਸਥਾਨਕ ਰਾਗੀ ਜਥਿਆਂ ਨੇ ਵੀ ਹਾਜ਼ਰੀ ਭਰੀ ਤੇ ਢਾਡੀ ਕਵੀਸ਼ਰ ਜਥਿਆਂ ਨੇ ਗੁਰ ਇਤਿਹਾਸ ਸਰਵਣ ਕਰਾਇਆ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਵਿਚ ੨੦੦ ਤੋਂ ਜਿਆਦਾ ਸੰਗਤਾਂ ਨੇ ਅੰਮ੍ਰਿਤਪਾਨ ਕੀਤਾ। ਇਸ ਮੌਕੇ ਬਾਬਾ ਗੁਰਨਾਮ ਸਿੰਘ ਮਹਿੰਗਾਪੁਰ ਵਾਲਿਆਂ ਨੇ ਸੰਗਤ ਅਤੇ ਪ੍ਰਮੁੱਖ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਸਬੰਧੀ ਯੂ.ਪੀ. ਅੰਦਰ ਕਰਵਾਏ ਜਾਣ ਵਾਲੇ ਹਰ ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦਾ ਇਸੇ ਤਰ੍ਹਾਂ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਹੋਰਨਾ ਤੋਂ ਇਲਾਵਾ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ, ਭਾਈ ਮਹਿਤਾਬ ਸਿੰਘ, ਗੁਰਦੁਆਰਾ ਨਾਨਕਮਤਾ ਸਾਹਿਬ ਦੇ ਪ੍ਰਧਾਨ ਭਾਈ ਸੇਵਾ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਜਾ ਰਹੇ ਇਨ੍ਹਾਂ ਸਮਾਗਮਾਂ ਦੀ ਸਫਲਤਾ ਲਈ ਸ਼੍ਰੋਮਣੀ ਕਮੇਟੀ ਵੱਲੋਂ ਭੇਜੀਆਂ ਗਈਆਂ ਵੀਡੀਓ ਵੈਨਾਂ ਰਾਹੀਂ ਇਲਾਕੇ ਅੰਦਰ ਸੰਗਤਾਂ ਨੂੰ ਧਾਰਮਿਕ ਤੇ ਇਤਿਹਾਸਕ ਫਿਲਮਾਂ ਵਿਖਾਈਆਂ ਗਈਆਂ ਤੇ ਢਾਡੀ ਕਵੀਸ਼ਰਾਂ ਵੱਲੋਂ ਦੀਵਾਨ ਵੀ ਕੀਤੇ ਗਏ। ੨੦ ਮਾਰਚ

## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ

ਅੰਮ੍ਰਿਤਸਰ - ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ (ਕਰਨਾਟਕ) ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਵੱਖ-ਵੱਖ ਸੂਬਿਆਂ ਅੰਦਰ ਸ਼੍ਰੋਮਣੀ ਕਮੇਟੀ ਵੱਲੋਂ ਉਲੀਕੇ ਗਏ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਕਰਵਾਏ ਗਏ ਇਸ ਗੁਰਮਤਿ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ-ਛੋਹ ਪ੍ਰਾਪਤ ਧਰਤੀ ਤੇ ਕਰਵਾਏ ਗਏ ਇਸ ਗੁਰਮਤਿ ਸਮਾਗਮ ਦੌਰਾਨ ਕਰਨਾਟਕਾ, ਆਂਧਰਾ ਪ੍ਰਦੇਸ਼, ਤੇਲੰਗਾਨਾ, ਮੱਧ ਪ੍ਰਦੇਸ਼ ਤੇ ਮਹਾਰਾਸ਼ਟਰ ਆਦਿ ਦੀ ਸੰਗਤ ਨੇ ਭਰਵੀਂ ਹਾਜ਼ਰੀ ਭਰੀ। ਸਮਾਗਮ ਸਮੇਂ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਗਤ ਨੂੰ ਅਮੋਲਕ ਫਲਸਫਾ ਬਖ਼ਸ਼ਿਆ ਹੈ,

ਜਿਸ ਨੂੰ ਅਪਣਾ ਕੇ ਅਸੀਂ ਹਰ ਤਰ੍ਹਾਂ ਸਮੱਸਿਆਵਾਂ ਤੋਂ ਛੁਟਕਾਰਾ ਪਾ ਸਕਦੇ ਹਾਂ।

ਉਨ੍ਹਾਂ ਆਖਿਆ ਕਿ ਗੁਰਮਤਿ ਵਿਚਾਰਧਾਰਾ ਸਮਾਜ ਨੂੰ ਸੁਖਾਵਾਂ ਬਣਾਉਣ ਲਈ ਅਹਿਮ ਵਿਚਾਰਧਾਰਾ ਹੈ ਜੋ ਸਮੁੱਚੇ ਵਿਸ਼ਵ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ ਅਤੇ ਮਾਨਵੀ ਸਰੋਕਾਰਾਂ ਨਾਲ ਜੁੜੇ ਹਰ ਤਰ੍ਹਾਂ ਦੇ ਮਸਲਿਆਂ ਦਾ ਹੱਲ ਦਰਸਾਉਂਦੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ੫੫੦ਵੇਂ ਪ੍ਰਕਾਸ਼ ਪੁਰਬ ਸਬੰਧੀ ਵੱਖ-ਵੱਖ ਸੂਬਿਆਂ ਅੰਦਰ ਰੱਖੇ ਗਏ ਗੁਰਮਤਿ ਸਮਾਗਮਾਂ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸੰਗਤ ਨੂੰ ਸਾਰੇ ਸਮਾਗਮਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਵੀ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਾਰਾ ਦਿਨ ਚੱਲੇ ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਾਏ ਸਿੰਘ, ਭਾਈ ਜਰਨੈਲ ਸਿੰਘ, ਭਾਈ ਸੁਖਬੀਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਕਰਨੈਲ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਹਰਿੰਦਰ ਸਿੰਘ ਅਲਵਰ, ਭਾਈ ਬਲਦੇਵ ਸਿੰਘ ਪਾਉਂਟਾ ਸਾਹਿਬ ਤੇ ਹੋਰ ਪ੍ਰਚਾਰਕਾਂ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਸਮੇਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਗਿਆਨੀ ਭਗਵਾਨ ਸਿੰਘ ਜੌਹਲ ਨੇ ਨਿਭਾਈ।

ਇਸ ਮੌਕੇ ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਭੁਪਿੰਦਰ ਸਿੰਘ ਮਿਨਹਾਸ, ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਦੇ ਪ੍ਰਧਾਨ ਸ. ਬਲਬੀਰ ਸਿੰਘ, ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਮੁੰਬਈ, ਸ. ਕੁਲਵੰਤ ਸਿੰਘ ਮੰਨਣ, ਸ. ਸਰਵਣ ਸਿੰਘ ਕੁਲਾਰ, ਸ. ਭਗਵੰਤ ਸਿੰਘ ਸਿਆਲਕਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਰਾਮਪਾਲ ਸਿੰਘ ਬਹਿਣੀਵਾਲ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਸਕੱਤਰ ਸਿੰਘ ਤੇ ਸ. ਨਿਸ਼ਾਨ ਸਿੰਘ, ਸ. ਸਤਬੀਰ ਸਿੰਘ, ਸ. ਲਹੌਰ ਸਿੰਘ ਬਿਦਰ, ਸ. ਮੇਜਰ ਸਿੰਘ, ਕਵੀਸ਼ਰ ਭਾਈ ਰਣਜੀਤ ਸਿੰਘ ਪੰਨਵਾਂ, ਭਾਈ ਹਰਪ੍ਰੀਤ ਸਿੰਘ, ਭਾਈ ਦਲੀਪ ਸਿੰਘ, ਭਾਈ ਸੰਤੋਖ ਸਿੰਘ ਕਾਬਲ ਵਾਲੇ, ਭਾਈ ਖ਼ਜ਼ਾਨ ਸਿੰਘ, ਭਾਈ ਜਗਦੇਵ ਸਿੰਘ, ਭਾਈ ਸੁਖਵੰਤ ਸਿੰਘ, ਭਾਈ ਸੁਖਵਿੰਦਰ ਸਿੰਘ ਰਟੌਲ, ਭਾਈ ਪ੍ਰਮਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ੨੨ ਮਾਰਚ

## ਗੁਰਦੁਆਰਾ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ

ਬਾਬਾ ਬਕਾਲਾ - ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਬਾਬਾ ਬਕਾਲਾ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੰਗਤ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ 'ਤੇ ਗੁਰਮਤਿ ਸਮਾਗਮਾਂ ਦੀ ਲੜੀ ਆਰੰਭੀ ਗਈ ਹੈ, ਜਿਸ ਤਹਿਤ ਇਹ ਸਮਾਗਮ ਹੋਇਆ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਅਨੰਦ ਸਿੰਘ, ਭਾਈ ਹਰਨਾਮ ਸਿੰਘ ਅਤੇ ਗੁਰਦੁਆਰਾ ਸ੍ਰੀ ਬਾਬਾ ਬਕਾਲਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਸੇਵਕ ਸਿੰਘ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸੀਨੀਅਰ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਗਤ ਦੇ ਉਧਾਰ ਲਈ ਵਿਲੱਖਣ ਅਤੇ ਨਿਰਾਲੀ ਵਿਚਾਰਧਾਰਾ ਦਿੱਤੀ ਹੈ, ਜਿਸ ਨੂੰ ਅਪਣਾ ਕੇ ਅਸੀਂ

ਆਪਣਾ ਜੀਵਨ ਸੁਖਮਈ ਬਣਾ ਸਕਦੇ ਹਾਂ। ਉਨ੍ਹਾਂ ਸੰਗਤ ਨੂੰ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਆਪੋ ਆਪਣੇ ਘਰਾਂ ਅੰਦਰ ਗੁਰਸਿੱਖੀ ਦਾ ਪ੍ਰਚਾਰ ਕਰਨ ਲਈ ਅਪੀਲ ਕੀਤੀ। ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਭੁਪਿੰਦਰ ਸਿੰਘ, ਪ੍ਰਚਾਰਕ ਭਾਈ ਜਸਪਾਲ ਸਿੰਘ, ਭਾਈ ਜੱਜ ਸਿੰਘ, ਭਾਈ ਗੁਰਭੇਜ ਸਿੰਘ, ਭਾਈ ਬਲਵੰਤ ਸਿੰਘ ਤੇ ਮਨਦੀਪ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਦਰਸ਼ਨ ਤੋਂ ਸੰਗਤ ਨੂੰ ਜਾਣੂ ਕਰਵਾਇਆ। ਸਮਾਗਮ ਦੌਰਾਨ ਰਾਗੀ, ਪ੍ਰਚਾਰਕ ਤੇ ਕਥਾਵਾਚਕਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਬਲਜੀਤ ਸਿੰਘ ਜਲਾਲਉਸਮਾ, ਸ. ਅਮਰਜੀਤ ਸਿੰਘ ਭਲਾਈਪੁਰ, ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਮੈਨੇਜਰ ਸ. ਸਤਿੰਦਰ ਸਿੰਘ ਬਾਜਵਾ, ਮੀਤ ਮੈਨੇਜਰ ਸ. ਮੋਹਣ ਸਿੰਘ ਕੰਗ ਸਮੇਤ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

੨੪ ਮਾਰਚ

# ਸੰਗਤਾਂ ਪਹਿਲੇ ਪਾਤਸ਼ਾਹ ਦੇ ਮੁਲਵਾਨ ਉਪਦੇਸ਼ਾਂ ਨੂੰ ਜੀਵਨ ਦਾ ਹਿੱਸਾ ਬਣਾਉਣ -ਭਾਈ ਲੌਂਗੋਵਾਲ

## 550ਵੇਂ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਪਾਤਸ਼ਾਹੀ ਨੌਵੀਂ ਡਿੱਖ ਵਿਖੇ ਗੁਰਮਤਿ ਸਮਾਗਮ

ਬਠਿੰਡਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਡਿੱਖ (ਬਠਿੰਡਾ) ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਸਮਾਗਮ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਮਨੁੱਖੀ ਜੀਵਨ ਦੀ ਹਰ ਪੱਖ ਤੋਂ ਅਗਵਾਈ ਕਰਦੀ ਹੈ ਅਤੇ ਗੁਰੂ ਸਾਹਿਬ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਸਾਨੂੰ ਗੁਰੂ ਸਾਹਿਬ ਜੀ ਦੇ ਮੁਲਵਾਨ ਉਪਦੇਸ਼ਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ੫੫੦ਵੇਂ ਪ੍ਰਕਾਸ਼ ਪੁਰਬ ਸਬੰਧੀ ਪੰਜਾਬ ਦੇ ਵੱਖ-ਵੱਖ ਹਲਕਿਆਂ ਤੋਂ ਇਲਾਵਾ ਦੇਸ਼ ਦੇ ਹੋਰਨਾਂ ਸੂਬਿਆਂ ਵਿਚ ਵੀ ਗੁਰਮਤਿ ਸਮਾਗਮਾਂ ਦੀ ਲੜੀ ਆਰੰਭ ਕੀਤੀ ਗਈ ਹੈ, ਜੋ ਸਾਰਾ ਸਾਲ ਜਾਰੀ ਰਹੇਗੀ। ਇਸ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਮੁੱਚੇ ਸਿੱਖ ਜਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਇਤਿਹਾਸਕ ਪੁਰਬ ਇਕਜੁਟਤਾ ਨਾਲ ਮਨਾਉਣ ਲਈ ਕਿਹਾ। ਉਨ੍ਹਾਂ ਆਖਿਆ ਕਿ ਇਹ ਖ਼ਾਸ ਮੌਕਾ ਕੌਮੀ ਇਕਜੁਟਤਾ ਅਤੇ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਦੇ ਪ੍ਰਗਟਾਵੇ ਲਈ ਵਰਤਿਆ ਜਾਣਾ ਚਾਹੀਦਾ ਹੈ ਅਤੇ ਇਸ ਸਮੇਂ ਸਾਰੀਆਂ ਧਿਰਾਂ ਇਕ ਪਲੇਟਫਾਰਮ 'ਤੇ ਇਕੱਠੀਆਂ ਹੋਣ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਹਜ਼ੂਰੀ ਰਾਗੀ ਭਾਈ ਰਾਇ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦਿੱਤ ਸਿੰਘ, ਕਥਾਵਾਚਕ ਭਾਈ ਸਰਬਜੀਤ ਸਿੰਘ ਢੋਟੀਆਂ ਤੇ ਭਾਈ ਨਿਰਭੈ ਸਿੰਘ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਜੋੜਿਆ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਦੌਰਾਨ ੩੯ ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ, ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਤੇਜ ਸਿੰਘ ਢੱਡੇ, ਸ. ਮੇਜਰ ਸਿੰਘ ਢਿੱਲੋਂ, ਸ.

ਜਗਸੀਰ ਸਿੰਘ ਮਾਂਗੇਆਣਾ, ਸ. ਜਗਜੀਤ ਸਿੰਘ, ਜਥੇਦਾਰ ਫੁੰਮਣ ਸਿੰਘ, ਬੀਬੀ ਜੋਗਿੰਦਰ ਕੌਰ ਬਠਿੰਡਾ, ਬਾਬਾ ਅੰਗਰੇਜ਼ ਸਿੰਘ ਗੁਰਦੁਆਰਾ ਤਿੱਤਰਸਰ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ, ਸ. ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਬ-ਆਫ਼ਿਸ ਧਰਮ ਪ੍ਰਚਾਰ ਕਮੇਟੀ, ਸ. ਸੁਰਜੀਤ ਸਿੰਘ ਠੀਕਰੀਵਾਲ, ਸ. ਸ਼ਮਸ਼ੇਰ ਸਿੰਘ ਚੱਠਾ, ਸ. ਅਜਾਇਬ ਸਿੰਘ, ਭਾਈ ਮੇਜਰ ਸਿੰਘ, ਭਾਈ ਸੁਖਪਾਲ ਸਿੰਘ ਡਿੱਖ, ਭਾਈ ਮੱਘਰ ਸਿੰਘ ਭੋਰਾ, ਭਾਈ ਸਿਮਰਜੀਤ ਸਿੰਘ ਮੱਤੀ, ਭਾਈ ਜੀਵਨ ਸਿੰਘ ਘਰਾਚੋਂ, ਭਾਈ ਅਮਨਦੀਪ ਸਿੰਘ ਫੱਤਾ ਸਮੇਤ ਭਰਵੀਂ ਗਿਣਤੀ ਵਿਚ ਸੰਗਤ ਹਾਜ਼ਰ ਸੀ। ੨੨ ਮਾਰਚ

## ਸ਼੍ਰੋਮਣੀ ਕਮੇਟੀ ਹਰਿਆਣਾ 'ਚ ਗੁਰਦੁਆਰੇ 'ਤੇ ਹਮਲੇ ਦੇ ਪੀੜਤਾਂ ਦੀ ਕਰੇਗੀ ਸਹਾਇਤਾ-ਭਾਈ ਲੌਂਗੋਵਾਲ

### ਮ੍ਰਿਤਕ ਸਿੱਖ ਨੂੰ 2 ਲੱਖ ਰੁਪਏ ਤੇ ਜ਼ਖ਼ਮੀਆਂ ਲਈ 25-25 ਹਜ਼ਾਰ ਰੁਪਏ ਦਾ ਕੀਤਾ ਐਲਾਨ

ਪਟਿਆਲਾ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਹਰਿਆਣਾ ਦੇ ਕੈਥਲ ਜ਼ਿਲ੍ਹੇ 'ਚ ਪੈਂਦੇ ਪਿੰਡ ਬਦਸੂਈ ਵਿਖੇ ਦੰਗਾਕਾਰੀਆਂ ਵੱਲੋਂ ਗੁਰਦੁਆਰਾ ਸਾਹਿਬ 'ਤੇ ਕੀਤੇ ਹਮਲੇ ਦੌਰਾਨ ਮਾਰੇ ਗਏ ਸਿੱਖ ਸ: ਸ਼ਮਸ਼ੇਰ ਸਿੰਘ ਦੇ ਪੀੜਤ ਪਰਿਵਾਰ ਨੂੰ ੨ ਲੱਖ ਰੁਪਏ ਅਤੇ ਜ਼ਖ਼ਮੀਆਂ ਨੂੰ ੨੫-੨੫ ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ। ਭਾਈ ਲੌਂਗੋਵਾਲ ਇਥੇ ਸਰਕਾਰੀ ਰਾਜਿੰਦਰਾ ਹਸਪਤਾਲ ਵਿਖੇ ਜ਼ੇਰੇ ਇਲਾਜ਼ ਜ਼ਖ਼ਮੀਆਂ ਦਾ ਪਤਾ ਲੈਣ ਲਈ ਪੁੱਜੇ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਹਰਿਆਣਾ ਵਿਖੇ ਵਾਪਰੀ ਘਟਨਾ ਅਤਿਅੰਤ ਨਿੰਦਣਯੋਗ ਹੈ ਅਤੇ ਹਰਿਆਣਾ ਸਰਕਾਰ ਨੂੰ ਇਸ ਘਟਨਾ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਪੀੜਤ ਸਿੱਖਾਂ ਦੇ ਨਾਲ ਹਮਦਰਦੀ ਪ੍ਰਗਟ ਕਰਦੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਮਾਰੇ ਗਏ ਇੱਕ ਸਿੱਖ ਦੇ ਪਰਿਵਾਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ੨ ਲੱਖ ਰੁਪਏ ਦਿੱਤੇ ਜਾਣਗੇ। ਇਸ ਤੋਂ ਇਲਾਵਾ ਜ਼ਖ਼ਮੀਆਂ ਦੇ ਇਲਾਜ਼ ਲਈ ਵੀ ੨੫-੨੫ ਹਜ਼ਾਰ ਰੁਪਏ ਦੀ ਆਰਥਿਕ ਮੱਦਦ ਕੀਤੀ ਜਾਵੇਗੀ। ਉਨ੍ਹਾਂ ਦੋਸ਼ ਲਗਾਇਆ ਕਿ ਦੇਸ਼ ਭਰ ਅੰਦਰ ਘੱਟ-ਗਿਣਤੀਆਂ 'ਤੇ ਲਗਾਤਾਰ ਹਮਲੇ ਹੋ ਰਹੇ ਹਨ, ਜਿਸ ਨੂੰ ਰੋਕਣ ਲਈ ਸਰਕਾਰਾਂ ਨੂੰ ਸਖ਼ਤੀ ਵਰਤਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਘਟਨਾ ਲਈ ਜ਼ੁੰਮੇਵਾਰਾਂ ਨੂੰ ਸਜ਼ਾਵਾਂ ਵਿਚ ਢਿੱਲ ਨਹੀਂ ਵਰਤੀ ਜਾਣੀ ਚਾਹੀਦੀ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਪੀੜਤਾਂ ਨੂੰ ਕਾਨੂੰਨੀ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ ਸਬੰਧੀ ਮੁਕੰਮਲ ਤੱਥ ਜਾਣਨ ਲਈ ਪੜਤਾਲ ਕਰਵਾਈ ਜਾ ਰਹੀ ਹੈ ਤਾਂ ਜੋ ਸਥਾਨਕ ਸਿੱਖਾਂ ਦੀ ਮੱਦਦ ਲਈ ਕਾਰਵਾਈ ਕੀਤੀ ਜਾ ਸਕੇ। ੨੫ ਮਾਰਚ

## ਖਿਜਰਾਬਾਦ 'ਚ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਥਾਂ ਹੋਰ ਗ੍ਰੰਥ ਦੇ ਪ੍ਰਕਾਸ਼ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਨੋਟਿਸ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕੁਰਾਲੀ ਨੇੜਲੇ ਪਿੰਡ ਖਿਜਰਾਬਾਦ ਦੇ ਇਕ ਡੇਰੇ ਵਿਚ ਕਰਵਾਏ ਗਏ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਥਾਂ ਕਿਸੇ ਹੋਰ ਗ੍ਰੰਥ ਦਾ ਪ੍ਰਕਾਸ਼ ਕਰਨ ਅਤੇ ਰਾਗੀ ਸਿੰਘਾਂ ਨੂੰ ਧੋਖੇ ਵਿਚ ਰੱਖ ਕੇ ਗੁਰਬਾਣੀ ਕੀਰਤਨ

ਕਰਵਾਉਣ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਆਖਿਆ ਕਿ ਇਹ ਸਿੱਖ ਸਿਧਾਂਤਾਂ, ਸਿੱਖ ਰਹਿਤ ਮਰਯਾਦਾ, ਸਿੱਖ ਪਰੰਪਰਾਵਾਂ ਤੇ ਰਵਾਇਤਾਂ ਦਾ ਘੋਰ ਉਲੰਘਣ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਜਾਰੀ ਬਿਆਨ ਵਿਚ ਡਾ. ਰੂਪ ਸਿੰਘ ਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਕੌਮ ਦੇ ਪ੍ਰਸਿੱਧ ਰਾਗੀ ਭਾਈ ਮਨਿੰਦਰ ਸਿੰਘ ਵੱਲੋਂ ਇਸ ਸਬੰਧ ਵਿਚ ਸੰਗਤ ਸਾਹਮਣੇ ਆਪਣਾ ਪੱਖ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਭਾਈ ਮਨਿੰਦਰ ਸਿੰਘ ਅਨੁਸਾਰ ਉਨ੍ਹਾਂ ਨੂੰ ਧੋਖੇ ਨਾਲ ਸਮਾਗਮ ਵਿਚ ਸੱਦ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਥਾਂ ਕਿਸੇ ਹੋਰ ਗ੍ਰੰਥ ਦਾ ਪ੍ਰਕਾਸ਼ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਨੇ ਆਖਿਆ ਕਿ ਇਹ ਇਕੱਲੇ ਰਾਗੀ ਜਥੇ ਨਾਲ ਧੋਖਾ ਹੀ ਨਹੀਂ ਹੈ ਸਗੋਂ ਸਾਰੀ ਕੌਮ ਨਾਲ ਵਿਸ਼ਵਾਸਘਾਤ ਹੈ। ਉਨ੍ਹਾਂ ਇਸ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਆਖਿਆ ਕਿ ਸਿੱਖੀ ਨੂੰ ਢਾਹ ਲਾਉਣ ਵਾਲੀਆਂ ਅਜਿਹੀਆਂ ਚਾਲਾਂ ਤੋਂ ਕੌਮ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਧਾਰਮਿਕ ਗ੍ਰੰਥ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਹਨ ਅਤੇ ਇਸ ਪਾਵਨ ਗ੍ਰੰਥ ਦੇ ਤੁੱਲ ਹੋਰ ਕਿਸੇ ਦੁਨਿਆਵੀ ਗ੍ਰੰਥ ਦਾ ਪ੍ਰਕਾਸ਼ ਨਹੀਂ ਕੀਤਾ ਜਾ ਸਕਦਾ। ਡਾ. ਰੂਪ ਸਿੰਘ ਅਨੁਸਾਰ ਉਕਤ ਮਾਮਲੇ ਦੇ ਸਬੰਧ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਪੜਤਾਲੀਆ ਕਮੇਟੀ ਬਣਾਈ ਗਈ ਹੈ। ਉਨ੍ਹਾਂ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਸਿੱਖ ਸਿਧਾਂਤਾਂ ਦੀ ਉਲੰਘਣਾ ਕਰਨ ਵਾਲੇ ਅਜਿਹੇ ਲੋਕਾਂ ਤੋਂ ਸੁਚੇਤ ਰਹਿਣ ਅਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਗੁਰੂ ਮੰਨਣ।

੨੮ ਮਾਰਚ

## 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਨੇ ਸਮਾਗਮਾਂ ਦੀ ਰੂਪ ਰੇਖਾ ਉਲੀਕੀ

### ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਕਮੇਟੀ 101 ਸ਼ਖ਼ਸੀਅਤਾਂ ਨੂੰ ਕਰੇਗੀ ਸਨਮਾਨਿਤ -ਭਾਈ ਲੌਂਗੋਵਾਲ

ਸੁਲਤਾਨਪੁਰ ਲੋਧੀ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਮੌਕੇ ਸੁਲਤਾਨਪੁਰ ਲੋਧੀ ਵਿਖੇ ਸਾਰੀਆਂ ਧਿਰਾਂ ਨਾਲ ਸਾਂਝੇ ਤੌਰ 'ਤੇ ਇਕ ਹੀ ਧਾਰਮਿਕ ਸਟੇਜ ਲਗਾਈ ਜਾਵੇਗੀ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਦਿੱਤੇ ਗਏ ਆਦੇਸ਼ ਅਨੁਸਾਰ ਪੰਜਾਬ ਦੇ ਮੁੱਖ ਮੰਤਰੀ, ਭਾਰਤ ਸਰਕਾਰ ਅਤੇ ਸਾਰੀਆਂ ਸਿੱਖ ਜਥੇਬੰਦੀਆਂ ਨਾਲ ਰਾਬਤਾ ਕਾਇਮ ਕਰੇਗੀ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸ਼ਤਾਬਦੀ ਸਮਾਗਮਾਂ ਸਬੰਧੀ ਬਣਾਈਆਂ ਗਈਆਂ ਵੱਖ-ਵੱਖ ਕਮੇਟੀਆਂ ਨਾਲ ਮੀਟਿੰਗਾਂ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਭਾਈ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ਵਾਂ ਪ੍ਰਕਾਸ਼ ਪੁਰਬ ਯਾਦਗਾਰੀ ਢੰਗ ਨਾਲ ਮਨਾਉਣ ਲਈ ਵੱਖ-ਵੱਖ ਪ੍ਰੋਗਰਾਮਾਂ ਦੀ ਰੂਪ-ਰੇਖਾ ਤਿਆਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਸਾਰੀਆਂ ਧਿਰਾਂ ਅਤੇ ਸੰਗਤ ਦੇ ਸਹਿਯੋਗ ਨਾਲ ਸਮਾਗਮ ਕਰਵਾਏਗੀ। ਉਲੀਕੇ ਗਏ ਸਮਾਗਮਾਂ ਸਬੰਧੀ ਭਾਈ ਲੌਂਗੋਵਾਲ ਨੇ ਦੱਸਿਆ ਕਿ ਜਿਥੇ ੮ ਨਵੰਬਰ ਤੋਂ ੧੩ ਨਵੰਬਰ ਤੱਕ ਸੁਲਤਾਨਪੁਰ ਲੋਧੀ ਵਿਖੇ ਮੁੱਖ ਸਮਾਗਮ ਹੋਣਗੇ, ਉਥੇ ਹੀ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਲਈ ਕਈ ਹੋਰ ਸਮਾਗਮ ਆਯੋਜਿਤ ਕੀਤੇ ਜਾਣਗੇ। ਇਨ੍ਹਾਂ ਸਮਾਗਮਾਂ ਵਿਚ ਅੰਤਰ ਧਰਮ ਸੰਵਾਦ ਸੰਮੇਲਨ, ਸਿੱਖ ਇਸਤਰੀ ਸੰਮੇਲਨ, ਵਿਸ਼ਵ ਸਿੱਖ ਸੰਮੇਲਨ, ਸ਼ਬਦ ਵਿਚਾਰ ਤੇ ਰਾਗ ਦਰਬਾਰ, ਇਨਾਮੀ ਕਵੀ ਦਰਬਾਰ,

ਸਕੂਲਾਂ ਕਾਲਜਾਂ ਅੰਦਰ ਢਾਡੀ ਤੇ ਕਵੀਸ਼ਰੀ ਮੁਕਾਬਲੇ ਵਿਸ਼ੇਸ਼ ਹੋਣਗੇ। ਇਸ ਤੋਂ ਇਲਾਵਾ ੧੦੧ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਨ੍ਹਾਂ ਸ਼ਖ਼ਸੀਅਤਾਂ ਦੀ ਚੋਣ ਸਮੇਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮੂਲ ਸਿਧਾਂਤ ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਨੂੰ ਸਨਮੁੱਖ ਰੱਖਿਆ ਜਾਵੇਗਾ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਇਹ ੫੫੦ਵਾਂ ਪ੍ਰਕਾਸ਼ ਪੁਰਬ ਕੌਮਾਂਤਰੀ ਪੱਧਰ 'ਤੇ ਮਨਾਉਣ ਲਈ ਵਿਸ਼ੇਸ਼ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਸਮਾਗਮਾਂ ਸਬੰਧੀ ਸਬ-ਕਮੇਟੀਆਂ ਗਠਿਤ ਕੀਤੀਆਂ ਗਈਆਂ ਹਨ। ਇਨ੍ਹਾਂ ਕਮੇਟੀਆਂ ਨੂੰ ਜਲਦ ਹੀ ਉਕਤ ਸਾਰੇ ਸਮਾਗਮਾਂ ਸਬੰਧੀ ਮੁਕੰਮਲ ਵਿਉਂਤਬੰਦੀ ਕਰਨ ਲਈ ਕਿਹਾ ਗਿਆ ਹੈ, ਤਾਂ ਜੋ ਸਾਰੇ ਸਮਾਗਮ ਸਫ਼ਲਤਾ ਸਹਿਤ ਕਰਵਾਏ ਜਾ ਸਕਣ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਸ਼ਤਾਬਦੀ ਸਮੇਂ ਪੁੱਜਣ ਵਾਲੀ ਸੰਗਤ ਦੀ ਰਿਹਾਇਸ਼ ਅਤੇ ਲੰਗਰ ਆਦਿ ਸਬੰਧੀ ਪ੍ਰਬੰਧਾਂ ਨੂੰ ਅੰਤਮ ਰੂਪ ਦੇਣ ਲਈ ਵੀ ਸਬ-ਕਮੇਟੀ ਬਣਾਈ ਗਈ ਹੈ। ਸ਼੍ਰੋਮਣੀ ਕਮੇਟੀ ਇਨ੍ਹਾਂ ਪ੍ਰਬੰਧਾਂ ਲਈ ਜ਼ਮੀਨ ਠੇਕੇ 'ਤੇ ਲਵੇਗੀ ਅਤੇ ਇਸ ਲਈ ਗੱਲਬਾਤ ਆਖ਼ਰੀ ਪੜਾਅ 'ਤੇ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸੇ ਦੌਰਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਚੱਲ ਰਹੇ ਵੱਖ-ਵੱਖ ਕਾਰਜਾਂ ਅਤੇ ਗੁਰਦੁਆਰਾ ਸੰਤਘਾਟ ਨਜ਼ਦੀਕ ਤਿਆਰ ਕੀਤੇ ਜਾ ਰਹੇ ਮੂਲ ਮੰਤਰ ਅਸਥਾਨ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸਾਬਕਾ ਮੰਤਰੀ ਬੀਬੀ ਉਪਿੰਦਰਜੀਤ ਕੌਰ, ਅੰਤ੍ਰਿੰਗ ਮੈਂਬਰ ਸ. ਸ਼ਿੰਗਾਰਾ ਸਿੰਘ ਲੋਹੀਆ, ਭਾਈ ਮਨਜੀਤ ਸਿੰਘ, ਬੀਬੀ ਜਸਬੀਰ ਕੌਰ ਜੱਫਰਵਾਲ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਪਰਮਜੀਤ ਸਿੰਘ ਖ਼ਾਲਸਾ ਬਰਨਾਲਾ, ਸ. ਸਰਵਨ ਸਿੰਘ ਕੁਲਾਰ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਕੁਲਵੰਤ ਸਿੰਘ ਮੰਨਣ, ਸ. ਭਗਵੰਤ ਸਿੰਘ ਸਿਆਲਕਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਰਾਮਪਾਲ ਸਿੰਘ ਬਹਿਣੀਵਾਲ, ਭਾਈ ਅਜਾਇਬ ਸਿੰਘ ਅਭਿਆਸੀ, ਸ. ਰਣਜੀਤ ਸਿੰਘ ਕਾਹਲੋਂ , ਸ. ਸੁਖਵਰਸ਼ ਸਿੰਘ ਪੰਨੂ, ਸ. ਗੁਰਮੀਤ ਸਿੰਘ ਬੂਹ, ਸ. ਪਰਮਜੀਤ ਸਿੰਘ ਰਾਏਪੁਰ, ਸ. ਮਨਜੀਤ ਸਿੰਘ ਬੱਪੀਆਣਾ, ਸ. ਰਤਨ ਸਿੰਘ ਜੱਫਰਵਾਲ, ਬੀਬੀ ਦਵਿੰਦਰ ਕੌਰ ਕਾਲੜਾ, ਸ. ਅਮਰਜੀਤ ਸਿੰਘ ਭਲਾਈਪੁਰ, ਮਾਸਟਰ ਰਾਜਬੀਰ ਸਿੰਘ, ਸ. ਹਰਵਿੰਦਰ ਸਿੰਘ ਖ਼ਾਲਸਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਭੁਪਿੰਦਰ ਸਿੰਘ, ਬਾਬਾ ਸੁਬੇਗ ਸਿੰਘ ਆਦਿ ਮੌਜੂਦ ਸਨ।

੨੮ ਮਾਰਚ

## ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਦੀ ਡਿਓੜੀ ਢਾਹੇ ਜਾਣ ਦਾ ਮਾਮਲਾ

## ਸ਼੍ਰੋਮਣੀ ਕਮੇਟੀ ਵੱਲੋਂ ਪ੍ਰਬੰਧਕ ਕਮੇਟੀ ਦੇ ਮਤੇ ਅਨੁਸਾਰ ਮਾਮਲਾ ਕੀਤਾ ਗਿਆ ਸੀ ਪੈਂਡਿੰਗ

ਅੰਮ੍ਰਿਤਸਰ - ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਦੀ ਦਰਸ਼ਨੀ ਡਿਓੜੀ ਢਾਹੇ ਜਾਣ ਦੇ ਮਾਮਲੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੋਸ਼ੀਆਂ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰਦਿਆਂ ਇਸ ਨੂੰ ਗੁਰਦੁਆਰਾ ਸਾਹਿਬ ਦੇ ਮੈਨੇਜਰ ਤੇ ਕਾਰਸੇਵਾ ਵਾਲਿਆਂ

ਬਾਬਿਆਂ ਦੀ ਆਪਹੁਦਰੀ ਕਾਰਵਾਈ ਕਰਾਰ ਦਿੱਤਾ ਹੈ। ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸਪੱਸ਼ਟ ਕੀਤਾ ਹੈ ਕਿ ਇਸ ਪੁਰਾਤਨ ਦਰਸ਼ਨੀ ਡਿਓੜੀ ਸਬੰਧੀ ਫਿਲਹਾਲ ਕੋਈ ਅੰਤਮ ਫੈਸਲਾ ਨਹੀਂ ਲਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਬੀਤੇ ਸਮੇਂ ਦੌਰਾਨ ਇਸ ਦਰਸ਼ਨੀ ਡਿਓੜੀ ਦੀ ਕਾਰਸੇਵਾ ਸਬੰਧੀ ਸੰਗਤਾਂ ਵੱਲੋਂ ਇਤਰਾਜ਼ ਆਉਣ ਮਗਰੋਂ ਸ਼੍ਰੋਮਣੀ ਕਮੇਟੀ ਨੇ ਇਸ 'ਤੇ ਰੋਕ ਲਗਾ ਦਿੱਤੀ ਸੀ। ਇਸ ਸਬੰਧ ਵਿਚ ੧੮ ਅਕਤੂਬਰ ੨੦੧੮ ਨੂੰ ਹੋਈ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਵਿਚ ਮਤਾ ਨੰ: ੭੬੫ ਰਾਹੀਂ ਇਸ ਮਾਮਲੇ ਨੂੰ ਪੈਂਡਿੰਗ ਕਰ ਦਿੱਤਾ ਸੀ। ਉਨ੍ਹਾਂ ਹੈਰਾਨੀ ਪ੍ਰਗਟ ਕੀਤੀ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੋਈ ਵੀ ਫੈਸਲਾ ਨਾ ਲਏ ਜਾਣ ਤੋਂ ਬਗ਼ੈਰ ਹੀ ਮੈਨੇਜਰ ਅਤੇ ਕਾਰਸੇਵਾ ਵਾਲੇ ਬਾਬਿਆਂ ਵੱਲੋਂ ਬੀਤੀ ਰਾਤ ਡਿਓੜੀ ਢਾਹ ਦਿੱਤੀ ਗਈ। ਡਾ. ਰੂਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਖ਼ਤ ਕਾਰਵਾਈ ਕਰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਪ੍ਰਤਾਪ ਸਿੰਘ ਨੂੰ ਦਫ਼ਤਰ ਦੇ ਆਰਡਰ ਨੰ: ੫੪੦੭, ਮਿਤੀ ੩੧-੩-੨੦੧੯ ਰਾਹੀਂ ਮੁਅੱਤਲ ਕਰਕੇ ਜੀਂਦ ਭੇਜ ਦਿੱਤਾ ਹੈ। ਇਸ ਤੋਂ ਇਲਾਵਾ ਕਾਰਸੇਵਾ ਵਾਲੇ ਬਾਬਾ ਜਗਤਾਰ ਸਿੰਘ ਪਾਸੋਂ ਵੀ ਗੁਰਦੁਆਰਾ ਸਾਹਿਬ ਦੀਆਂ ਕਾਰ ਸੇਵਾਵਾਂ ਵਾਪਸ ਲੈ ਲਈਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਡਿਓੜੀ ਢਾਹੁਣ ਦੀ ਕਾਰਵਾਈ ਕਿਸੇ ਗਹਿਰੀ ਸਾਜ਼ਸ਼ ਨਾਲ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਨੂੰ ਬਦਨਾਮ ਕਰਨ ਲਈ ਕੀਤੀ ਗਈ ਹੈ, ਜੋ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਿਚ ਸਿੱਧਾ ਦਖ਼ਲ ਹੈ। ਉਨ੍ਹਾਂ ਕਿਹਾ ਕਿ ਇਸ ਬਾਰੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਅਧਿਕਾਰੀਆਂ ਦੇ ਨੋਟਿਸ ਵਿਚ ਲਿਆਉਣ ਦੀ ਵੀ ਮੈਨੇਜਰ ਨੇ ਕੋਸ਼ਿਸ਼ ਨਹੀਂ ਕੀਤੀ, ਜਿਸ ਲਈ ਪੜਤਾਲ ਕਰਵਾਈ ਜਾ ਰਹੀ ਹੈ। ਡਾ. ਰੂਪ ਸਿੰਘ ਨੇ ਕਿਹਾ ਕਿ ਮਾਮਲਾ ਅਤਿ ਗੰਭੀਰ ਅਤੇ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਣ ਕਰਕੇ ਜੋ ਵੀ ਦੋਸ਼ੀ ਪਾਇਆ ਗਿਆ, ਉਸ ਵਿਰੁੱਧ ਸਖ਼ਤ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਸ ਕਾਰਵਾਈ 'ਤੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਜਾਂਚ ਰਿਪੋਰਟ ਆਉਣ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਧਿਆਨ ਵਿਚ ਲਿਆ ਕੇ ਸੰਗਤ ਨੂੰ ਜਾਣੂ ਕਰਵਾਇਆ ਜਾਵੇਗਾ।

੩੧ ਮਾਰਚ

# ਸ਼੍ਰੋਮਣੀ ਕਮੇਟੀ ਅਸਾਮ ਦੇ ਸਿੱਖ ਬੱਚਿਆਂ ਨੂੰ ਪੰਜਾਬੀ ਨਾਲ ਜੋੜਨ ਲਈ ਖੋਲ੍ਹੇਗੀ ਸਕੂਲ -ਭਾਈ ਲੌਂਗੋਵਾਲ

## 550ਵੇਂ ਪ੍ਰਕਾਸ਼ ਪੁਰਬ ਸਬੰਧੀ ਗੁਹਾਟੀ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਆਯੋਜਿਤ

ਅੰਮ੍ਰਿਤਸਰ/ਗੁਹਾਟੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਸਾਮ ਅੰਦਰ ਸਿੱਖ ਭਾਈਚਾਰੇ ਦੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਨਾਲ ਜੋੜਨ ਲਈ ਸਕੂਲ ਸਥਾਪਤ ਕਰੇਗੀ। ਇਸ ਕਾਰਜ ਲਈ ਜਗ੍ਹਾ ਦਾ ਪ੍ਰਬੰਧ ਸਿੱਖ ਪ੍ਰਤੀਨਿਧੀ ਬੋਰਡ ਈਸਟਰਨ ਜੋਨ ਧੋਬੜੀ ਸਾਹਿਬ ਅਸਾਮ ਵੱਲੋਂ ਕੀਤਾ ਜਾਵੇਗਾ, ਜਦ ਕਿ ਸਕੂਲ ਤਿਆਰ ਕਰਨ ਅਤੇ ਚਲਾਉਣ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਜਾਵੇਗਾ। ਇਹ ਐਲਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਿੱਖ ਪ੍ਰਤੀਨਿਧੀ ਬੋਰਡ ਈਸਟਰਨ ਜੋਨ ਧੋਬੜੀ ਸਾਹਿਬ ਅਸਾਮ ਅਤੇ ਸਥਾਨਕ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗੋਪੀਨਾਥ ਨਗਰ ਗੁਹਾਟੀ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅਸਾਮ ਦੇ ਪਿੰਡਾਂ ਅੰਦਰ ਵੱਸਦੇ ਸਿੱਖਾਂ ਦੇ

ਬੱਚਿਆਂ ਨੂੰ ਮਾਂ ਬੋਲੀ ਪੰਜਾਬੀ ਤੇ ਗੁਰਮੁਖੀ ਨਾਲ ਜੋੜਨ ਦੇ ਨਾਲ-ਨਾਲ ਸਿੱਖ ਸੱਭਿਆਚਾਰ ਤੇ ਕਦਰਾਂ-ਕੀਮਤਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਅੱਜ ਦੀ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੇ ਫਲਸਫ਼ੇ ਅਤੇ ਉਪਦੇਸ਼ਾਂ ਨਾਲ ਜੋੜਨਾ ਸਿੱਖ ਸੰਸਥਾਵਾਂ ਅਤੇ ਸੰਗਤਾਂ ਦੀ ਸਾਂਝੀ ਜ਼ੁੰਮੇਵਾਰੀ ਹੈ। ਭਾਈ ਲੌਂਗੋਵਾਲ ਨੇ ਅਸਾਮ ਦੀਆਂ ਸੰਗਤਾਂ ਨੂੰ ੫੫੦ਵੇਂ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਸਮਾਗਮਾਂ 'ਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਦੇ ਪਦਾਰਥਵਾਦੀ ਯੁੱਗ ਵਿਚ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਹੀ ਸਮਾਜ ਨੂੰ ਦਰਪੇਸ਼ ਸਮੱਸਿਆਵਾਂ ਵਿੱਚੋਂ ਕੱਢ ਸਕਦੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਅਸਾਮ ਅੰਦਰ ਸਿੱਖਾਂ ਦੇ ਬੱਚਿਆਂ ਨੂੰ ਪੰਜਾਬੀ ਤੇ ਗੁਰਮੁਖੀ ਦੀ ਸਿੱਖਿਆ ਦੇਣ ਲਈ ਸਕੂਲ ਖੋਲ੍ਹਣ ਦੇ ਐਲਾਨ ਦਾ ਸਵਾਗਤ ਕੀਤਾ।

ਸਮਾਗਮ ਦੌਰਾਨ ਉਚੇਚੇ ਤੌਰ 'ਤੇ ਪੁੱਜੇ ਅਸਾਮ ਦੇ ਗਵਰਨਰ ਪ੍ਰੋਫੈਸਰ ਜਗਦੀਸ਼ ਮੁਖੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਨੂੰ ਮਨੁੱਖੀ ਭਾਈਚਾਰੇ ਅਤੇ ਆਪਸੀ ਪ੍ਰੇਮ ਪਿਆਰ ਦਾ ਮੁੱਖ ਸੂਤਰ ਦੱਸਿਆ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਨੇ ਜਾਤੀਵਾਦ ਦੀਆਂ ਵਲਗਣਾ ਖ਼ਤਮ ਕਰਨ ਲਈ ਅਵਾਜ਼ ਬੁਲੰਦ ਕੀਤੀ ਅਤੇ ਗਰੀਬਾਂ, ਮਜ਼ਲੂਮਾਂ ਤੇ ਲੋੜਵੰਦਾਂ ਦੀ ਤਰਫ਼ਦਾਰੀ ਕੀਤੀ। ਉਨ੍ਹਾਂ ਵਿਸ਼ਵ ਭਾਈਚਾਰੇ ਦੇ ਮੋਢੀ ਗੁਰੂ ਸਾਹਿਬ ਦੇ ੫੫੦ਵੇਂ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਅਸਾਮ ਦੀਆਂ ਸੰਗਤਾਂ ਵੱਲੋਂ ਸਮਾਗਮ ਲਈ ਸਹਿਯੋਗੀ ਭੂਮਿਕਾ ਦੀ ਪ੍ਰਸ਼ੰਸਾ ਕੀਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਸਮਾਗਮਾਂ ਦੀ ਲੜੀ ਨਿਰੰਤਰ ਜਾਰੀ ਰੱਖਣ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਫੈਡਰੇਸ਼ਨ ਆਗੂ ਭਾਈ ਪਰਮਜੀਤ ਸਿੰਘ ਖ਼ਾਲਸਾ, ਸ. ਤਰਲੋਚਨ ਸਿੰਘ ਵਜ਼ੀਰ ਤੇ ਮਹੰਤ ਮਨਜੀਤ ਸਿੰਘ ਜੰਮੂ ਨੇ ਵੀ ਸੰਬੋਧਨ ਕੀਤਾ। ਸਿੱਖ ਪ੍ਰਤੀਨਿਧੀ ਬੋਰਡ ਵੱਲੋਂ ਸ. ਸਤਨਾਮ ਸਿੰਘ ਖ਼ਾਲਸਾ ਨੇ ਪ੍ਰਮੁੱਖ ਸ਼ਖ਼ਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ, ਜਦ ਕਿ ਭਾਈ ਜਗਤਾਰ ਸਿੰਘ ਜੰਮੂ ਨੇ ਸਟੇਜ ਦੀ ਸੇਵਾ ਨਿਭਾਈ। ਇਸ ਮੌਕੇ ਗਵਰਨਰ ਪ੍ਰੋਫੈਸਰ ਜਗਦੀਸ਼ ਮੁਖੀ ਨੂੰ ਭਾਈ ਲੌਂਗੋਵਾਲ, ਡਾ. ਰੂਪ ਸਿੰਘ ਤੇ ਹੋਰਨਾਂ ਨੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਭਾਈ ਲੌਂਗੋਵਾਲ ਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਅਸਾਮ ਦੇ ਸਿੱਖ ਆਗੂਆਂ ਨੇ ਸਨਮਾਨਿਤ ਕੀਤਾ। ਇਸ ਤੋਂ ਪਹਿਲਾਂ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਪ੍ਰਚਾਰਕਾਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਨਾਲ ਜੋੜਿਆ। ਇਸ ਮੌਕੇ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਦਰਸ਼ਨ ਸਿੰਘ ਪੀ.ਏ., ਸ. ਜਸਵਿੰਦਰ ਸਿੰਘ ਦੀਪ, ਸ. ਵਰਿੰਦਰ ਸਿੰਘ ਠਰੂ, ਭਾਈ ਅਜੀਤ ਸਿੰਘ ਖ਼ਾਲਸਾ, ਸ. ਫ਼ਤਹਿ ਸਿੰਘ, ਭਾਈ ਮੇਜਰ ਸਿੰਘ ਆਦਿ ਮੌਜੂਦ ਸਨ।

*੨ ਅਪ੍ਰੈਲ*

# ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਅਸਾਮ 'ਚ ਵੱਸੇ ਸਿੱਖਾਂ ਦੀ ਸਾਰ ਲਵੇਗੀ ਸ਼੍ਰੋਮਣੀ ਕਮੇਟੀ -ਡਾ. ਰੂਪ ਸਿੰਘ

## ਭਾਈ ਲੌਂਗੋਵਾਲ ਦੇ ਨਿਰਦੇਸ਼ਾਂ 'ਤੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਅਸਾਮ ਦੇ ਸਥਾਨਕ ਸਿੱਖਾਂ ਤੱਕ ਕੀਤੀ ਪਹੁੰਚ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਤੇ ਅਧਿਕਾਰੀਆਂ ਨੇ ਅਸਾਮ 'ਚ ੧੮੨੦ ਤੋਂ ਵੱਸੇ ਸਥਾਨਕ ਸਿੱਖਾਂ ਦੇ

ਪਿੰਡਾਂ ਦਾ ਦੌਰਾ ਕੀਤਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਜਾਣੀਆਂ।

ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਸਾਮ ਦੀ ਰਾਜਧਾਨੀ ਗੁਹਾਟੀ ਵਿਖੇ ਸਿੱਖ ਪ੍ਰਤੀਨਿਧੀ ਬੋਰਡ ਈਸਟਰਨ ਜੋਨ ਧੋਬੜੀ ਸਾਹਿਬ ਤੇ ਹੋਰ ਗੁਰਦੁਆਰਾ ਕਮੇਟੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ 'ਚ ਹਿੱਸਾ ਲੈਣ ਲਈ ਸ਼੍ਰੋਮਣੀ ਕਮੇਟੀ ਦਾ ਵਫ਼ਦ ਅਸਾਮ ਪੁੱਜਾ ਸੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ 'ਤੇ ਸਥਾਨਕ ਸਿੱਖਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਸਿੱਖ ਸੰਸਥਾਵਾਂ ਨਾਲ ਸਾਂਝ ਬਣਾਈ ਰੱਖਣ ਲਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਤੇ ਅਧਿਕਾਰੀਆਂ ਨੇ ਪਿੰਡ ਬਰਕੋਲਾ ਸਿੰਘ ਗਾਉਂ ਤੇ ਛਾਪਰਮੁਖ ਦਾ ਦੌਰਾ ਕੀਤਾ। ਡਾ. ਰੂਪ ਸਿੰਘ ਨੇ ਅਸਾਮ 'ਚ ਵੱਸਦੇ ਸਿੱਖਾਂ ਦੇ ਇਨ੍ਹਾਂ ਇਤਿਹਾਸਕ ਪਿੰਡਾਂ ਦਾ ਦੌਰਾ ਕਰਨ ਮਗਰੋਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸੂਬੇ ਅੰਦਰ ਧਰਾਤਲ ਪੱਧਰ 'ਤੇ ਵੱਸੇ ਸਿੱਖਾਂ ਤਕ ਆਪਣੀ ਪਹੁੰਚ ਬਣਾ ਰਹੀ ਹੈ ਅਤੇ ਇਸੇ ਤਹਿਤ ਹੀ ਅਸਾਮ ਦੇ ਸਥਾਨਕ ਸਿੱਖਾਂ ਤੱਕ ਵੀ ਪਹੁੰਚ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਅਸਾਮ 'ਚ ਛਾਪਰਮੁਖ ਇਕ ਅਜਿਹਾ ਪਿੰਡ ਹੈ ਜਿਥੇ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਸਿੱਖ ਵੱਸੇ ਹੋਏ ਹਨ।

ਉਨ੍ਹਾਂ ਜਾਣਕਾਰੀ ਦਿੱਤੀ ਕਿ ਇਹ ਨਗਰ ਗੁਹਾਟੀ ਤੋਂ ੧੨੦ ਕਿਲੋਮੀਟਰ ਦੂਰ ਸਥਿਤ ਹੈ ਅਤੇ ਇਥੇ ੧੮੨੦ ਈ: ਵਿਚ ਉਸ ਵੇਲੇ ਦੇ ਰਾਜੇ ਚੰਦਰਕਾਂਤਾ ਸਿੰਘਾ ਦੀ ਮੱਦਦ ਲਈ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਨੇ ਪੰਜ ਸੌ ਕਰੀਬ ਸਿੱਖ ਸੈਨਿਕ ਭੇਜੇ ਸਨ। ਇਨ੍ਹਾਂ ਵਿੱਚੋਂ ਬਹੁਤੇ ਲੜਾਈ ਦੌਰਾਨ ਸ਼ਹੀਦ ਹੋ ਗਏ ਅਤੇ ਜੋ ਬਚੇ ਤੇ ਜ਼ਖ਼ਮੀ ਹੋਏ ਸਨ ਉਹ ਪੱਕੇ ਤੌਰ 'ਤੇ ਇਥੋਂ ਦੇ ਵਸਨੀਕ ਬਣ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਿੱਖਾਂ ਨੇ ਅਜੇ ਤੱਕ ਸਿੱਖ ਵਿਰਾਸਤ ਤੇ ਸਰੂਪ ਨੂੰ ਮਜ਼ਬੂਤੀ ਨਾਲ ਸੰਭਾਲਿਆ ਹੋਇਆ ਹੈ ਅਤੇ ਖ਼ਾਸ ਗੱਲ ਇਹ ਹੈ ਕਿ ਇਹ ਅੱਜ ਵੀ ਅਨੰਦ ਕਾਰਜ ਤੋਂ ਪਹਿਲਾਂ ਲੜਕੇ-ਲੜਕੀ ਨੂੰ ਗੁਰੂ ਦੀਆਂ ਖ਼ੁਸ਼ੀਆਂ ਹਾਸਲ ਕਰਨ ਲਈ ਪੰਥਕ ਪਰਿਵਾਰ ਦਾ ਮੈਂਬਰ ਬਣਾਉਂਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸਥਾਨਕ ਸਿੱਖਾਂ ਦਾ ਖਾਣ-ਪੀਣ, ਪਹਿਰਾਵਾਂ ਅਤੇ ਬੋਲੀ ਅਸਾਮੀ ਹੈ ਪਰ ਇਹ ਸਿੱਖ ਰਵਾਇਤਾਂ ਦੀ ਬਾਖ਼ੂਬੀ ਪਾਲਣਾ ਕਰਦੇ ਹਨ।

ਇਸੇ ਦੌਰਾਨ ਸਥਾਨਕ ਸਿੱਖਾਂ ਨੇ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਅੱਗੇ ਆਪਣੀਆਂ ਕੁਝ ਸਥਾਨਕ ਲੋੜਾਂ ਦਾ ਜ਼ਿਕਰ ਕੀਤਾ, ਜਿਸ ਦੀ ਪੂਰਤੀ ਲਈ ਡਾ. ਰੂਪ ਸਿੰਘ ਨੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਵਾਨਗੀ 'ਤੇ ਵਿਸ਼ਵਾਸ ਦਿਵਾਇਆ। ਡਾ. ਰੂਪ ਸਿੰਘ ਨੇ ਕਿਹਾ ਕਿ ਜਲਦ ਹੀ ਸ਼੍ਰੋਮਣੀ ਕਮੇਟੀ ਵੱਲੋਂ ਇਥੇ ਪੰਜਾਬੀ ਅਧਿਆਪਕ ਭੇਜਣ ਲਈ ਪ੍ਰਬੰਧ ਕੀਤਾ ਜਾਵੇਗਾ ਅਤੇ ਇਸ ਦੇ ਨਾਲ ਹੀ ਇਨ੍ਹਾਂ ਸਿੱਖਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ ਵੀ ਪ੍ਰਬੰਧ ਕੀਤੇ ਜਾਣਗੇ, ਤਾਂ ਕਿ ਇਹ ਬਹੁਮੁੱਲੇ ਸਿੱਖ ਇਤਿਹਾਸ, ਵਿਰਾਸਤ ਅਤੇ ਵਿਰਸੇ ਨਾਲ ਜੁੜੇ ਰਹਿਣ। ਇਸ ਮੌਕੇ ਸਥਾਨਕ ਵਾਸੀਆਂ ਤੋਂ ਇਲਾਵਾ ਅਸਾਮ ਦੇ ਨੌਜੁਆਨ ਸਿੱਖ ਆਗੂ ਭਾਈ ਅਜੀਤ ਸਿੰਘ, ਭਾਈ ਸਿਮਰਨ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਖੁਸ਼ਵਿੰਦਰ ਸਿੰਘ ਭਾਟੀਆ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਮੇਜਰ ਸਿੰਘ, ਭਾਈ ਜਗਤਾਰ ਸਿੰਘ ਜੰਮੂ, ਭਾਈ ਹਰਪਿੰਦਰ ਸਿੰਘ ਪ੍ਰਚਾਰਕ ਆਦਿ ਹਾਜ਼ਰ ਸਨ। *੮ ਅਪ੍ਰੈਲ*

## ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਕੇਵਲ ਸਿੰਘ ਗਿੱਲ ਨੂੰ ਸੇਵਾ ਮੁਕਤ ਹੋਣ 'ਤੇ ਵਿਦਾਇਗੀ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਸਕੱਤਰ ਵਜੋਂ ਸੇਵਾ ਨਿਭਾਅ ਰਹੇ ਸ. ਕੇਵਲ ਸਿੰਘ ਗਿੱਲ ਨੂੰ ਸੇਵਾ ਮੁਕਤ ਹੋਣ 'ਤੇ ਨਿੱਘੀ ਵਿਦਾਇਗੀ ਦਿੱਤੀ ਗਈ। ਸ਼੍ਰੋਮਣੀ ਕਮੇਟੀ ਮੁੱਖ ਦਫ਼ਤਰ ਦੇ ਇਕੱਤਰਤਾ ਹਾਲ ਵਿਖੇ ਇਸ ਸਬੰਧ ਵਿਚ ਕੀਤੇ ਗਏ ਇਕ ਸਾਦਾ ਸਮਾਗਮ ਦੌਰਾਨ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਦਵਿੰਦਰ ਸਿੰਘ ਖੱਟੜਾ, ਸ. ਸਤਵਿੰਦਰ ਸਿੰਘ ਟੌਹੜਾ, ਸਾਬਕਾ ਮੈਂਬਰ ਸ. ਸੁਖਵਿੰਦਰ ਸਿੰਘ ਝਬਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਸਮੇਤ ਹੋਰਨਾਂ ਅਧਿਕਾਰੀਆਂ ਨੇ ਸ. ਕੇਵਲ ਸਿੰਘ ਗਿੱਲ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ, ਲੋਈ, ਸ੍ਰੀ ਸਾਹਿਬ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ ਨੇ ਸ. ਕੇਵਲ ਸਿੰਘ ਗਿੱਲ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਇਕ ਸਮਰੱਥ ਪ੍ਰਬੰਧਕ ਦੱਸਿਆ। ਉਨ੍ਹਾਂ ਕਿਹਾ ਕਿ ਸ. ਕੇਵਲ ਸਿੰਘ ਕੌਮੀ ਭਾਵਨਾ ਰੱਖਣ ਵਾਲੇ ਇਨਸਾਨ ਹਨ, ਜਿਨ੍ਹਾਂ ਦੇ ਤਜ਼ਰਬੇ ਤੋਂ ਨਵੇਂ ਮੁਲਾਜ਼ਮਾਂ ਨੂੰ ਸੇਧ ਪ੍ਰਾਪਤ ਕਰਨੀ ਚਾਹੀਦੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸ. ਕੇਵਲ ਸਿੰਘ ਗੁਰੂ ਘਰਾਂ ਦੀ ਜਾਇਦਾਦਾਂ ਦੇ ਮਸਲਿਆਂ ਬਾਰੇ ਡੂੰਘੀ ਜਾਣਕਾਰੀ ਰੱਖਦੇ ਹਨ ਅਤੇ ਇਨ੍ਹਾਂ ਦੇ ਯਤਨਾਂ ਨਾਲ ਗੁਰੂ ਘਰ ਦੀਆਂ ਬਹੁਤ ਸਾਰੀਆਂ ਜਾਇਦਾਦਾਂ ਦੇ ਝਗੜੇ ਖ਼ਤਮ ਹੋਏ ਹਨ। ਇਸ ਤੋਂ ਇਲਾਵਾ ਸ. ਦਵਿੰਦਰ ਸਿੰਘ ਖੱਟੜਾ, ਸ. ਸਤਵਿੰਦਰ ਸਿੰਘ ਟੌਹੜਾ, ਸ. ਸੁਰਜੀਤ ਸਿੰਘ ਭਿੱਟੇਵਡ, ਸਾਬਕਾ ਮੈਂਬਰ ਸ. ਸੁਖਵਿੰਦਰ ਸਿੰਘ ਝਬਾਲ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਸ. ਕੇਵਲ ਸਿੰਘ ਦੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਕੀਤੀ ਸੇਵਾ ਦੀ ਸ਼ਲਾਘਾ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕੁਲਵਿੰਦਰ ਸਿੰਘ, ਸ. ਸਕੱਤਰ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਨਿਸ਼ਾਨ ਸਿੰਘ, ਸ. ਸਤਿੰਦਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਮੈਨੇਜਰ ਸ. ਮੁਖਤਾਰ ਸਿੰਘ, ਸ. ਸੂਰਤ ਸਿੰਘ ਸਾਬਕਾ ਮੈਂਬਰ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸਾਬਕਾ ਮੀਤ ਸਕੱਤਰ ਸ. ਚਾਨਣ ਸਿੰਘ, ਸਾਬਕਾ ਵਧੀਕ ਮੈਨੇਜਰ ਸ. ਬਲਦੇਵ ਸਿੰਘ, ਸ. ਗੁਰਮੀਤ ਸਿੰਘ ਅਤੇ ਸ. ਕੇਵਲ ਸਿੰਘ ਗਿੱਲ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ। ੩੧ ਮਾਰਚ

## ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ਬਦ ਗੁਰੂ ਯਾਤਰਾ ਨਿਰੰਤਰ ਜਾਰੀ

ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਜਨਵਰੀ ਮਹੀਨੇ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਵੱਖ-ਵੱਖ ਪੜਾਵਾਂ 'ਤੇ ਜਿਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਹੋਰ ਸੀਨੀਅਰ ਆਗੂਆਂ ਨੇ ਸ਼ਬਦ ਗੁਰੂ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਉਥੇ ਸੰਗਤਾਂ

ਵੱਲੋਂ ਸਜਾਵਟੀ ਗੇਟ ਬਣਾ ਕੇ ਰਸਤਿਆਂ ਨੂੰ ਖ਼ੂਬਸੂਰਤ ਤਰੀਕੇ ਨਾਲ ਸ਼ਿੰਗਾਰਿਆ ਗਿਆ। ਆਪੋ-ਆਪਣੇ ਹਲਕਿਆਂ ਵਿਚ ਧਾਰਮਿਕ, ਰਾਜਸੀ ਤੇ ਸਮਾਜਿਕ ਆਗੂਆਂ ਸਮੇਤ ਸਭਾ-ਸੁਸਾਇਟੀਆਂ, ਧਾਰਮਿਕ ਜਥੇਬੰਦੀਆਂ ਨੇ ਵੀ ਸੰਗਤਾਂ ਦੇ ਸਵਾਗਤ ਲਈ ਅਹਿਮ ਯੋਗਦਾਨ ਪਾਇਆ। ਵੱਖ-ਵੱਖ ਥਾਵਾਂ 'ਤੇ ਸਕੂਲਾਂ ਦੇ ਬੱਚਿਆਂ ਨੇ ਪ੍ਰਭਾਵਸ਼ਾਲੀ ਤਰੀਕੇ ਨਾਲ ਸ਼ਬਦ ਗੁਰੂ ਯਾਤਰਾ ਦਾ ਸਵਾਗਤ ਕੀਤਾ। ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਨ ਦੇ ਨਾਲ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ ਗਏ। ਸੰਗਤਾਂ ਵੱਲੋਂ ਥਾਂ-ਥਾਂ 'ਤੇ ਯਾਤਰਾ ਦੇ ਸਵਾਗਤ ਲਈ ਵੱਖ-ਵੱਖ ਪਕਵਾਨਾ ਦੇ ਲੰਗਰ ਲਗਾਏ ਗਏ ਸਨ। ਵੱਖ-ਵੱਖ ਪੜਾਵਾਂ ਤੋਂ ਹੁੰਦੀ ਹੋਈ ਸ਼ਬਦ ਗੁਰੂ ਯਾਤਰਾ ੨੮ ਫਰਵਰੀ ਦੀ ਰਾਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

੧ ਮਾਰਚ ਨੂੰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਅਰਦਾਸ ਉਪਰੰਤ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਮਗਰੋਂ ਸ਼ਬਦ ਗੁਰੂ ਯਾਤਰਾ ਅਗਲੇ ਪੜਾਅ ਲਈ ਰਵਾਨਾ ਹੋਈ। ਇਥੋਂ ਚੱਲ ਕੇ ਇਹ ਯਾਤਰਾ ਅੱਤੇਵਾਲੀ, ਕੋਟਲਾ, ਬਜਵਾੜਾ, ਪੀਰ ਜੈਨ, ਇਸਰ ਹੇਲ, ਹਿੰਦੂਪੁਰ, ਬੀਬੀਪੁਰ, ਬਰਾਸ, ਰਾਜਿੰਦਰਗੜ੍ਹ, ਸਾਧੂਗੜ੍ਹ, ਰਾਈ ਮਾਜਰਾ, ਖਰੋੜਾ, ਬਦੋਛੀ ਕਲਾਂ, ਸੰਗਤਪੁਰਾ, ਚਨਾਰਥਲ ਖੁਰਦ, ਚਨਾਰਥਲ ਕਲਾਂ, ਭੱਲ ਮਾਜਰਾ, ਭੁਮਾਰਸੀ, ਬਡਾਲੀ, ਬਰੋਂਗਾ, ਜਲਾਲਪੁਰ, ਕੁੰਭ, ਅਮਲੋਹ ਰੋਡ ਜੱਸੜ ਹੁੰਦੀ ਹੋਈ ਗੁਰਦੁਆਰਾ ਸਾਹਿਬ ਪਾ: ਛੇਵੀਂ ਮੰਡੀ ਗੋਬਿੰਦਗੜ੍ਹ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੨ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਪਾ: ਛੇਵੀਂ ਮੰਡੀ ਗੋਬਿੰਦਗੜ੍ਹ ਤੋਂ ਰਵਾਨਾ ਹੋਈ। ਇਥੋਂ ਚੱਲ ਕੇ ਨੂਰਪੁਰ, ਭੱਟੋ ਬੜੋਚਾਂ, ਰਾਈਏਵਾਲ, ਬੁੱਗਾ ਕਲਾਂ, ਤੰਦਾਂ-ਬੱਧਾ, ਕੋਟਲੀ, ਪਹੇੜੀ, ਚੋਬਦਾਰਾਂ, ਕਪੂਰਗੜ੍ਹ, ਭਰਭੂਰਗੜ੍ਹ, ਨੰਜਾਰੀ, ਸਮਸ਼ਪੁਰ, ਚਹਿਲਾਂ, ਖਨਿਆਣ, ਰਾਏਪੁਰ, ਰਾਮਗੜ੍ਹ, ਘੁਟੀਡ, ਸਲਾਣਾ, ਗਲਵੱਡੀ ਹੁੰਦੀ ਹੋਈ ਗੁਰਦੁਆਰਾ ਸੁਖਸਾਗਰ ਸਾਹਿਬ ਖੰਨਾ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੩ ਮਾਰਚ ਨੂੰ ਗੁਰਦੁਆਰਾ ਸੁਖਸਾਗਰ ਸਾਹਿਬ ਖੰਨਾ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਰਾਮਗੜੀਆਂ ਭਵਨ, ਬਾਹੋਮਾਜਰਾ, ਕੌੜੀ, ਲਿਬੜਾ, ਮੋਹਨਪੁਰ, ਦੈਹਿੜੂ, ਕਿਸ਼ਨਗੜ੍ਹ, ਗੱਗੜ ਮਾਜਰਾ, ਮਹਿੰਦੀਪੁਰ, ਬੀਜਾ, ਮੰਜੀ ਸਾਹਿਬ ਕੋਟਾਂ, ਜਸਪਾਲੋਂ ਪੁਲ, ਭਮੱਦੀ, ਚਕੋਹੀ, ਫੈਜਗੜ੍ਹ, ਕੋਟਲਾ ਢੱਕ ਦਾ, ਈਸੜੂ, ਨਸਰਾਲੀ, ਫਤਿਹਪੁਰ, ਜਲਾਜਣ, ਨਸਗਲੀ, ਟੌਸਾ, ਬੀ-ਪੁਰ, ਬੌ-ਪੁਰ ਤੋਂ ਹੁੰਦੇ ਹੋਏ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾ: ਛੇਵੀਂ ਰੌਣੀ ਪਹੁੰਚੀ ਜਿਥੇ ਰਾਤ ਦਾ ਵਿਸ਼ਰਾਮ ਕੀਤਾ।

੪ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾ: ਛੇਵੀਂ ਰੌਣੀ ਤੋਂ ਰਵਾਨਾ ਹੋਈ ਜੋ ਜੋੜੇਪੁਲ, ਧੀਰੋ ਮਾਜਰਾ, ਭੁੰਮਸੀ, ਜਲਾਲਾਬਾਦ, ਚੌਂਦਾਂ, ਮੁਹੰਮਦਪੁਰਾ, ਨੰਗਲ ਝੂੰਦਾਂ, ਅਮਰਗੜ੍ਹ, ਲਾਗੜੀਆਂ, ਤੋਲੇਵਾਲ, ਮਾਹੋਰਾਣਾ, ਉਪੋਕੀ, ਬੀੜ ਰਸਤੇ ਰਾਤ ਨੂੰ ਗੁਰਦੁਆਰਾ ਸਾਹਿਬ ਸਿੰਘ ਸਭਾ ਮਲੇਰਕੋਟਲਾ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੫ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਸਿੰਘ ਸਭਾ ਮਲੇਰਕੋਟਲਾ ਤੋਂ ਰਵਾਨਾ ਹੋ ਕੇ ਨੌਂ-ਧਰਾਣੀ, ਬੁਰਜ, ਹਸਨ, ਚੂੰਗਾਂ, ਭੂਤਨ, ਗੁਠਾਲਾ, ਚੀਮਾਂ ਖੁਰਦ, ਸੰਦੌੜ, ਕਲਿਆਣ ਪੁਲ, ਲੋਹਟ ਬੱਦੀ, ਕਲਸੀਆਂ, ਸੁਖਾਣਾ, ਭੈਣੀਂ, ਬੜਿੰਗਾਂ ਹੁੰਦੀ ਹੋਈ ਗੁਰਦੁਆਰਾ ਟਾਹਲੀਆਣਾ ਸਾਹਿਬ ਪਾ: ਦਸਵੀਂ ਰਾਏ ਕੋਟ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

੬ ਮਾਰਚ ਨੂੰ ਗੁਰਦੁਆਰਾ ਟਾਹਲੀਆਣਾ ਸਾਹਿਬ ਪਾ: ਦਸਵੀਂ ਰਾਏ ਕੋਟ (ਲੁਧਿਆਣਾ) ਤੋਂ ਚੱਲ

ਕੇ ਸ਼ਬਦ ਗੁਰੂ ਯਾਤਰਾ ਝੋਰੜਾ, ਲੰਮਾ, ਮਾਣੂੰਕੇ ਦੇਹੜਕਾ, ਡੱਲਾ, ਕਾਉਂਕੇ ਕਲਾਂ ਹੁੰਦੇ ਹੋਏ ਗੁਰਦੁਆਰਾ ਸਾਹਿਬ ਪਾ: ਛੇਵੀਂ ਗੁਰੂਸਰ ਕਾਉਂਕੇ (ਲੁਧਿਆਣਾ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ ਗਿਆ।

੭ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਪਾ: ਛੇਵੀਂ ਗੁਰੂਸਰ ਕਾਉਂਕੇ (ਲੁਧਿਆਣਾ) ਤੋਂ ਚੱਲ ਕੇ ਨਾਨਕਸਰ ਕਲੇਰਾਂ, ਗਾਲਿਬ ਕਲਾਂ, ਸ਼ੇਰਪੁਰ ਕਲਾਂ, ਸਵੱਦੀ ਖੁਰਦ, ਲੀਲ ਕਲਾਂ, ਰਾਮਗੜ੍ਹ ਭੁੱਲਰ, ਬਰਸਾਲ, ਵਿਰਕ, ਸਵੱਦੀ ਕਲਾਂ, ਤਲਵੰਡੀ, ਮੰਡਿਆਣੀ ਹੁੰਦੀ ਹੋਈ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਮੁਸ਼ਕਿਆਣਾ ਸਾਹਿਬ ਮੁਲਾਂਪੁਰ ਦਾਖਾਂ (ਲੁਧਿਆਣਾ) ਠਹਿਰੀ।

੮ ਮਾਰਚ ਨੂੰ ਗੁਰਦੁਆਰਾ ਮੁਸ਼ਕਿਆਣਾ ਸਾਹਿਬ ਮੁਲਾਂਪੁਰ ਦਾਖਾਂ (ਲੁਧਿਆਣਾ) ਤੋਂ ਸਵੇਰ ਸਮੇਂ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ ਹੋਈ ਜੋ ਬੱਦੋਵਾਲ, ਇਆਲੀ ਚੌਂਕ, ਐਮ.ਬੀ.ਡੀ. ਮਾਲ, ਰਾਜਗੁਰੂ ਨਗਰ, ਗੁ: ਸਿੰਘ ਸਭਾ, ਗੁ: ਸਾਹਿਬ ਬਲਾਕ-ਜੇ, ਬਲਾਕ-੦੧ ਚੌਂਕ, ਓਰੀਐਂਟਲ ਚੌਂਕ, ਗੁ: ਸਿੰਘ ਸਭਾ ਬਲਾਕ ਈ, ਪ੍ਰਾਚੀਨ ਮੰਦਰ, ਸੰਤ ਈਸ਼ਰ ਸਿੰਘ ਪਬਲਿਕ ਸਕੂਲ ਚੌਂਕ ਜੋਨ-ਡੀ, ਗੁਰੂ ਨਾਨਕ ਪਬਲਿਕ ਸਕੂਲ, ਗੁ: ਸਿੰਘ ਸਭਾ ਸਰਾਭਾ ਨਗਰ, ਮਲਹਾਰ ਰੋਡ, ਬਸੰਤ ਫਾਸਟ ਫੂਡ, ਸਰਕਟ ਹਾਊਸ, ਆਰਤੀ ਚੌਂਕ, ਗੁ: ਮਾਈ ਨੰਦ ਕੌਰ, ਘੁਮਾਰਮੰਡੀ, ਫੁਆਰਾ ਚੌਂਕ, ਮਾਲ ਰੋਡ, ਭਾਰਤ ਨਗਰ ਚੌਂਕ, ਦੁਰਗਾ ਮਾਤਾ ਮੰਦਰ ਚੌਂਕ ਹੁੰਦੇ ਹੋਏ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਜਗਰਾਉਂ ਪੁਲ (ਲੁਧਿਆਣਾ) ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

੯ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਦੂਖ ਨਿਵਾਰਨ ਸਾਹਿਬ (ਲੁਧਿਆਣਾ) ਤੋਂ ਰਵਾਨਾ ਹੋਈ ਜੋ ਘੰਟਾ ਘਰ ਚੌਂਕ, ਸਬਜ਼ੀ ਮੰਡੀ ਚੌਂਕ, ਸਲੇਮ ਟਾਬਰੀ ਚੌਂਕ, ਜਲੰਧਰ ਬਾਈ ਪਾਸ ਚੌਂਕ, ਸੇਖੇਵਾਲ ਚੌਂਕ, ਜੋਧੇਵਾਲ ਬਸਤੀ ਚੌਂਕ, ਸਮਰਾਲਾ ਚੌਂਕ, ਚੀਮਾਂ ਚੌਂਕ, ਕਾ. ਚੌਂਕ (ਪ੍ਰਤਾਪ ਚੌਂਕ), ਗਿੱਲ ਚੌਂਕ (ਉਪਰ ਦੀ), ਆਤਮ ਪਾਰਕ, ਜੌਹਰ ਦੀ ਕੋਠੀ, ਗੁ: ਸਿੰਘ ਸਭਾ (ਗੁਰੂ ਨਾਨਕ ਗਰਲਜ਼ ਕਾਲਜ ਚੌਂਕ), ਗੋਲਾਟੀ ਚੌਂਕ, ਚਾਰ ਖੰਬਾ ਰੋਡ, ਬਾਬਾ ਦੀਪ ਸਿੰਘ ਜੀ ਚੌਂਕ ਹੁੰਦੀ ਹੋਈ ਰਾਤ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ ਵਿਖੇ ਪਹੁੰਚੀ ਜਿਥੇ ਰਾਤ ਦਾ ਵਿਸ਼ਰਾਮ ਕੀਤਾ।

੧੦ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਸਵੇਰੇ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ ਤੋਂ ਰਵਾਨਾ ਹੋਈ ਜੋ ਦੁੱਗਰੀ ਚੌਂਕ, ਦਾਣਾ ਮੰਡੀ ਰੋਡ, ਅਰੋੜਾ ਪੈਲਸ ਚੌਂਕ, ਡਾਬਾ ਚੌਂਕ, ਗਿੱਲ ਨਹਿਰ ਚੌਂਕ, ਦੁੱਗਰੀ ਪੁਲ ਚੌਂਕ, ਫੇਸ ੧ ਚੌਂਕ, ਦੰਗਾਂ ਪੀੜ੍ਹਤ ਕਲੋਨੀ ਚੌਂਕ, ਦੁਰਗਾ ਮਾਤਾ ਮੰਦਰ ਰੋਡ, ਗੁ: ਸੁਖਮਨੀ ਸਾਹਿਬ ਫੇਜ਼ ੨, ਬਸੰਤ ਇਨਕਲੇਵ ਚੌਂਕ, ਗਰੀਨ ਲੈਂਡ ਸਕੂਲ ਚੌਂਕ, ਵੂਮੈਨ ਸੈਲ ਚੌਂਕ, ਗੁ: ਗੁਰੂ ਨਾਨਕ ਪ੍ਰਕਾਸ਼ ਚੌਂਕ, ਭਾਈ ਹਿੰਮਤ ਸਿੰਘ ਨਗਰ ਰੋਡ, ਰੋਡੇ ਫਾਟਕ, ਬਚਿੱਤਰ ਨਗਰ ਚੌਂਕ, ਗਿੱਲ ਪਿੰਡ, ਰਣੀਆਂ ਤੋਂ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾ: ਦਸਵੀਂ ਆਲਮਗੀਰ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੧੧ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾ: ਦਸਵੀਂ ਆਲਮਗੀਰ (ਲੁਧਿਆਣਾ) ਤੋਂ ਆਰੰਭ ਹੋਈ ਜੋ ਸ਼ਰੀਹ, ਕੈਂਡ ਪੁਲ, ਸਾਇਆ ਚੌਂਕ, ਡੇਹਲੋਂ, ਘਵੱਦੀ, ਟਿਬਾ ਚੌਂਕ, ਨਹਿਰੋਂ-ਨਹਿਰ ਦੋਰਾਹਾ ਹੁੰਦੀ ਹੋਈ ਗੁਰਦੁਆਰਾ ਮੰਜੀ ਸਾਹਿਬ ਪਾ: ਛੇਵੀਂ ਸਰਾਏ ਲਸ਼ਕਰੀ ਕੋਟਾਂ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

੧੨ ਮਾਰਚ ਨੂੰ ਗੁਰਦੁਆਰਾ ਮੰਜੀ ਸਾਹਿਬ ਪਾ: ਛੇਵੀਂ ਸਰਾਏ ਲਸ਼ਕਰੀ ਕੋਟਾਂ (ਲੁਧਿਆਣਾ) ਤੋਂ ਸਵੇਰ ਸਮੇਂ ਸ਼ਬਦ ਗੁਰੂ ਯਾਤਰਾ ਦੀ ਆਰੰਭਤਾ ਹੋਈ। ਇਥੋਂ ਚੱਲ ਕੇ ਯਾਤਰਾ ਮਾਜਰੀ, ਪਾਇਲ, ਧਮੋਟ, ਸਿਹੋੜਾ, ਮਦਨੀਪੁਰ, ਬਾਬਰਪੁਰ, ਚੋਮੋ, ਮਲੌਦ, ਸੋਮਲਖੇੜੀ, ਗੋਸ਼ਲਾ, ਰੌਸ਼ੀਆਣਾ, ਪੰਧੇਰ ਖੇੜੀ, ਸਿਆੜ, ਝੰਮਟ, ਰਾੜਾ ਸਾਹਿਬ, ਘੁਡਾਣੀ ਕਲਾਂ, ਪਾਇਲ, ਕੱਦੋਂ, ਦੋਰਾਹਾ ਰਸਤੇ ਰਾਤ ਨੂੰ ਗੁਰਦੁਆਰਾ

ਸਾਹਿਬ ਪਾ: ਛੇਵੀਂ ਅਤੇ ਦਸਵੀਂ ਪਿੰਡ ਕਟਾਣਾ ਸਾਹਿਬ (ਲੁਧਿਆਣਾ) ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੧੩ ਮਾਰਚ ਨੂੰ ਗੁਰਦੁਆਰਾ ਸਾਹਿਬ ਪਾ: ਛੇਵੀਂ ਅਤੇ ਦਸਵੀਂ ਪਿੰਡ ਕਟਾਣਾ ਸਾਹਿਬ (ਲੁਧਿਆਣਾ) ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਕਟਾਣੀ ਕਲਾਂ, ਭੈਣੀ ਸਾਹਿਬ, ਪ੍ਰਤਾਪਗੜ੍ਹ, ਕੂਮਖੁਰਦ, ਕੂਮਕਲਾਂ, ਰਤਨਗੜ੍ਹ, ਬਲੀਏਵਾਲ, ਬੂਥਗੜ੍ਹ ਜੱਟਾਂ, ਬੂਥਗੜ੍ਹ ਗੁਜਰਾਂ, ਕਾਲਸ ਖੁਰਦ, ਕਾਲਸ ਕਲਾਂ, ਘੁਮਾਣਾ, ਮੇਨ ਰੋਡ ਰਾਹੋਂ ਉਦੋਵਾਲ, ਝੜੌਦੀ, ਟਾਂਡਾ ਕੁਸ਼ਲ ਸਿੰਘ ਵਾਲਾ, ਮਾਣੇਵਾਲ, ਮਾਛੀਵਾੜਾ ਸ਼ਹਿਰ ਤੋਂ ਹੁੰਦੀ ਹੋਈ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੧੪ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਇਥੋਂ ਚੱਲ ਕੇ ਗੜੀ ਬੇਟ, ਬੁਰਜ ਪੱਕਾ, ਸੇਰੀਆਂ-ਲੁਹਾਰੀਆਂ, ਹੱਬੋਵਾਲ ਬੇਟ, ਬੈਰਸਾਲ ਕਲਾਂ, ਸਲਾਣਾ, ਹੈਡੋ ਬੇਟ, ਕੁਟਾਲਾ ਬੇਟ, ਕੱਚਾ ਮਾਛੀਵਾੜਾ, ਸ਼ੇਰਗੜ੍ਹ, ਰੁਆੜਾ ਸ਼ੇਰਪੁਰ, ਸ਼ੇਰਪੁਰ ਬੇਟ, ਚੱਕ ਲੋਟ, ਸ਼ੇਰਪੁਰ, ਬਹਿਰਾਮਪੁਰ ਬੇਟ, ਡੱਲਾਂ, ਖੋਖਰਾਂ, ਬਜੀਦਪੁਰ, ਬੇਲਾ ਤੋਂ ਹੁੰਦੀ ਹੋਈ ਇਹ ਯਾਤਰਾ ਰਾਤ ਨੂੰ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ (ਰੋਪੜ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ ਗਿਆ।

੧੫ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਤੋਂ ਰਵਾਨਾ ਹੋਈ ਜੋ ਸਲੋ ਮਾਜਰਾ, ਗਗੋ ਦਦਰਾਮ, ਡਹਿਰ, ਡੁਗਰੀ, ਬੂਰ ਮਾਜਰਾ, ਸ਼ਾਲਾਪੁਰ ਚੌਂਕ, ਖਾਬੜਾਂ, ਸਿੰਘਾਂ, ਗੁ: ਸਾਹਿਬ ਪਿੰਡ ਸੋਲਕੀਆਂ, ਰੰਗੀਲਪੁਰ, ਭਿਉਰਾ, ਪਾਵਰ ਕਲੋਨੀ ਤੋਂ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਭੱਠਾ ਸਾਹਿਬ ਪਾ: ਦਸਵੀਂ ਰੋਪੜ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

੧੬ ਮਾਰਚ ਨੂੰ ਗੁਰਦੁਆਰਾ ਭੱਠਾ ਸਾਹਿਬ ਪਾ: ਦਸਵੀਂ ਰੋਪੜ ਤੋਂ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ ਹੋਈ ਜੋ ਗੁਰਦੁਆਰਾ ਸਦਾ ਬਰਤ ਸਾਹਿਬ, ਘਨੌਲੀ ਬੈਰੀਅਰ, ਸਰਸਾ ਨੰਗਲ, ਭਰਤਗੜ੍ਹ, ਬੁੰਗਾ ਸਾਹਿਬ, ਕੀਰਤਪੁਰ ਸਾਹਿਬ, ਕੋਟਲਾ ਪਾਵਰ ਹਾਊਸ, ਖਾਲਸਾ ਕਾਲਜ ਏ.ਪੀ.ਐਸ. ਰਸਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੀ। ਹੋਲੇ ਮਹੱਲੇ ਦੇ ਸਮਾਗਮਾਂ ਦੇ ਲਈ ਸੰਗਤਾਂ ਦੀ ਮੰਗ 'ਤੇ ੨੩ ਮਾਰਚ ਤੱਕ ਸ਼ਬਦ ਗੁਰੂ ਯਾਤਰਾ ਦਾ ਪੜਾਅ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੀ ਕੀਤਾ ਗਿਆ। ਸ੍ਰੀ ਅਨੰਦਪੁਰ ਸਾਹਿਬ ਤੋਂ ਅਗਲੇ ਪੜਾਅ ਲਈ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ ੨੪ ਮਾਰਚ ਨੂੰ ਹੋਈ।

੨੪ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਆਰੰਭ ਹੋ ਕੇ ਅਗੰਮਪੁਰਾ, ਸੰਗਤਪੁਰ, ਝੱਜ ਚੌਂਕ, ਨੂਰਪੁਰਬੇਦੀ, ਜੱਟਪੁਰ, ਕਰਤਾਰਪੁਰ, ਹਿਆਤਪੁਰ, ਘੜੀਵਾਲ, ਸੁਖੇ ਮਾਜਰਾ, ਕੱਟਾਮ ਬੋਰ, ਜੀਤਪੁਰ, ਲਹੌਰ ਟਿੱਬੀ, ਰਾਜੂ ਮਾਜਰਾ, ਟੱਪਰੀਆਂ, ਅਕਲਿਆਣਾ, ਧੌਲ, ਬਲਾਚੌਰ ਰਸਤੇ ਗੁਰਦੁਆਰਾ ਸਾਹਿਬ ਮਹਿਤਪੁਰ (ਬਲਾਚੌਰ) ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ ਗਿਆ।

੨੫ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਮਹਿਤਪੁਰ (ਬਲਾਚੌਰ) ਤੋਂ ਆਰੰਭ ਹੋਈ ਜੋ ਬੀਰੋਵਾਲ, ਜਾਡਲਾ, ਉਸਮਾਨ, ਰਾਹੋਂ ਦਾਣਾ ਮੰਡੀ, ਕੰਗ, ਮਲਪੁਰ, ਮਾਹਲ ਪੈਲਸ, ਔੜ, ਹਰਿਆਮ ਹੁੰਦੀ ਹੋਈ ਆਈ. ਟੀ. ਆਈ. ਨਵਾਂ ਸ਼ਹਿਰ ਵਿਖੇ ਪਹੁੰਚੀ ਜਿਥੇ ਰਾਤ ਨੂੰ ਸੰਗਤਾਂ ਦਾ ਠਹਿਰਾਉ ਕਰਵਾਇਆ ਗਿਆ।

੨੬ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਆਈ. ਟੀ. ਆਈ. ਨਵਾਂ ਸ਼ਹਿਰ ਤੋਂ ਚੱਲ ਕੇ ਮਹਾਲੋ, ਮਲਪੁਰ, ਅੜਕਾਂ, ਕਾਹਮਾਂ, ਖਟਕਲ ਕਲਾਂ ਹੁੰਦੀ ਹੋਈ ਭਾਈ ਸੰਗਤ ਸਿੰਘ ਕਾਲਜ ਬੰਗਾ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

੨੭ ਮਾਰਚ ਨੂੰ ਭਾਈ ਸੰਗਤ ਸਿੰਘ ਕਾਲਜ ਬੰਗਾ ਤੋਂ ਰਵਾਨਾ ਹੋਈ ਸ਼ਬਦ ਗੁਰੂ ਯਾਤਰਾ ਪਿੰਡ ਚੌੜਾ, ਦੀਨੋਵਾਲ, ਡੇਰੋਂ ਰਸਤੇ ਬੱਬਰ ਅਕਾਲੀ ਮੈਮੋਰੀਅਲ ਕਾਲਜ ਗੜਸ਼ੰਕਰ (ਹੁਸ਼ਿਆਰਪੁਰ) ਵਿਖੇ ਰਾਤ ਨੂੰ ਪਹੁੰਚੀ ਜਿਥੇ ਸੰਗਤ ਨੇ ਵਿਸ਼ਰਾਮ ਕੀਤਾ।

੨੮ ਮਾਰਚ ਨੂੰ ਸ਼ਬਦ ਗੁਰੂ ਯਾਤਰਾ ਬੱਬਰ ਅਕਾਲੀ ਮੈਮੋਰੀਅਲ ਕਾਲਜ ਗੜ੍ਹਸ਼ੰਕਰ (ਹੁਸ਼ਿਆਰਪੁਰ) ਤੋਂ ਚੱਲ ਕੇ ਪਿੰਡ ਗੱਲੀਆਂ, ਸਤਨੌਰ, ਡਾਨਸੀਵਾਲ, ਸੈਲਾ, ਬਦੋਵਾਲ, ਸਰਦੂਲਪੁਰ, ਟੂਟੋ ਮਾਜਰਾ ਹੁੰਦੇ ਹੋਏ ਗੁਰਦੁਆਰਾ ਸਾਹਿਬ ਸ਼ਹੀਦਾਂ ਲੱਧੇਵਾਲ ਮਾਹਿਲਪੁਰ (ਹੁਸ਼ਿਆਰਪੁਰ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੨੯ ਮਾਰਚ ਨੂੰ ਗੁਰਦੁਆਰਾ ਸਾਹਿਬ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਤੋਂ ਰਵਾਨਾ ਹੋਈ ਸ਼ਬਦ ਗੁਰੂ ਯਾਤਰਾ ਬਾਹੋਵਾਲ, ਜੈਦਪੁਰ, ਹੰਦੋਵਾਲ, ਚੱਬੇਵਾਲ, ਜੱਟਪੁਰ, ਚਗਰਾਂ, ਨੰਗਲ ਸ਼ਹੀਦਾਂ, ਕੈਂਪ ਛਾਉਣੀ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਸਾਹਿਬ ਪੁਰਹੀਰਾਂ ਪਾ: ਛੇਵੀਂ (ਹੁਸ਼ਿਆਰਪੁਰ) ਪਹੁੰਚੀ ਜਿਥੇ ਸੰਗਤਾਂ ਨੇ ਰਾਤ ਦਾ ਵਿਸ਼ਰਾਮ ਕੀਤਾ।

੩੦ ਮਾਰਚ ਨੂੰ ਗੁਰਦੁਆਰਾ ਸਾਹਿਬ ਪੁਰਹੀਰਾਂ ਪਾ: ਛੇਵੀਂ (ਹੁਸ਼ਿਆਰਪੁਰ) ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਖਾਨਪੁਰ, ਲਾਚੋਵਾਲ, ਸਠਿਆਲ, ਗੀਗਨਵਾਲ, ਦਸੜਕਾ, ਆਲੋਵਾਲ, ਬਾਹੋਵਾਲ, ਖਡਿਆਲਾ ਸੈਣੀਆਂ, ਬੂਰੇਜੱਟਾਂ, ਸੀਕਰੀ, ਨੈਨੋਵਾਲ, ਕੰਧਾਲਾ ਜੱਟਾਂ, ਅੱਡਾ ਸਰਾਂ ਤੋਂ ਹੁੰਦੀ ਹੋਈ ਡੇਰਾ ਤਪ-ਅਸਥਾਨ ਬਾਬਾ ਬਲਵੰਤ ਸਿੰਘ ਜੀ (ਟਾਂਡਾ) ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

੩੧ ਮਾਰਚ ਨੂੰ ਸਵੇਰੇ ਸ਼ਬਦ ਗੁਰੂ ਯਾਤਰਾ ਦੀ ਰਵਾਨਗੀ ਡੇਰਾ ਤਪ-ਅਸਥਾਨ ਬਾਬਾ ਬਲਵੰਤ ਸਿੰਘ ਜੀ (ਟਾਂਡਾ) ਤੋਂ ਅਗਲੇ ਪੜਾਅ ਲਈ ਹੋਈ। ਇਥੋਂ ਚੱਲ ਕੇ ਇਹ ਯਾਤਰਾ ਪੱਕਾਪੁਲ, ਮਿਆਣੀ, ਕਾਹਲਵਾਂ, ਆਲਮਪੁਰ, ਚੱਕਬਾਮੂ, ਭੂਸ਼ਾ, ਸਫਦਰਪੁਰ, ਦਸੂਹਾ ਸ਼ੂਗਰ ਮਿਲ, ਰੰਧਾਵਾ ਅੱਡਾ, ਬਰੇਛਾਂ ਰਸਤੇ ਗੁਰਦੁਆਰਾ ਗਰਨਾ ਸਾਹਿਬ ਬੋਦਲ (ਹੁਸ਼ਿਆਰਪੁਰ) ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

■

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖ਼ਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ।

**-ਸੰਪਾਦਕ**

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

ਹਿਸਾਬ-ਕਿਤਾਬ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਫਰਵਰੀ ੨੦੧੯

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੪੦ | ੦.੦੦ | ੧੬੭੦੨੯੨੬.੦੦ |
| ੨ | ਧਾਰਮਿਕ ਫੰਡ ੮੭ | ੮੬ | ੦.੦੦ | ੯੩੦੦੦੦.੦੦ |
| ੩ | ਪ੍ਰਚਾਰ ਸਹਾਇਤਾ | ੧੨੯ | ੦.੦੦ | ੪੮੩੧੫੫.੦੦ |
| ੪ | ਕਿਰਾਇਆ ਕਮਰੇ ਸ੍ਰੀ ਗੁਰੂ ਰਾਮਦਾਸ ਨਿਵਾਸ, ਕੁਰੂਕਸ਼ੇਤਰ | ੧੪੭ | ੨੩੦੮੫.੦੦ | ੭੯੨੦੦.੦੦ |
| ੫ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ੍ਰੀਦ) | ੧੫੪ | ੧੧੦੯੩੦੬.੦੦ | ੦.੦੦ |
| ੬ | ਲਿਟਰੇਚਰ ਫੁੱਟਕਲ | ੧੬੪ | ੧੫੦.੦੦ | ੦.੦੦ |
| ੭ | ਧਾਰਮਿਕ ਪ੍ਰੀਖਿਆ ਵਜ਼ੀਫ਼ੇ | ੧੯੫ | ੫੯੬੨੯੮.੦੦ | ੦.੦੦ |
| ੮ | ਪੱਤਰ ਵਿਹਾਰ ਕੋਰਸ ਤੇ ਖ਼ੋਜ ਕੇਂਦਰ | ੨੧੭ | ੪੨੫੫੫੩.੦੦ | ੦.੦੦ |
| ੯ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੩੬ | ੫੪੦੨੯੫.੦੦ | ੦.੦੦ |
| ੧੦ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੮੭ | ੧੫੧੭੬੮੦.੦੦ | ੫੬੫੦੦.੦੦ |
| ੧੧ | ਗੁਰਮਤਿ ਗਿਆਨ ਹਿੰਦੀ | ੩੧੫ | ੨੫੨੧੨੯.੦੦ | ੬੪੫੦.੦੦ |
| ੧੨ | ਤਨਖ਼ਾਹ ਸਟਾਫ਼ ਦਫ਼ਤਰ | ੩੩੯ | ੩੮੦੨੭੪੨.੦੦ | ੦.੦੦ |
| ੧੩ | ਤਨਖ਼ਾਹ ਸਟਾਫ਼ ਲਿਟਰੇਚਰ ਅਤੇ ਕਮਿਸ਼ਨ ਆਦਿ | ੩੪੮ | ੫੩੫੫੮੭.੦੦ | ੦.੦੦ |
| ੧੪ | ਤਨਖ਼ਾਹ ਤੇ ਸਫ਼ਰ ਖ਼ਰਚ ਅਲਾਊਂਸ ਡਰਾਈਵਰਜ਼ | ੩੫੯ | ੭੩੯੮੭੬.੦੦ | ੦.੦੦ |
| ੧੫ | ਤਨਖ਼ਾਹ ਧਾਰਮਿਕ ਟੀਚਰ | ੩੬੩ | ੯੨੬੯੭੫.੦੦ | ੦.੦੦ |
| ੧੬ | ਡਾਕ ਤੇ ਤਾਰ ਖ਼ਰਚ | ੩੭੧ | ੨੦੨੮੭.੦੦ | ੦.੦੦ |
| ੧੭ | ਫਿਲਮਾਂ ਰਾਹੀਂ ਪ੍ਰਚਾਰ (ਤਨਖ਼ਾਹ ਫਿਲਮ ਉਪਰੇ:, ਮੁੰਰ:ਤੇ ਸ:ਖ: ਆਦਿ) | ੩੮੮ | ੨੨੭੫੨੫.੦੦ | ੦.੦੦ |
| ੧੮ | ਖ਼ਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੪੨੩ | ੯੫੦੦੯.੦੦ | ੦.੦੦ |
| ੧੯ | ਮੁਕੱਦਮੇ | ੪੯੧ | ੬੪੦.੦੦ | ੦.੦੦ |
| ੨੦ | ਟੈਲੀਫੋਨ | ੪੩੮ | ੧੪੮੩੬.੦੦ | ੦.੦੦ |
| ੨੧ | ਮੁਰੰਮਤ ਸਮਾਨ ਦਫ਼ਤਰ | ੪੪੯ | ੨੬੦.੦੦ | ੦.੦੦ |
| ੨੨ | ਐਂਟਰਟੇਨਮੈਂਟ | ੪੫੮ | ੭੮੩੬.੦੦ | ੦.੦੦ |
| ੨੩ | ਵਰਦੀਆਂ ਮੁਲਾਜ਼ਮਾਂ | ੪੬੪ | ੨੨੫੦੦.੦੦ | ੮੦੪੮.੦੦ |

| | | | | |
|---|---|---|---|---|
| ੨੪ | ਸਫ਼ਰ ਖ਼ਰਚ ਮੁਲਾਜ਼ਮਾਂ | ੪੮੦ | ੩੭੩੯੬.੦੦ | ੦.੦੦ |
| ੨੫ | ਫੁਟਕਲ ਦਫ਼ਤਰ ਤੇ ਰੌਸ਼ਨੀ | ੫੨੫ | ੧੨੫੯੧.੦੦ | ੦.੦੦ |
| ੨੬ | ਬੀਮਾ ਗੱਡੀਆਂ ਤੇ ਕੈਸ਼ | ੫੧੪ | ੧੩੪੫੮.੦੦ | ੦.੦੦ |
| ੨੭ | ਸ਼ਤਾਬਦੀਆਂ ਸਮਾਰੋਹ | ੫੯੧ | ੨੧੬੦੩੧੮.੦੦ | ੧੯੭੪੨੧੯.੦੦ |
| ੨੮ | ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ | ੬੦੪ | ੮੬੮੩੧੭.੦੦ | ੧੫੪੦੫.੦੦ |
| ੨੯ | ਤਨਖ਼ਾਹ ਤੇ ਸ/ਖ਼ਰਚ ਸਟਾਫ਼ ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ਼, ਗੁਰੂ ਕੀ ਵਡਾਲੀ | ੬੦੮ | ੧੨੪੮੨੯.੦੦ | ੦.੦੦ |
| ੩੦ | ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੬੧੫ | ੪੮੪੭੨੮.੦੦ | ੧੨੫੧੯.੦੦ |
| ੩੧ | ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜ਼ਪੁਰ | ੬੨੫ | ੧੨੯੧੨੫.੦੦ | ੧੭੫੩.੦੦ |
| ੩੨ | ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੩੮ | ੧੯੫੯੬੪.੦੦ | ੦.੦੦ |
| ੩੩ | ਸਬ ਆਫਿਸ (ਸ੍ਰੀ ਅਨੰਦਪੁਰ ਸਾਹਿਬ) | ੬੪੩ | ੧੨੧੨੦.੦੦ | ੦.੦੦ |
| ੩੪ | ਗੁਰ:ਸੰਗੀਤ ਵਿਦਿਆਲੇ: (ਬਾਦੀਆਂ, ਮੁਕਤਸਰ ਸਾਹਿਬ, ਭੂਰਾ ਕੋਹਨਾ, ਕਾਲਾ ਮੱਲ੍ਹਾ ਸੰਗਰੂਰ) ਤਨ:, ਸ:ਖ: ਤੇ ਫੁਟ:ਆਦਿ | ੬੫੮ | ੩੭੧੨੪੦.੦੦ | ੦.੦੦ |
| ੩੫ | ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ, ਭਾਈ ਗੁਰਦਾਸ ਵਿਦਿ:ਆਲਮਗੀਰ) ਤਨਖ਼ਾਹਾਂ, ਸਫ਼ਰ ਖ਼ਰਚ ਤੇ ਫੁਟਕਲ ਆਦਿ | ੬੮੧ | ੬੨੦੪੭੪.੦੦ | ੫੪੩.੦੦ |
| ੩੬ | ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੬੯੧ | ੮੫੮੯੪.੦੦ | ੦.੦੦ |
| ੩੭ | ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ, (ਤਨਖ਼ਾਹਾਂ, ਆਨਰੇਰੀਅਮ ਤੇ ਫੁਟਕਲ ਆਦਿ) | ੭੦੪ | ੫੭੮੦੭੫.੦੦ | ੦.੦੦ |
| ੩੮ | ਮੁਰੰਮਤ ਇਮਾਰਤਾਂ (ਮਿਸ਼: ਕਾਲਜ ਅੰਮ੍ਰਿਤਸਰ, ਗੁਰਮਤਿ ਇੰ: ਤਲਵੰਡੀ ਸਾਬ੍ਹੋ, ਸੁਲਤਾਨਪੁਰ ਲੋਧੀ, ਡੇਰਾ ਬਾਬਾ ਨਾਨਕ ਅਤੇ ਬਰਨਾਲਾ | ੭੧੩ | ੭੬੦੭੫.੦੦ | ੦.੦੦ |
| ੩੯ | ਤਨਖ਼ਾਹ ਭਾਈ ਨਗਾਈਆ ਜੀ ਪਬ:ਸਕੂਲ ਫਾਰ ਡੈਫ, ਆਲਮਗੀਰ, ਲੁਧਿਆਣਾ | ੭੩੯ | ੨੭੦੨੧.੦੦ | ੦.੦੦ |
| ੪੦ | ਤਨਖ਼ਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੫੪ | ੬੧੦੧੦੩੩.੦੦ | ੨੫੦੦੦.੦੦ |

| | | | | |
|---|---|---|---|---|
| ੪੧ | ਸਫ਼ਰ ਖ਼ਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੭੪ | ੬੪੦੫੫੨.੦੦ | ੫੩੮੭੩.੦੦ |
| ੪੨ | ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੮੩੦ | ੭੧੦੩੬੮.੦੦ | ੦.੦੦ |
| ੪੩ | ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖ਼ਰਚੇ | ੮੫੮ | ੭੮੮੪੫.੦੦ | ੩੩੮੦੪੪.੦੦ |
| ੪੪ | ਇਮਾਰਤ ਦਫ਼ਤਰ ਧਰਮ ਪ੍ਰਚਾਰ ਕਮੇਟੀ | ੮੮੮ | ੧੧੬੨੮.੦੦ | ੦.੦੦ |
| ੪੫ | ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸੀਮਿੰਟ) | ੮੯੯ | ੮੨੬੨੦.੦੦ | ੦.੦੦ |
| ੪੬ | ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਠੇਕੇਦਾਰਾਂ) | ੯੦੨ | ੭੨੦.੦੦ | ੦.੦੦ |
| ੪੭ | ਸਮਾਨ ਦਫ਼ਤਰ ਧਰਮ ਪ੍ਰਚਾਰ | ੯੩੮ | ੩੭੦੨੧.੦੦ | ੦.੦੦ |
| ੪੮ | ਸਮਾਨ ਦਫ਼ਤਰ ਗੁਰੂ ਨਾਨਕ ਦੇਵ ਗੁ:ਵਿਦਿ: ਛੱਤੀਸਗੜ੍ਹ | ੯੫੮ | ੨੪੫੦੦.੦੦ | ੦.੦੦ |
| ੪੯ | ਸਮਾਨ ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ਼, ਗੁਰੂ ਕੀ ਵਡਾਲੀ | ੯੬੩ | ੭੯੩੫੨.੦੦ | ੦.੦੦ |
| ੫੦ | ਸਮਾਨ ਸ੍ਰੀ ਗੁਰੂ ਰਾਮਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ, ਯੂ.ਪੀ. | ੯੮੪ | ੨੨੯੭.੦੦ | ੦.੦੦ |
| ੫੧ | ਸਮਾਨ ਗੁ:ਸਾਹਿਬ ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ:ਪੀ: | ੯੯੧ | ੫੪੭੦.੦੦ | ੦.੦੦ |
| ੫੨ | ਸਟਾਕ ਕਕਾਰ ਅੰਮ੍ਰਿਤ ਪ੍ਰਚਾਰ | ੯੯੯ | ੦.੦੦ | ੨੯੩੧੫੬.੦੦ |
| ੫੩ | ਕਿਤਾਬਾਂ ਜਥੇ: ਗੁਰਚਰਨ ਸਿੰਘ ਟੌਹੜਾ ਇੰਸਟੀ: ਬਹਾਦਰਗੜ੍ਹ, ਪਟਿਆਲਾ | ੧੦੦੩ | ੨੯੭.੦੦ | ੦.੦੦ |
| ੫੪ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੧੦੧੮ | ੪੮੦੨੫੦.੦੦ | ੪੬੧੩.੦੦ |
| ੫੫ | ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ | ੧੦੨੭ | ੭੦੮੬੪.੦੦ | ੦.੦੦ |
| ੫੬ | ਖ਼ਰਚ ਗੱਡੀਆਂ ਹਰਿਆਣਾ ਸਿੱਖ ਮਿਸ਼ਨ | ੧੦੩੪ | ੧੬੪੭੦.੦੦ | ੦.੦੦ |
| ੫੭ | ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੫੧ | ੧੯੮੮੨.੦੦ | ੦.੦੦ |
| ੫੮ | ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ, ਕਰਨਾਲ ਤਨ:, ਵਜੀ:, ਸ:ਖ਼ਰਚ ਤੇ ਫੁਟ: | ੧੦੬੭ | ੧੦੭੫੮੨.੦੦ | ੦.੦੦ |

| | | | | |
|---|---|---|---|---|
| ੫੯ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ (ਰੌਸ਼ਨੀ,ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, (ਊਨਾ) | ੧੦੭੬ | ੧੬੯੧੭੪.੦੦ | ੧੦੩੩.੦੦ |
| ੬੦ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ (ਰੌਸ਼ਨੀ, ਬਿੱਲ ਅਤੇ ਫੁਟਕਲ ਆਦਿ) ਰਾਜਸਥਾਨ ਸਿੱਖ ਮਿਸ਼ਨ (ਬੁੱਢਾ ਜੌਹੜ) | ੧੦੮੩ | ੭੮੪੯੯.੦੦ | ੪੨੧.੦੦ |
| ੬੧ | ਤਨ:ਸਫ਼ਰ ਖ਼ਰਚ ਸਟਾਫ਼ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੯੬ | ੧੪੨੩੦੩੬.੦੦ | ੯੪੩੭.੦੦ |
| ੬੨ | ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ,ਖ਼ਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੧੦੫ | ੨੪੩੭੦੬.੦੦ | ੦.੦੦ |
| ੬੩ | ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੧੨੧ | ੪੧੬੩੦.੦੦ | ੪੯੭੭.੦੦ |
| ੬੪ | ਫੁਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੧੨੯ | ੧੧੩੬੯.੦੦ | ੦.੦੦ |
| ੬੫ | ਸ੍ਰੀ ਗੁਰੂ ਰਾਮਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ ਯੂ:ਪੀ: | ੧੧੩੮ | ੧੦੪੧੭੮.੦੦ | ੦.੦੦ |
| ੬੬ | ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੧੪੮ | ੪੯੩੭੧.੦੦ | ੦.੦੦ |
| ੬੭ | ਗੁਰ: ਸਾਹਿਬਾਨ ਨੱਕਾ ਕੂਆਂ, ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜਮੁਕਤੇਸਰ ਅਲੀਗੜ ਯੂ:ਪੀ: | ੧੧੫੬ | ੨੪੬੬੩.੦੦ | ੦.੦੦ |
| ੬੮ | ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ: | ੧੧੬੫ | ੪੭੩੨.੦੦ | ੦.੦੦ |
| ੬੯ | ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ:ਪੀ: | ੧੧੭੮ | ੬੮੪੮੬.੦੦ | ੦.੦੦ |
| ੭੦ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ (ਬਿੱਲ ਫੁਟਕਲ ਆਦਿ) ਅਹਿਮਦਾਬਾਦ, ਗੁਜਰਾਤ | ੧੧੮੯ | ੫੬੩੫੫.੦੦ | ੩੮੮.੦੦ |
| ੭੧ | ਤਨ: ਤੇ ਸਫ਼ਰ ਖ਼ਰਚ ਸਟਾਫ਼ ਛੱਤੀਸਗੜ੍ਹ ਸ਼ਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੨੦੦ | ੧੫੦੯੦੩.੦੦ | ੩੫੫.੦੦ |
| ੭੨ | ਗੁਰੂ ਨਾਨਕ ਦੇਵ ਗੁ:ਵਿਦਿ: ਛੱਤੀਸਗੜ੍ਹ ਮਿਸ਼ਨ (ਤਨ:ਸਫ਼ਰ ਖ਼ਰਚ ਅਤੇ ਬਿੱਲ ਆਦਿ) | ੧੨੨੦ | ੧੮੭੨੩੮.੦੦ | ੨੪੪੭੪.੦੦ |
| ੭੩ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੨੨੮ | ੧੩੨੮੬੦.੦੦ | ੯੭.੦੦ |
| ੭੪ | ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ | | | |

| | | | | |
|---|---|---|---|---|
| | ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੨੩੬ | ੧੫੩੧੪.੦੦ | ੦.੦੦ |
| ੭੫ | ਫੁਟਕਲ ਦਫ਼ਤਰ ਲੰਗਰ (ਆਉ ਭਗਤ) | | | |
| | ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੨੪੩ | ੫੬੨੧.੦੦ | ੦.੦੦ |
| ੭੬ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ, | | | |
| | ਫੁਟਕਲ ਆਦਿ (ਕਾਸ਼ੀਪੁਰ) | ੧੨੫੩ | ੪੨੯੫੩੪.੦੦ | ੪੨੦੦.੦੦ |
| ੭੭ | ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੨੭੮ | ੧੫੧੨੮੨.੦੦ | ੦.੦੦ |
| ੭੮ | ਸਹਾਇਤਾ ਗੁਰਦੁਆਰਾ ਸਾਹਿਬਾਨ | ੧੩੦੨ | ੩੭੧੮੩੧.੦੦ | ੦.੦੦ |
| ੭੯ | ਸਹਾਇਤਾ ਪੰਜਾਬ ਤੋਂ ਬਾਹਰਲੇ | | | |
| | ਗੁਰਦੁਆਰਾ ਸਾਹਿਬਾਨ | ੧੩੪੩ | ੩੮੭੦੦.੦੦ | ੦.੦੦ |
| ੮੦ | ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ, | | | |
| | ਯੂਨੀਵਰਸਿਟੀ | ੧੩੭੩ | ੧੦੨੦੦੦.੦੦ | ੦.੦੦ |
| ੮੧ | ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ | | | |
| | ਸਿੱਖ ਸ਼ਸ਼ਤਰ ਵਿਦਿਆ (ਗੱਤਕਾ) | ੧੩੮੯ | ੫੧੪੯੦.੦੦ | ੦.੦੦ |
| ੮੨ | ਸਹਾਇਤਾ ਪੀੜ੍ਹਤ ਪਰਿਵਾਰ | ੧੩੨੨ | ੯੪੪੬੦੦.੦੦ | ੦.੦੦ |
| ੮੩ | ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, | | | |
| | ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, | | | |
| | ਪੰਥਕ ਵਿਦਿਵਾਨਾਂ ਨੂੰ ਸਨਮਾਨਤ | ੧੪੫੦ | ੪੬੬੦੦.੦੦ | ੦.੦੦ |
| ੮੪ | ਸਹਾਇਤਾ ਮੁਫ਼ਤ ਵਿੱਦਿਆ ਅੰਮ੍ਰਿਤਧਾਰੀ ਵਿਦਿਆਰਥੀ | | | |
| | (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੪੬੩ | ੬੬੧੫੦੦.੦੦ | ੦.੦੦ |
| ੮੫ | ਸਹਾਇਤਾ ਖ਼ਾਲਸਾਈ ਖੇਡਾਂ (ਹਾਕੀ) | | | |
| | (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੪੭੧ | ੫੦੦੦੦੦੦.੦੦ | ੦.੦੦ |
| ੮੬ | ਸਹਾਇਤਾ ਗੁਰਦੁਆਰਾ ਸਾਹਿਬਾਨ, ਪੀੜ੍ਹਤ ਪਰਿਵਾਰ, | | | |
| | ਲਾਇਬੇਰ੍ਰੀਆਂ ਆਦਿ ਹਰਿਆਣਾ ਸਿੱਖ ਮਿਸ਼ਨ | ੧੪੭੫ | ੧੨੫੦੦੦.੦੦ | ੦.੦੦ |
| ੮੭ | ਸਹਾਇਤਾ ਗਰੀਬ ਸਿੱਖਾਂ ਦੇ ਵਿਆਹ ਅਤੇ ਮੌਤ ਸਮੇਂ ਅੰਤਿਮ ਅਰਦਾਸ ਦੇ | | | |
| | ਸ੍ਰੀ ਅਖੰਡ ਪਾਠ ਸਾਹਿਬ ਲਈ ਭੇਟਾ | ੧੪੯੨ | ੧੮੭੮੦੦.੦੦ | ੦.੦੦ |
| ੮੮ | ਸਹਾਇਤਾ ਡਾਕਟਰੀ ਸਹੂਲਤਾਂ ਵਾਲੀਆਂ ਗੱਡੀਆਂ ਅਤੇ | | | |
| | ਮਫ਼ਤ ਦਵਾਈਆਂ ਆਦਿ | ੧੫੦੦ | ੨੪੮੨੨.੦੦ | ੦.੦੦ |
| ੮੯ | ਅਣਦਿੱਤੀ ਤਨਖ਼ਾਹ | ੧੫੧੮ | ੩੧੯੯੨.੦੦ | ੧੭੧੫੩.੦੦ |
| ੯੦ | ਅਣਦਿੱਤੇ ਬਿਲਜ਼ | ੧੫੩੬ | ੨੬੯੩੬.੦੦ | ੩੬੮੫੬.੦੦ |
| ੯੧ | ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ | | | |
| | (ਗੁਰਬਾਣੀ ਤੇ ਗੁਰਮਤਿ ਲਿਟ: ਫੰਡ) | ੧੫੫੬ | ੧੨੧੩੫੧੯.੦੦ | ੬੧੫੬੫.੦੦ |

| | | | | |
|---|---|---|---|---|
| ੯੨ | ਅਮਾਨਤ ਜਨਰਲ | ੧੬੦੧ | ੦.੦੦ | ੩੭੮੦੦੦.੦੦ |
| ੯੩ | ਪੇਸ਼ਗੀ ਜਨਰਲ | ੧੮੬੯ | ੧੦੩੨੩੨੫੩.੦੦ | ੬੪੮੩੧੨੮.੦੦ |
| ੯੪ | ਪੇਸ਼ਗੀ ਹੱਥਿਆਰ | ੧੭੨੬ | ੦.੦੦ | ੧੦੦੦.੦੦ |
| ੯੫ | ਪੇਸ਼ਗੀ ਤਨਖ਼ਾਹ | ੧੭੬੯ | ੫੮੯੦੮੦.੦੦ | ੫੮੬੯੧੫.੦੦ |
| ੯੬ | ਜਮਾਨਤ ਵਿਦਿਆਰਥੀਆਂ | ੧੭੯੦ | ੮੨੦੦.੦੦ | ੬੬੦੦.੦੦ |
| ੯੭ | ਕਿਰਾ: ਦੁਕਾਨਾਂ ਤੇ ਫਲੈਟਸ | | | |
| | ਸਿੱਖ ਮਿਸ਼ਨ ਹਰਿਆਣਾ | ੧੮੦੮ | ੦.੦੦ | ੮੪੭੪੧.੦੦ |
| ੯੮ | ਠੇਕਾ ਜ਼ਮੀਨ ਸਿੱਖ ਮਿਸ਼ਨ ਹਰਿਆਣਾ | ੧੮੧੧ | ੦.੦੦ | ੮੮੦੦੦.੦੦ |
| ੯੯ | ਕਿਰਾ: ਦੁਕਾਨਾਂ ਤੇ ਫਲੈਟਸ, | | | |
| | ਯੂ:ਪੀ: ਸਿੱਖ ਮਿਸ਼ਨ | ੧੮੨੦ | ੦.੦੦ | ੨੧੮੮੨.੦੦ |
| ੧੦੦ | S.B. A/c No.੬੫੦੩੮੬੦੦੪੯੦ SBP, | | | |
| | ਬਾਗ ਜਲ੍ਹਿਆਂ ਵਾਲਾ, ਸ੍ਰੀ ਅੰਮ੍ਰਿਤਸਰ | ੨੦੬੪ | ੩੧੧੯੭੫੪੨.੦੦ | ੩੯੭੮੮੬੩੦.੯੦ |
| ੧੦੧ | S.B. A/c No.੭੪੭੯੦੦੦/੦੦੦੦੮੭੩੨ | | | |
| | PNB, ਸਰਾਂਏ, ਸ੍ਰੀ ਅੰਮ੍ਰਿਤਸਰ | ੨੧੫੮ | ੨੦੮੬੫੭੭.੦੦ | ੫੮੯੪੮੧.੦੦ |
| ੧੦੨ | S.B. A/c No.੧੩੧੩੧੦੦੦੦੧੭੯੬੬ HDFC, | | | |
| | ਗੋਲਡਨ ਟੈਂਪਲ, ਸ੍ਰੀ ਅੰਮ੍ਰਿਤਸਰ | ੨੨੧੨ | ੨੭੮੭੦੬੧੨.੦੦ | ੬੭੦੧੯੩੯.੦੦ |
| ੧੦੩ | S.B. A/c No.੨੪੮੦ PSB, ਸਰਾਂਏ | | | |
| | ਸ੍ਰੀ ਅੰਮ੍ਰਿਤਸਰ | ੨੨੫੮ | ੫੪੯੭੪੫੮.੦੦ | ੩੩੮੩੫੩੪੯.੦੦ |
| ੧੦੪ | S.B. A/c No.੨੯੪੯੫ Canara Bank, | | | |
| | ਧਰਮ ਸਿੰਘ ਮਾਰਕੀਟ, ਸ੍ਰੀ ਅੰਮ੍ਰਿਤਸਰ | ੨੩੨੧ | ੧੧੨੭੫੪.੦੦ | ੦.੦੦ |
| ੧੦੫ | S.B. A/c No.੦੦੬੬੦੧੦੦੩੨੩੩ | | | |
| | ICICI Bank, ਮਾਲ ਰੋਡ, ਸ੍ਰੀ ਅੰਮ੍ਰਿਤਸਰ | ੨੪੬੨ | ੧੦੦੦੦੦੦.੦੦ | ੧੧੩੭੭੨੫.੦੦ |
| ੧੦੬ | S.B. A/c No.੯੧੧੦੧੦੦੩੦੩੭੪੬੭੨ | | | |
| | Axis Bank, ਕੋਰਟ ਰੋਡ, ਸ੍ਰੀ ਅੰਮ੍ਰਿਤਸਰ | ੨੩੫੬ | ੪੦੦੦੦੦੦.੦੦ | ੧੦੯੨੯੬੧੪.੦੦ |
| ੧੦੭ | S.B. A/c No. ੦੮੧੧੬੫੫੬੪੨ | | | |
| | ਕੋਟਿਕ ਮਹਿੰਦਰਾ ਬੈਂਕ ਮਾਲ ਰੋਡ | ੨੩੬੫ | ੩੦੭੯੭੩੮.੦੦ | ੦.੦੦ |
| ੧੦੮ | S.B. A/c No. ੦੦੫੬੦੬੦੪੦੧੦੦੦੧੨੬੨੬ ਜੰਮੂ ਐਂਡ ਕਸ਼ਮੀਰ ਬੈਂਕ | | | |
| | ਸ਼ਾਸਤਰੀ ਮਾਰਕੀਟ ਸ੍ਰੀ ਅੰਮ੍ਰਿਤਸਰ | ੨੩੭੧ | ੧੭੯੮੩.੦੦ | ੦.੦੦ |
| ੧੦੯ | F/D A/c ਜੰਮੂ ਐਂਡ ਕਸ਼ਮੀਰ ਬੈਂਕ | | | |
| | ਸ਼ਾਸਤਰੀ ਮਾਰਕੀਟ ਅੰਮ੍ਰਿਤਸਰ | ੨੩੭੩ | ੧੫੦੧੩੪੦੧੭.੦੦ | ੧੪੦੦੦੦੦੦੦.੦੦ |
| ੧੧੦ | ਸੂਦ ਬੈਂਕਾਂ | ੨੩੯੪ | ੦.੦੦ | ੧੦੭੫੦੪੨੯.੦੦ |

| | | | | |
|---|---|---|---|---|
| ੧੧੧ | ਕਮਿਸ਼ਨ ਬੈਂਕਾਂ | ੨੩੯੯ | ੫.੯੦ | ੦.੦੦ |
| ੧੧੨ | ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੪੦੬ | ੨੦੫੩੪.੦੦ | ੦.੦੦ |
| ੧੧੩ | ਜਮਾਨਤਾਂ ਮੁਲਾਜ਼ਮਾਂ | ੨੪੫੨ | ੧੬੦੫੦.੦੦ | ੧੫੦੦੦.੦੦ |
| ੧੧੪ | ਸਿੱਕੇ ਚਾਂਦੀ | ੨੪੩੩ | ੭੮੭੯੬੯.੦੦ | ੭੪੬੩੧੭.੦੦ |
| ੧੧੫ | ਪ੍ਰੋ: ਫੰਡ ਸਟਾਫ਼ | ੨੫੨੪ | ੧੮੧੫੩੬੨.੦੦ | ੧੮੧੫੩੬੨.੦੦ |
| ੧੧੬ | ਆਮਦਨ ਕਰ | ੨੫੭੨ | ੨੪੮੫੦੦.੦੦ | ੩੪੩੦੦੦.੦੦ |
| ੧੧੭ | ਟੀ.ਡੀ.ਐਸ. (ਅਦਾਇਗੀ ਯੋਗ) | ੨੬੧੫ | ੩੮੪੦੬.੦੦ | ੩੩੧੫੮.੦੦ |
| ੧੧੮ | ਅਮਾਨਤ ਕਿਰਾਇਆ ਤੇ ਬਿਜਲੀ | | | |
| | ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੨੬੩੧ | ੬੬੩੮੬.੦੦ | ੬੬੩੮੬.੦੦ |
| ੧੧੯ | ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੨੬੬੪ | ੦.੦੦ | ੮੪੦੦.੦੦ |
| ੧੨੦ | ਅਮਾਨਤ ਸ਼੍ਰੋਮਣੀ ਕਮੇਟੀ | ੨੭੧੨ | ੧੮੮੪੩.੦੦ | ੧੮੮੪੩.੦੦ |
| ੧੨੧ | ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ | | | |
| | ਸ੍ਰੀ ਅਨੰਦਪੁਰ ਸਾਹਿਬ | ੨੭੪੯ | ੦.੦੦ | ੧੨੯੪.੦੦ |
| ੧੨੨ | ਅਮਾਨਤ ਕਿਰਾਇਆ ਗੁ:ਸ੍ਰੀ ਲੱਧੇਵਾਲ ਸਾਹਿਬ | ੨੭੫੩ | ੦.੦੦ | ੪੬੦.੦੦ |
| ੧੨੩ | ਅਮਾਨਤ ਮੁਲਾਜ਼ਮਾਂ ਭਲਾਈ ਪ੍ਰਚਾਰਕ ਸਾਹਿਬਾਨ | ੨੭੬੦ | ੦.੦੦ | ੧੨੫੫.੦੦ |
| ੧੨੪ | ਸੀ. ਜੀ. ਐਸ. ਟੀ. | ੨੮੦੦ | ੪੫੩੮੫.੦੦ | ੦.੦੦ |
| ੧੨੫ | ਐਸ. ਜੀ. ਐਸ. ਟੀ. | ੨੮੧੦ | ੪੫੩੮੫.੦੦ | ੦.੦੦ |
| | ਜੋੜ :- | | ੨੭੬੩੧੯੭੨੫.੯੦ | ੨੭੫੫੭੯੨੬੮.੯੦ |
| | ਹੱਥ ਦੀ ਬਾਕੀ :- | | ੧੦੩੯੦੧੬.੦੦ | ੧੭੭੯੪੭੩.੦੦ |
| | ਕੁਲ ਜੋੜ :- | | ੨੭੭੩੫੮੭੪੧.੯੦ | ੨੭੭੩੫੮੭੪੧.੯੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਸਕੱਤਰ,

ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਟਰੱਸਟ ਫੰਡਜ਼ ਚਿੱਠਾ ਆਮਦਨ/ਖ਼ਰਚ ਮਹੀਨਾ ਜਨਵਰੀ ੨੦੧੯

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ. ੧** | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੪ | ੦ | ੧੩੭੮੦੦੦ |
| ੨ | ਤਨਖ਼ਾਹ ਤੇ ਕਮਿਸ਼ਨ | ੨੧ | ੬੬੯੭੭੯ | ੦ |
| ੩ | ਸਮਾਨ ਤੇ ਫਰਨੀਚਰ | ੨੭ | ੩੩੦੩੦੦ | ੧੦੪੩੫ |
| ੪ | ਪੁਸਤਕਾਂ ਅਖ਼ਬਾਰਾਂ ਤੇ ਰਸਾਲੇ | ੩੭ | ੩੫੨੭ | ੦ |
| ੫ | ਸਫ਼ਰ ਖ਼ਰਚ ਫੁਟਕਲ | ੪੫ | ੯੧੧੪ | ੦ |
| ੬ | ਟੈਲੀਫੋਨ | ੫੦ | ੧੭੬੪ | ੦ |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੭ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੬੦ | ੬੦੦੦ | ੩੧੪੭੦੦੦ |
| ੮ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੬੭ | ੦ | ੨੧੭੬੮ |
| ੯ | ਵਸੂਲਣ ਯੋਗ ਬਿੱਲ ਦੀਆ ਰਕਮਾਂ ਗੁਰਬਾਣੀ ਤੇ ਗੁ:ਲਿਟਰੇਚਰ | ੧੦੧ | ੦ | ੧੭੦੦੪੧੮ |
| ੧੦ | ਤਨਖ਼ਾਹ ਤੇ ਕਮਿਸ਼ਨ | ੧੧੫ | ੭੫੮੮੬੪ | ੦ |
| ੧੧ | ਛਪਾਈ ਗੁ:ਤੇ ਗੁ:ਲਿਟ:ਪਦਛੇਦ ਬੀੜ ਪੁਰਾਤਨ ਇਤਿਹਾਸ ਗ੍ਰੰਥ | ੧੪੧ | ੨੧੮੦੮੪ | ੦ |
| ੧੨ | ਕਾਗਜ਼ | ੧੨੧ | ੩੯੨੫੪੪ | ੦ |
| ੧੩ | ਜਿਲਦਬੰਦੀ | ੧੨੮ | ੩੫੦੦੦ | ੦ |
| ੧੪ | ਤਨਖ਼ਾਹ ਜਿਲਦਬੰਦੀ ਵਿਭਾਗ | ੧੪੫ | ੨੬੪੦੮੩ | ੦ |
| ੧੫ | ਦਰਸ਼ਨ ਭੇਟਾ | ੧੫੦ | ੧੨੫੦੦ | ੦ |
| ੧੬ | ਫੁਟਕਲ ਤੇ ਗੱਡੀ ਸ੍ਰੀ ਪਾਵਨ ਸਰੂਪ | ੧੬੧ | ੮੧੦੯੯ | ੪੧੧੦੦ |
| ੧੭ | ਸਫ਼ਰ ਖ਼ਰਚ | ੧੭੨ | ੧੫੩੫੦ | ੦ |
| ੧੮ | ਟੈਲੀਫੋਨ | ੧੭੭ | ੫੫੪ | ੦ |
| | **ਧਰਮ ਅਰਥ ਅਤੇ ਪੰਥਕ ਭਲਾਈ ਫੰਡ** | | | |
| ੧੯ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੨੯੦ | ੦ | ੧੭੦੦੦੦ |
| ੨੦ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ (ਪੰਥਕ ਭਲਾਈ ਫੰਡ) | ੨੯੯ | ੦ | ੧੦੫੦੦੦ |

| | | | | |
|---|---|---|---|---|
| ੨੧ | ਫੁਟਕਲ ਆਮਦਨ ਸੰਗਤਾਂ ਪਾਸੋਂ | ੩੨੫ | ੦ | ੪੨੦੦੬੦ |
| ੨੨ | ਪੰਥਕ ਭਲਾਈ ਫੰਡ (ਖ਼ਰਚ) | ੩੩੩ | ੧੫੭੫੦ | ੦ |
| ੨੩ | ਧਰਮ ਅਰਥ ਫੰਡ (ਖ਼ਰਚ) | ੩੬੭ | ੧੨੧੨੮੦੦ | ੦ |
| ੨੪ | ਸਫ਼ਰ ਖ਼ਰਚ | ੩੦੭ | ੫੬੬੫ | ੦ |
| | **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੨੫ | ਵੀਜ਼ਾ ਫੀਸ | ੨੫੦ | ੦ | ੪੮੦੦ |
| ੨੬ | ਤਨਖ਼ਾਹ ਸਟਾਫ਼ ਆਦਿ | ੨੬੫ | ੨੪੩੨੭੦ | ੦ |
| ੨੭ | ਸਫ਼ਰ ਖ਼ਰਚ, ਕਾਰ ਖ਼ਰਚ ਗੁ: ਸਾਹਿਬਾਨ | ੨੭੩ | ੨੫੫੦ | ੦ |
| | **ਭਾਈਚਾਰਕ ਸੁਧਾਰ ਫੰਡ** | | | |
| ੨੮ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੧੮੩ | ੦ | ੨੧੪੦੦੦ |
| ੨੯ | ਤਨਖ਼ਾਹ ਸਟਾਫ਼ ਆਦਿ | ੧੯੩ | ੨੭੮੩੮੭ | ੦ |
| | ਜਨਰਲ ਪ੍ਰੋ:ਫੰਡ | | ੦ | ੦ |
| ੩੦ | ਆਮਦਨ | ੨੦੭ | ੦ | ੨੧੦੪੪੯ |
| ੩੧ | ਬੱਚਤ ਹਿਸਾਬ ਨੰ:S ੧੧੫੭੯ (੦੬੩੮੨) | | | |
| | ਸੈਂਟਰਲ ਕ ਅਪ: ਬੈਂਕ | ੨੦੪ | ੧੬੦੮.੩੪ | ੦ |
| | **ਜਨਰਲ ਲੈਜਰ ਨੰ: ੨** | | | |
| | **ਅਮਾਨਤਾਂ** | | | |
| ੩੨ | ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੭ | ੦ | ੩੩੦੦੧ |
| ੩੩ | ਅਮਾਨਤ ਗੁਰਦਵਾਰੇ | ੨੪ | ੧੫੯੧੮੮੮ | ੪੯੫੬੮੦ |
| ੩੪ | ਅਮਾਨਤ ਮੁਲਾਜ਼ਮਾਂ ਤੇ ਜਨਰਲ | ੩੫ | ੯੩੯੭੮੭ | ੩੮੫੫੬੪ |
| ੩੫ | ਅਮਾਨਤ ਐਲ.ਆਈ.ਸੀ. | ੪੬ | ੦ | ੧੫੯੦ |
| ੩੬ | ਅਮਾਨਤ ਕਲਰਕਾਂ/ਸੇਵਾਦਾਰਾਂ (ਭਲਾਈ ਫੰਡ) | ੬੬ | ੦ | ੮੩੯੫੦ |
| ੩੭ | ਅਮਾਨਤ ਸਥਾਪਨਾ ਦਿਵਸ (ਗੁਰਪੁਰਬ) | ੧੦੧ | ੦ | ੪੧੯੩੬ |
| ੩੮ | ਲੈਣ-ਦੇਣ ਧਰਮ ਪ੍ਰਚਾਰ ਕਮੇਟੀ | ੪੦੯ | ੧੦੨੪੧੨੮੬੧ | ੨੪੧੨੮੬੧ |
| ੩੯ | ਲੈਣ-ਦੇਣ ਜਨਰਲ ਬੋਰਡ ਫੰਡ | ੪੦੬ | ੦ | ੨੧੬੦੦੦ |
| ੪੦ | ਅਮਾਨਤ ਪ੍ਰੋਫੈਸ਼ਨਲ ਟੈਕਸ | ੨੫੮ | ੦ | ੩੪੪੦ |
| ੪੧ | ਲੈਣ-ਦੇਣ ਵਿਦਿਆ ਫੰਡ | ੪੧੧ | ੭੨੦੦੦੦ | ੧੦੦੦੦੦ |
| ੪੨ | ਖ਼ਰਚ ਦਫ਼ਤਰ | ੧੧੩ | ੧੭੦੨੦੫੮ | ੦ |
| | **ਜਮਾਨਤਾਂ** | | | |
| ੪੩ | ਜਮਾਨਤ ਮੁਲਾਜ਼ਮਾਂ | ੩੧੮ | ੨੫੦੦੦ | ੫੭੫੦੦ |
| ੪੪ | ਸੂਦ ਜਮਾਨਤਾਂ | ੩੫੯ | ੮੪੦੪੪.੯੫ | ੦ |

| | | | | |
|---|---|---|---|---|
| ੪੫ | ਪੇਸ਼ਗੀ ਜਨਰਲ | ੧੮੯ | ੧੫੯੧੦੦੦ | ੧੮੪੪੪੨੫ |
| ੪੬ | ਪੇਸ਼ਗੀ ਤਨਖ਼ਾਹ | ੨੭੩ | ੧੨੬੦੦੦ | ੯੪੭੩੦ |
| | ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ ਗੁ: ਸਾਹਿਬਾਨ ਦਾ ਗ੍ਰੈਚੁਇਟੀ ਅਤੇ ਛੁੱਟੀਆਂ ਦਾ ਫੰਡ | | ੦ | ੦ |
| ੪੭ | ਵਸੂਲੀ ਦਫ਼ਾ-੮੫ ਗੁ: ਸਾਹਿਬਾਨ ਤੋਂ ਗ੍ਰੈਚੁਇਟੀ ਤੇ ਤਨਖ਼ਾਹ ਰਿਆਇਤੀ ਛੁੱਟੀਆਂ ਦਾ ਫੰਡ | ੧੨੮ | ੭੧੦੦੦੦ | ੧੩੬੦੯੦੦੦ |
| ੪੮ | ਗ੍ਰੈਚੁਇਟੀ ਤੇ ਛੁੱਟੀਆਂ ਦਾ ਸੇਵਾਫਲ ਮੁਲਾਜ਼ਮਾਂ | ੪੨੮ | ੧੪੨੯੧੨੪੪ | ੦ |
| ੪੯ | ਮਿਆਦੀ ਹਿਸਾਬ ਜਨਰਲ ਡਿਪਾਜ਼ਟ ਪ੍ਰੋ. ਫੰਡ | ੩੮੦ | ੫੨੮੬੧੪੧.੭੧ | ੪੩੬੧੦੦੦ |
| ੫੦ | ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ) | ੩੯੫ | ੧੨੯੮ | ੬੨੨੬ |
| | **ਜਨਰਲ ਲੈਜਰ ਨੰ: ੩** | | | |
| | **ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਂਸਰ ਰਲੀਫ ਫੰਡ** | | | |
| ੫੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੫੪ | ੩੭੦੦੦ | ੨੫੭੦੦੦੦ |
| ੫੨ | ਮੁਲਾਜ਼ਮਾਂ ਪਾਸੋਂ ਸਹਾਇਤਾ | ੭੦ | ੦ | ੯੭੭੪ |
| ੫੩ | ਸੰਗਤਾਂ ਪਾਸੋਂ ਸਹਾਇਤਾ | ੬੫ | ੦ | ੧੬੦੦੦ |
| | **ਸ਼ਹੀਦੀ ਫੰਡ** | | | |
| ੫੪ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੯ | ੦ | ੧੩੭੮੯੦੦੦ |
| ੫੫ | ਸਪੈਸ਼ਲ ਕੋਰਟਾਂ ਦੇ ਕੇਸਾਂ ਦੀ ਪੈਰਵੀ ਲਈ | ੧੪ | ੫੯੧੭ | ੦ |
| | **ਜਨਰਲ ਲੈਜਰ ਨੰ: ੪** | | | |
| ੫੬ | ਬੱਚਤ ਹਿਸਾਬ ਨੰ:੨੧੨੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੬੨ | ੧੬੪੨੮੭੧੫ | ੫੩੯੦੭੨੫.੯੫ |
| ੫੭ | ਬੱਚਤ ਹਿਸਾਬ ਨੰ:੧੩੧੩੧੦੦੦੦੯੪੬੭੦ ਬੈਂਕ ਆਫ ਪੰਜਾਬ ਲਿ:ਗੋਲਡਨ ਟੈਂਪਲ | ੮੭ | ੮੦੦੫੦੮੨ | ੪੬੬੮੯੦੭ |
| ੫੮ | ਬੱਚਤ ਹਿਸਾਬ ਨੰ:੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੨੫੩ | ੧੬੮੬੫੯੦੧.੪੪ | ੨੯੯੬੩੦੦.੦੧ |
| ੫੯ | ਬੱਚਤ ਹਿਸਾਬ ਨੰ: ੬੫੦੨੦੭੨੧੭੨੦ ਸਟੇਟ ਬੈਂਕ ਆਫ ਪਟਿਆਲਾ ਜੱਲ੍ਹਿਆਂ ਵਾਲਾ ਬਾਗ, ਅੰਮ੍ਰਿਤਸਰ (ATM) | ੧੯੯ | ੧੧੩੮੯੨੯੫ | ੧੧੩੪੬੮੧੨ |
| ੬੦ | ਬੱਚਤ ਹਿਸਾਬ ਟੂ ਇੰਨ ਵਨ ਨੰ:C.L.S.B.੦੧/੦੧੦੦੬੯ ਕਾਰਪੋਰੇਸ਼ਨ ਬੈਂਕ ਲਾਰੈਂਸ ਰੋਡ (੧੨੦੦੧੭੪) | ੯੯ | ੬੫੧੧.੫੭ | ੦ |
| ੬੧ | ਬੱਚਤ ਹਿਸਾਬ ਨੰ:੩੨੪੪੧ ਪੰਜਾਬ ਨੈਸ਼ਨਲ ਬੈਂਕ | ੨੯੬ | ੫੦੫੦੦੦੦ | ੦ |

| | | | | |
|---|---|---|---|---|
| ੬੨ | ਬੱਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੨੪੬ | ੨੮੯੩੭੭ | ੦ |
| | **ਪ੍ਰੌਵੀਡੈਂਟ ਫੰਡ** | | | |
| ੬੩ | ਪ੍ਰੌਵੀਡੈਂਟ ਫੰਡ | ੭੮ | ੪੦੪੪੧੮੦.੦੧ | ੨੨੯੧੯੩੮੩.੪੧ |
| ੬੪ | ਕਰਜਾ ਪ੍ਰੌਵੀਡੈਂਟ ਫੰਡ | ੧੩੮ | ੦ | ੧੭੫੨੪੦ |
| ੬੫ | ਅਮਾਨਤ ਪ੍ਰੌਵੀਡੈਂਟ ਫੰਡ | ੧੯੩ | ੨੦੯੬੨੬੬ | ੨੦੯੬੨੬੬ |
| ੬੬ | ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਪੰਜਾਬ ਐਂਡ ਸਿੰਧ ਬੈਂਕ ਨਿਵਾਸ ਅਤੇ ਹਾਲ ਬਜਾਰ | ੨੩੭ | ੩੧੯੭.੪੪ | ੧੨੧੯੭.੪੪ |
| ੬੭ | ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਕਾਰਪੋਰੇਸ਼ਨ ਬੈਂਕ ਲਾਰੰਸ ਰੋਡ | ੨੭੧ | ੧੬੯੫ | ੬੫੧੧.੫੭ |
| ੬੮ | ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਸਟੇਟ ਬੈਂਕ ਆਫ ਇੰਡੀਆ | ੩੦੮ | ੧੬੨੧ | ੯੬੨੧ |
| ੬੯ | ਮਿਆਦੀ ਹਿਸਾਬ ਪ੍ਰੌ:ਫੰਡ ਆਈ.ਸੀ.ਆਈ.ਸੀ. ਆਈ ਬੈਂਕ | ੩੫੩ | ੦ | ੯੭੧੮੦੦੦੦ |
| ੭੦ | ਮਿਆਦੀ ਹਿਸਾਬ ਪ੍ਰੌ:ਫੰਡ ਐਚ.ਡੀ.ਐਫ.ਸੀ.ਬੈਂਕ. | ੩੬੬ | ੦ | ੩੭੪੫੧੪੧.੭੧ |
| ੭੧ | ਬੱਚਤ ਹਿਸਾਬ ਪ੍ਰੌ: ਫੰਡ ਸੈਂਟਰਲ ਕੋ-ਅਪਰੇਟਿਵ ਬੈਂਕ | ੨੫੧ | ੧੭੧.੯੭ | ੧੬੦੮.੩੪ |
| | ਜੋੜ:- | | ੧੯੮੨੬੪੮੪੫.੪੩ | ੧੯੮੧੦੩੪੨੧.੪੩ |
| | ਹੱਥ ਦੀ ਬਾਕੀ:- | | ੬੬੭੯੫੨ | ੮੨੯੩੭੬ |
| | ਵੱਡਾ ਜੋੜ:- | | ੧੯੮੯੩੨੭੯੭.੪੩ | ੧੯੮੯੩੨੭੯੭.੪੩ |

ਸਹੀ/-
ਅਕਾਊਂਟੈਂਟ,

ਸਹੀ/-
ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਟਰੱਸਟ ਫੰਡਜ਼ ਚਿੱਠਾ ਆਮਦਨ/ਖ਼ਰਚ ਮਹੀਨਾ ਫਰਵਰੀ ੨੦੧੯

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ. ੧** | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੫ | ੦ | ੨੩੩੦੦੦ |
| ੨ | ਤਨਖ਼ਾਹ ਤੇ ਕਮਿਸ਼ਨ | ੨੨ | ੬੭੪੩੮੪ | ੦ |
| ੩ | ਸਫ਼ਰ ਖ਼ਰਚ ਫੁਟਕਲ | ੪੫ | ੧੫੩੧੦ | ੦ |
| ੪ | ਟੈਲੀਫੋਨ | ੫੦ | ੧੭੬੪ | ੦ |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੫ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੬੦ | ੦ | ੧੦੯੩੦੦੦ |
| ੬ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੬੮ | ੦ | ੨੮੬੪੩ |
| ੭ | ਵਸੂਲਣ ਯੋਗ ਬਿੱਲ ਦੀਆਂ ਰਕਮਾਂ | | | |
| | ਗੁਰਬਾਣੀ ਤੇ ਗੁ:ਲਿਟਰੇਚਰ | ੧੦੨ | ੦ | ੧੮੬੮੯੧੨ |
| ੮ | ਤਨਖ਼ਾਹ ਤੇ ਕਮਿਸ਼ਨ | ੧੧੫ | ੭੩੭੧੯੧ | ੦ |
| ੯ | ਜਿਲਦਬੰਦੀ | ੧੨੮ | ੯੦੮੮੩ | ੫੦੦ |
| ੧੦ | ਤਨਖ਼ਾਹ ਜਿਲਦਬੰਦੀ ਵਿਭਾਗ | ੧੪੫ | ੨੬੩੩੭੦ | ੦ |
| ੧੧ | ਦਰਸ਼ਨ ਭੇਟਾ | ੧੫੦ | ੪੩੭੫੦ | ੦ |
| ੧੨ | ਫੁਟਕਲ ਤੇ ਗੱਡੀ ਸ੍ਰੀ ਪਾਵਨ ਸਰੂਪ | ੧੬੧ | ੯੦੨੧੮ | ੬੨੬੦੦ |
| ੧੩ | ਸਫ਼ਰ ਖ਼ਰਚ | ੧੭੩ | ੧੦੫੦੦ | ੦ |
| | **ਧਰਮ ਅਰਥ ਅਤੇ ਪੰਥਕ ਭਲਾਈ ਫੰਡ** | | | |
| ੧੪ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੨੯੦ | ੦ | ੧੧੪੦੦੦ |
| ੧੫ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | | | |
| | (ਪੰਥਕ ਭਲਾਈ ਫੰਡ) | ੨੯੯ | ੦ | ੧੦੭੦੦੦ |
| ੧੬ | ਫੁਟਕਲ ਆਮਦਨ ਸੰਗਤਾਂ ਪਾਸੋਂ | ੩੨੭ | ੦ | ੩੮੦੨੪੧.੧੬ |
| ੧੭ | ਧਰਮ ਅਰਥ ਫੰਡ (ਖ਼ਰਚ) | ੩੭੧ | ੮੦੯੦੦੦ | ੦ |
| ੧੮ | ਸਫ਼ਰ ਖ਼ਰਚ | ੩੦੭ | ੩੮੧੦ | ੦ |
| | **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੧੯ | ਵੀਜ਼ਾ ਫੀਸ | ੨੫੧ | ੦ | ੨੭੭੫੦੦ |

| | | | | |
|---|---|---|---|---|
| ੨੦ | ਤਨਖ਼ਾਹ ਸਟਾਫ਼ ਆਦਿ | ੨੬੫ | ੨੮੨੩੭੭ | ੦ |
| ੨੧ | ਸਫ਼ਰ ਖ਼ਰਚ, ਕਾਰ ਖ਼ਰਚ ਗੁ: ਸਾਹਿਬਾਨ | ੨੭੩ | ੩੦੩੦ | ੦ |
| | **ਭਾਈਚਾਰਕ ਸੁਧਾਰ ਫੰਡ** | | | |
| ੨੨ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੧੮੪ | ੦ | ੧੦੭੦੦੦ |
| ੨੩ | ਤਨਖ਼ਾਹ ਸਟਾਫ਼ ਆਦਿ | ੧੯੩ | ੨੭੮੩੮੭ | ੦ |
| | **ਜਨਰਲ ਪ੍ਰੋ:ਫੰਡ** | | | |
| ੨੪ | ਸੂਦ | ੨੧੦ | ੦ | ੧੫੧੫੨੨ |
| | **ਜੈ ਸਿੰਘ ਖੋਸਲਾ ਟੱਰਸਟ ਫੰਡਜ਼** | | | |
| ੨੫ | ਸੂਦ ਪਿਛਲੀ ਬੱਚਤ ਵਿੱਚੋਂ ਤੇ ਜੋੜ | ੨੨੫ | ੦ | ੫੪੦ |
| ੨੬ | ਮਿਆਦੀ ਹਿਸਾਬ | ੨੨੬ | ੮੬੫੩ | ੮੧੧੩ |
| | **ਸ੍ਰ: ਬਲਵੰਤ ਸਿੰਘ ਨਲੂਆ ਟਰੱਸਟ ਫੰਡ** | | | |
| ੨੭ | ਸੂਦ ਪਿਛਲੀ ਬੱਚਤ ਵਿੱਚੋਂ ਤੇ ਜੋੜ | ੨੨੮ | ੦ | ੭੭੨ |
| ੨੮ | ਮਿਆਦੀ ਹਿਸਾਬ | ੨੩੧ | ੧੨੩੬੩ | ੧੧੫੯੧ |
| | **ਗਿਆਨੀ ਆਤਮਾ ਸਿੰਘ ਟਰੱਸਟ ਫੰਡ** | | | |
| ੨੯ | ਮਿਆਦੀ ਹਿਸਾਬ | ੨੩੩ | ੧੪੮੩੫ | ੧੩੯੦੯ |
| ੩੦ | ਸੂਦ ਤੇ ਜੋੜ | ੨੩੪ | ੦ | ੯੨੬ |
| | **ਮਾਈ ਖੁਸ਼ਹਾਲ ਕੌਰ ਟਰੱਸਟ ਫੰਡ** | | | |
| ੩੧ | ਮਿਆਦੀ ਹਿਸਾਬ | ੨੩੭ | ੭੪੧੮ | ੬੯੫੫ |
| ੩੨ | ਸੂਦ ਤੇ ਜੋੜ | ੨੩੮ | ੦ | ੪੬੩ |
| | **ਸਵ:ਸ੍ਰ:ਹਰਬੰਸ ਸਿੰਘ ਤੇ ਸਰਦਾਰਨੀ ਹਰਚਰਨ ਕੌਰ ਟਰਸਟ ਫੰਡਜ਼** | | | |
| ੩੩ | ਮਿਆਦੀ ਹਿਸਾਬ | ੨੪੦ | ੯੮੯੦ | ੯੨੭੨ |
| ੩੪ | ਸੂਦ ਤੇ ਜੋੜ | ੨੪੧ | ੦ | ੬੧੮ |
| | **ਸਵ:ਮਾਸਟਰ ਦਲਜੀਤ ਸਿੰਘ ਇੰ:ਫਲਾਇੰਗ ਸਕੁਐਡ ਟਰੱਸਟ ਫੰਡ** | | | |
| ੩੫ | ਸੂਦ ਤੇ ਆਮਦਨ | ੨੪੬ | ੦ | ੨੦੪੫੭ |
| ੩੬ | ਮਿਆਦੀ ਹਿਸਾਬ | ੨੪੩ | ੩੨੭੬੧੪ | ੩੦੭੧੫੭ |
| | **ਜਨਰਲ ਲੈਜਰ ਨੰ: ੨** | | | |
| | **ਅਮਾਨਤਾਂ** | | | |
| ੩੭ | ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੭ | ੦ | ੩੬੨੦੪ |
| ੩੮ | ਅਮਾਨਤ ਗੁਰਦਵਾਰੇ | ੨੫ | ੦ | ੨੬੭੨ |
| ੩੯ | ਅਮਾਨਤ ਮੁਲਾਜ਼ਮਾਂ ਤੇ ਜਨਰਲ | ੩੫ | ੦ | ੩੦੮੪ |

| | | | | |
|---|---|---|---|---|
| ੪੦ | ਅਮਾਨਤ ਐਲ.ਆਈ.ਸੀ. | ੪੭ | ੪੭੭੦ | ੧੫੯੦ |
| ੪੧ | ਅਮਾਨਤ ਕਲਰਕਾਂ/ਸੇਵਾਦਾਰਾਂ (ਭਲਾਈ ਫੰਡ) | ੬੭ | ੦ | ੬੯੧੦੦ |
| ੪੨ | ਅਮਾਨਤ ਸਥਾਪਨਾ ਦਿਵਸ (ਗੁਰਪੁਰਬ) | ੧੦੧ | ੦ | ੨੪੯੬੦੦ |
| ੪੩ | ਲੈਣ ਦੇਣ ਜਨਰਲ ਬੋਰਡ ਫੰਡ | ੪੦੭ | ੨੩੨੯੫੮੯ | ੩੧੯੯੫੩ |
| ੪੪ | ਅਮਾਨਤ ਪ੍ਰੋਫੈਸ਼ਨਲ ਟੈਕਸ | ੨੫੮ | ੦ | ੨੭੬੦ |
| ੪੫ | ਲੈਣ ਦੇਣ ਵਿਦਿਆ ਫੰਡ | ੪੧੨ | ੨੩੫੪੦੪੩ | ੧੭੫੬੬੧੬ |
| ੪੬ | ਖ਼ਰਚ ਦਫ਼ਤਰ | ੧੧੩ | ੧੬੭੮੦੫੪ | ੪੦੦੪੯੭੦ |
| | **ਜਮਾਨਤਾਂ** | | | |
| ੪੭ | ਜਮਾਨਤ ਮੁਲਾਜ਼ਮਾਂ | ੩੨੦ | ੫੦੦੦੦ | ੫੭੫੦੦ |
| ੪੮ | ਸੂਦ ਜਮਾਨਤਾਂ | ੩੬੦ | ੧੨੫੭੪੪.੬ | ੦ |
| ੪੯ | ਜਮਾਨਤ ਠੇਕੇਦਾਰਾਂ | ੩੬੪ | ੧੪੧੬੦੦ | ੦ |
| ੫੦ | ਪੇਸ਼ਗੀ ਜਨਰਲ | ੧੯੨ | ੭੯੨੦੦੦ | ੧੦੯੧੯੦੧ |
| ੫੧ | ਪੇਸ਼ਗੀ ਤਨਖ਼ਾਹ | ੨੭੩ | ੬੦੦੦੦ | ੯੩੦੦੦ |
| | ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ ਗੁ: ਸਾਹਿਬਾਨ ਦਾ ਗ੍ਰੈਚੁਇਟੀ ਅਤੇ ਛੁੱਟੀਆਂ ਦਾ ਫੰਡ | | | |
| ੫੨ | ਵਸੂਲੀ ਦਫ਼ਾ-੮੫ ਗੁ: ਸਾਹਿਬਾਨ ਤੋਂ ਗ੍ਰੈਚੁਇਟੀ ਤੇ ਤਨਖ਼ਾਹ ਰਿਆਇਤੀ ਛੁੱਟੀਆਂ ਦਾ ਫੰਡ | ੧੨੯ | ੦ | ੫੨੦੮੦੦੦ |
| ੫੩ | ਗ੍ਰੈਚੁਇਟੀ ਤੇ ਛੁੱਟੀਆਂ ਦਾ ਸੇਵਾਫਲ ਮੁਲਾਜ਼ਮਾਂ | ੪੨੯ | ੬੭੩੭੬੫੨ | ੦ |
| ੫੪ | ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ) | ੩੯੫ | ੬੨੨੬ | ੧੨੭੬ |
| | **ਜਨਰਲ ਲੈਜਰ ਨੰ: ੩** | | | |
| | **ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਂਸਰ ਰਲੀਫ ਫੰਡ** | | | |
| ੫੫ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੫੪ | ੦ | ੨੧੫੬੦੦੦ |
| ੫੬ | ਮੁਲਾਜ਼ਮਾਂ ਪਾਸੋਂ ਸਹਾਇਤਾ | ੭੦ | ੦ | ੧੫੦੦ |
| ੫੭ | ਸਫ਼ਰ ਖ਼ਰਚ | ੧੭੪ | ੧੫੦੦ | ੦ |
| ੫੮ | ਖ਼ਰਚ ਕੁਦਰਤੀ ਆਫਤਾਂ | ੧੯੩ | ੩੩੪੦੧ | ੦ |
| | **ਸ਼ਹੀਦੀ ਫੰਡ** | | | |
| ੫੯ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੯ | ੦ | ੨੩੨੫੦੦੦ |
| | **ਜਨਰਲ ਲੈਜਰ ਨੰ: ੪** | | | |
| ੬੦ | ਬੱਚਤ ਹਿਸਾਬ ਨੰ:੨੧੨੨ | | | |
| | ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੬੭ | ੪੨੪੯੮੮੦ | ੨੫੧੦੦੪੨.੪੪ |

| | | | | |
|---|---|---|---|---|
| ੬੧ | ਬੱਚਤ ਹਿਸਾਬ ਨੰ:੧੩੧੩੧੦੦੦੦੯੪੬੭੦ | | | |
| | ਬੈਂਕ ਆਫ ਪੰਜਾਬ ਲਿ:ਗੋਲਡਨ ਟੈਂਪਲ | ੨੮੧ | ੫੮੮੯੩੮੩ | ੩੦੪੬੩੫੧ |
| ੬੨ | ਬੱਚਤ ਹਿਸਾਬ ਨੰ:੨ ਪੰਜਾਬ ਐਂਡ | | | |
| | ਸਿੰਧ ਬੈਂਕ ਨਿਵਾਸ | ੨੫੭ | ੧੬੧੩੮੬੭੧.੯੪ | ੨੨੨੬੦੨੨.੨੫ |
| ੬੩ | ਬੱਚਤ ਹਿਸਾਬ ਨੰ: ੬੫੦੨੦੭੨੧੭੨੦ | | | |
| | ਸਟੇਟ ਬੈਂਕ ਆਫ ਪਟਿਆਲਾ ਜੱਲ੍ਹਿਆਂ ਵਾਲਾ ਬਾਗ, | | | |
| | ਅੰਮ੍ਰਿਤਸਰ (ATM) | ੨੦੨ | ੯੪੭੭੪੨੯ | ੫੯੩੬੭੫੨ |
| ੬੪ | ਬੱਚਤ ਹਿਸਾਬ ਨੰ: ੩੨੪੪੧ | | | |
| | ਪੰਜਾਬ ਨੈਸ਼ਨਲ ਬੈਂਕ | ੨੯੬ | ੦ | ੧੭੭੯੫੮੯ |
| ੬੫ | ਬੱਚਤ ਹਿਸਾਬ ਨੰ: ੩੨੪੨੩ | | | |
| | ਪੰਜਾਬ ਨੈਸ਼ਨਲ ਬੈਂਕ | ੨੪੭ | ੬੧੩੫੯੧ | ੦ |
| | **ਪੌਵੀਡੈਂਟ ਫੰਡ** | | | |
| ੬੬ | ਪ੍ਰੋਵੀਡੈਂਟ ਫੰਡ | ੮੩ | ੩੩੮੦੫੯੫.੨੫ | ੧੯੯੯੨੩੫੦.੯੪ |
| ੬੭ | ਕਰਜਾ ਪ੍ਰੋਵੀਡੈਂਟ ਫੰਡ | ੧੩੮ | ੦ | ੧੨੦੦ |
| ੬੮ | ਅਮਾਨਤ ਪ੍ਰੋਵੀਡੈਂਟ ਫੰਡ | ੧੯੫ | ੨੦੯੧੮੪੦ | ੨੦੯੧੮੪੦ |
| ੬੯ | ਬੱਚਤ ਹਿਸਾਬ ਪ੍ਰੋਵੀਡੈਂਟ ਫੰਡ ਪੰਜਾਬ ਐਂਡ | | | |
| | ਸਿੰਧ ਬੈਂਕ ਨਿਵਾਸ ਅਤੇ ਹਾਲ ਬਜ਼ਾਰ | ੨੩੮ | ੯੯੫੯.੯੪ | ੩੧੬੫੯.੯੪ |
| ੭੦ | ਬੱਚਤ ਹਿਸਾਬ ਪ੍ਰੋਵੀਡੈਂਟ ਫੰਡ | | | |
| | ਸਟੇਟ ਬੈਂਕ ਆਫ ਇੰਡੀਆ | ੩੦੮ | ੨੫੫੧ | ੧੩੦੫੧ |
| | **ਜੋੜ:-** | | ੫੯੮੫੩੨੨੭.੭੩ | ੫੯੮੧੪੨੭੫.੭੩ |
| | **ਹੱਥ ਦੀ ਬਾਕੀ:-** | | ੬੨੯੦੦੦ | ੬੬੭੯੫੨ |
| | **ਵੱਡਾ ਜੋੜ:-** | | ੬੦੪੮੨੨੨੭.੭੩ | ੬੦੪੮੨੨੨੭.੭੩ |

**ਸਹੀ/-** **ਸਹੀ/-**

**ਅਕਾਊਂਟੈਂਟ,** **ਸਕੱਤਰ,**

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**